@Qpatrika
@qaumipatrika punjabi
instagram.com/qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪੱਤ੍ਰਿਕਾ
# Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Wednesday, 10 June 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਬੁੱਧਵਾਰ 10 ਜੂਨ 2026, 27 ਜੇਠ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 216, qpatrika@gmail.com ਫੋਨ : 9971359517 www.qaumipatrika.org

## 142 ਕਰੋੜ ਦੀ ਡਰੱਗਜ਼ ਸਮੱਗਲਿੰਗ ਮਾਮਲੇ 'ਚ ਪੱਛਮੀ ਬੰਗਾਲ ਸਮੇਤ 3 ਸੂਬਿਆਂ 'ਚ ਈ. ਡੀ. ਦੇ ਛਾਪੇ

ਨਵੀਂ ਦਿੱਲੀ 9 ਜੂਨ। ਇਨਫੋਰਸਮੈਂਟ ਡਾਇਰੈਕਟੋਰੇਟ (ਈ. ਡੀ.) ਨੇ 142 ਕਰੋੜ ਰੁਪਏ ਦੀ ਡਰੱਗਜ਼ ਸਮੱਗਲਿੰਗ ਨਾਲ ਜੁੜੇ ਮਾਮਲੇ ਦੀ ਜਾਂਚ ਤਹਿਤ ਸੋਮਵਾਰ ਨੂੰ ਵੱਡੀ ਕਾਰਵਾਈ ਕੀਤੀ। ਇਸ ਦੌਰਾਨ ਈਡੀ ਦੀ ਟੀਮ ਵਲੋਂ ਮਿਜ਼ੋਰਮ, ਤ੍ਰਿਪੁਰਾ ਅਤੇ ਪੱਛਮੀ ਬੰਗਾਲ 'ਚ ਕਈ ਥਾਵਾਂ 'ਤੇ ਛਾਪੇ ਮਾਰੇ ਗਏ। ਅਧਿਕਾਰੀਆਂ ਨੇ ਦੱਸਿਆ ਕਿ ਜਿਨ੍ਹਾਂ ਕੰਪਲੈਕਸਾਂ 'ਚ ਛਾਪੇ ਮਾਰੇ ਗਏ, ਉਹ ਭਾਰਤ-ਮਿਆਂਮਾਰ ਅੰਤਰਰਾਸ਼ਟਰੀ ਸਰਹੱਦ (ਮਿਜ਼ੋਰਮ 'ਚ) ਅਤੇ




ਭਾਰਤ-ਬੰਗਲਾਦੇਸ਼ ਅੰਤਰਰਾਸ਼ਟਰੀ ਸਰਹੱਦ (ਤ੍ਰਿਪੁਰਾ 'ਚ) ਦੇ ਨੇੜੇ ਸਥਿਤ ਹਨ। ਅਧਿਕਾਰੀਆਂ ਨੇ ਦੱਸਿਆ ਕਿ ਈ. ਡੀ. ਦਾ ਮਨੀ ਲਾਂਡਰਿੰਗ ਰੋਕੂ ਕਾਨੂੰਨ (ਪੀ. ਐੱਮ. ਐੱਲ. ਏ.) ਤਹਿਤ ਦਰਜ ਮਾਮਲਾ ਨਾਰਕੋਟਿਕਸ ਕੰਟਰੋਲ ਬਿਊਰੋ (ਐੱਨ. ਸੀ. ਬੀ.) ਦੀ ਸ਼ਿਕਾਇਤ 'ਤੇ ਆਧਾਰਿਤ ਹੈ। ਇਹ ਮਾਮਲਾ 21 ਅਗਸਤ, 2025 ਨੂੰ ਤ੍ਰਿਪੁਰਾ 'ਚ 49.10 ਕਿੱਲੋ ਮੈਥਮਫੇਟਾਮਾਈਨ ਅਤੇ 40 ਗ੍ਰਾਮ ਹੈਰੋਇਨ ਦੀ ਜ਼ਬਤੀ ਨਾਲ ਸਬੰਧਤ ਹੈ। ਦੋਸ਼ ਹੈ ਕਿ ਇਕ ਸੰਗਠਿਤ ਸਰਹੱਦ ਪਾਰ ਗਿਰੋਹ ਮਿਜ਼ੋਰਮ ਦੇ ਚੰਫਾਈ-ਜ਼ੋਖਾਵਥਰ ਖੇਤਰ ਦੇ ਰਸਤੇ ਮਿਆਂਮਾਰ ਤੋਂ ਮੈਥਮਫੇਟਾਮਾਈਨ ਦੀ ਸਮੱਗਲਿੰਗ ਕਰ ਕੇ ਤ੍ਰਿਪੁਰਾ 'ਚ ਖਰੀਦਦਾਰਾਂ ਤੱਕ ਪਹੁੰਚਾ ਰਿਹਾ ਸੀ। ਈ. ਡੀ. ਦੀ ਸ਼ੁਰੂਆਤੀ ਜਾਂਚ 'ਚ ਪਤਾ ਲੱਗਾ ਹੈ ਕਿ 142 ਕਰੋੜ ਰੁਪਏ ਦੀ ਡਰੱਗਜ਼ ਮਨੀ ਨੂੰ ਕਈ ਬੈਂਕ ਖਾਤਿਆਂ ਅਤੇ ਫਰਜ਼ੀ ਕੰਪਨੀਆਂ ਜ਼ਰੀਏ ਟਿਕਾਣੇ ਲਾਇਆ ਗਿਆ ਸੀ।

# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪ੍ਰਧਾਨ ਮੰਤਰੀ ਬਣੇ ਹੋਏ 12 ਸਾਲ ! ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵਿਕਾਸ ਕਾਰਜਾਂ ਦੀ ਕੀਤੀ ਸ਼ਲਾਘਾ

ਕੌਮੀ ਪੱਤ੍ਰਿਕਾ
ਸਿੰਮੀ ਕੌਰ ਬੱਬਰ

ਨਵੀਂ ਦਿੱਲੀ 9 ਜੂਨ। ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਦੇ 12 ਸਾਲ ਪੂਰੇ ਹੋਣ 'ਤੇ ਕੇਂਦਰੀ ਮੰਤਰੀ ਅਮਿਤ ਸ਼ਾਹ ਨੇ ਪ੍ਰਧਾਨ ਮੰਤਰੀ ਦੀ ਅਗਵਾਈ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਦੇਸ਼ ਨੇ ਪਹਿਲੀ ਵਾਰ ਗਰੀਬ ਕਲਿਆਣ ਅਤੇ ਬੇਮਿਸਾਲ ਵਿਕਾਸ ਨੂੰ ਇਕੱਠੇ ਸਾਕਾਰ ਹੁੰਦੇ ਦੇਖਿਆ ਹੈ। ਸ਼ਾਹ ਨੇ 'ਐਕਸ' 'ਤੇ ਇਕ ਪੋਸਟ 'ਚ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੀ ਮਿਹਨਤ ਨਾਲ ਇਨ੍ਹਾਂ 12 ਸਾਲਾਂ 'ਚ ਇਕ ਦਿਨ ਵੀ ਛੁੱਟੀ ਲਏ ਬਿਨਾਂ ਦੇਸ਼ ਅਤੇ ਦੇਸ਼ ਵਾਸੀਆਂ ਦੀ ਸੇਵਾ ਕੀਤੀ ਹੈ। ਉਨ੍ਹਾਂ ਕਿਹਾ,"ਮੋਦੀ ਜੀ ਦੀ ਅਗਵਾਈ 'ਚ ਇਨ੍ਹਾਂ 12 ਸਾਲਾਂ 'ਚ ਦੇਸ਼ ਨੇ ਪਹਿਲੀ ਵਾਰ ਗਰੀਬ ਕਲਿਆਣ ਅਤੇ ਬੇਮਿਸਾਲ ਵਿਕਾਸ ਨੂੰ ਸਾਕਾਰ ਹੁੰਦੇ ਦੇਖਿਆ ਹੈ।" ਗ੍ਰਹਿ ਮੰਤਰੀ ਨੇ 80 ਕਰੋੜ ਲੋਕਾਂ ਨੂੰ ਮੁਫ਼ਤ ਰਾਸ਼ਨ, 4 ਕਰੋੜ ਤੋਂ ਵੱਧ ਗਰੀਬ ਪਰਿਵਾਰਾਂ ਨੂੰ ਪੱਕਾ ਘਰ, 50 ਕਰੋੜ ਲੋਕਾਂ ਨੂੰ 5 ਲੱਖ ਰੁਪਏ ਦਾ ਸਿਹਤ ਬੀਮਾ, 10 ਕਰੋੜ ਤੋਂ ਵੱਧ ਪਰਿਵਾਰਾਂ ਨੂੰ ਗੈਸ ਕੁਨੈਕਸ਼ਨ ਦੇਣ ਦਾ ਜ਼ਿਕਰ ਕੀਤਾ। ਉਨ੍ਹਾਂ ਨੇ ਦੇਸ਼ ਭਰ 'ਚ 90 ਤੋਂ ਵੱਧ ਹਵਾਈ ਅੱਡੇ, 140 ਤੋਂ ਵੱਧ ਵੰਦੇ ਭਾਰਤ ਰੇਲ ਗੱਡੀਆਂ ਸ਼ੁਰੂ ਕੀਤੇ ਜਾਣ ਤੋਂ ਇਲਾਵਾ 1.45 ਲੱਖ ਕਿਲੋਮੀਟਰ ਸੜਕਾਂ ਅਤੇ 3,000 ਕਿਲੋਮੀਟਰ ਆਧੁਨਿਕ ਐਕਸਪ੍ਰੈੱਸ ਵੇਅ ਦੇ ਨਿਰਮਾਣ ਦਾ ਵੀ ਜ਼ਿਕਰ ਕੀਤਾ। ਭਾਰਤ ਦੇ ਆਰਥਿਕ ਵਾਧੇ ਦਾ ਹਵਾਲਾ ਦਿੰਦੇ ਹੋਏ ਸ਼ਾਹ ਨੇ ਕਿਹਾ ਕਿ ਦੇਸ਼ ਪ੍ਰਧਾਨ ਮੰਤਰੀ ਦੀ ਅਗਵਾਈ 'ਚ ਵਿਸ਼ਵ ਦੀ ਸਭ ਤੋਂ ਤੇਜ਼ੀ ਨਾਲ ਅੱਗੇ ਵਧਦੀ ਅਰਥਵਿਵਸਥਾ ਬਣ ਗਿਆ ਹੈ। ਗ੍ਰਹਿ ਮੰਤਰੀ ਨੇ ਕਿਹਾ,"ਮੋਦੀ ਜੀ ਨੇ ਆਪਣੀ ਮਿਹਨਤ ਨਾਲ ਇਨ੍ਹਾਂ 12 ਸਾਲਾਂ 'ਚ ਇਕ ਦਿਨ ਵੀ ਛੁੱਟੀ ਲਏ ਬਿਨਾਂ ਦੇਸ਼ ਅਤੇ ਦੇਸ਼ ਵਾਸੀਆਂ ਦੀ ਸੇਵਾ ਕੀਤੀ ਹੈ।" ਉਨ੍ਹਾਂ ਕਿਹਾ ਕਿ ਅਜਿਹੀ ਤਬਦੀਲੀ ਉਦੋਂ ਸੰਭਵ ਹੁੰਦੀ ਹੈ, ਜਦੋਂ ਲੀਡਰਸ਼ਿਪ ਦੀ ਨੀਅਤ ਸਾਫ਼ ਹੋਵੇ, ਟੀਚਾ ਰਾਸ਼ਟਰਹਿੱਤ ਹੋਵੇ ਅਤੇ ਪੂਰਾ ਸਮਰਪਣ ਹੋਵੇ। ਸਾਲ 2024 ਦੀਆਂ ਲੋਕ ਸਭਾ ਚੋਣਾਂ 'ਚ ਇਕ ਹੋਰ ਜਿੱਤ ਤੋਂ ਬਾਅਦ, ਨਰਿੰਦਰ ਮੋਦੀ ਨੇ 9 ਜੂਨ 2024 ਨੂੰ ਲਗਾਤਾਰ ਤੀਜੀ ਵਾਰ ਪ੍ਰਧਾਨ ਮੰਤਰੀ ਅਹੁਦੇ ਦੀ ਸਹੁੰ ਚੁੱਕੀ ਸੀ। ਉਨ੍ਹਾਂ ਨੇ ਪਹਿਲੀ ਵਾਰ 26 ਮਈ 2014 ਨੂੰ ਪ੍ਰਧਾਨ ਮੰਤਰੀ ਅਹੁਦੇ ਦੀ ਸਹੁੰ ਚੁੱਕੀ ਸੀ। ਉਨ੍ਹਾਂ ਦਾ ਦੂਜਾ ਕਾਰਜਕਾਲ 30 ਮਈ 2019 ਨੂੰ ਸ਼ੁਰੂ ਹੋਇਆ ਸੀ।



## ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਨੂੰ ਲੈ ਕੇ ਆਈ ਖੁਸ਼ਖਬਰੀ ! ਹਰਦੀਪ ਪੁਰੀ ਨੇ ਜਾਰੀ ਕੀਤਾ ਬਿਆਨ

ਨਵੀਂ ਦਿੱਲੀ 9 ਜੂਨ। ਇਸ ਵੇਲੇ ਦੇਸ਼ ਭਰ 'ਚ ਪੈਟਰੋਲ ਤੇ ਡੀਜ਼ਲ ਦੀਆਂ ਵਧਦੀਆਂ ਕੀਮਤਾਂ ਨੇ ਖਪਤਕਾਰਾਂ ਨੂੰ ਭਾਰੀ ਝਟਕਾ ਦਿੱਤਾ ਹੈ। ਕਈ ਥਾਵਾਂ 'ਤੇ ਕੀਮਤਾਂ 105 ਰੁਪਏ ਪ੍ਰਤੀ ਲੀਟਰ ਤੋਂ ਪਾਰ ਹੋ ਗਈਆਂ ਹਨ। ਹਾਲਾਂਕਿ, ਇਸ ਦੌਰਾਨ ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਉਮੀਦ ਦੀ ਕਿਰਨ ਪੇਸ਼ ਕਰਦੇ ਹੋਏ ਕਿਹਾ ਕਿ ਆਉਣ ਵਾਲੇ ਮਹੀਨਿਆਂ ਵਿੱਚ ਤੇਲ ਦੀਆਂ ਕੀਮਤਾਂ ਵਿੱਚ ਕਮੀ ਆਉਣ ਦੀ ਉਮੀਦ ਹੈ। ਉਨ੍ਹਾਂ ਟਿੱਪਣੀ ਕੀਤੀ ਕਿ ਤੇਲ ਦੀਆਂ ਕੀਮਤਾਂ ਅਣਮਿੱਥੇ ਸਮੇਂ ਲਈ ਉੱਚੀਆਂ ਨਹੀਂ ਰਹਿ ਸਕਦੀਆਂ ਅਤੇ ਨੇੜਲੇ ਭਵਿੱਖ ਵਿੱਚ ਘਟਣ ਦੀ ਸੰਭਾਵਨਾ ਹੈ। ਇਕ ਇੰਟਰਵਿਊ 'ਚ ਹਰਦੀਪ ਪੁਰੀ ਨੇ ਸਪੱਸ਼ਟ ਕੀਤਾ, ਤੇਲ ਦੀਆਂ ਕੀਮਤਾਂ ਲੰਬੇ ਸਮੇਂ ਤੱਕ ਮੌਜੂਦਾ ਪੱਧਰ 'ਤੇ ਰਹਿਣ ਦੀ ਸੰਭਾਵਨਾ ਨਹੀਂ ਹੈ ਅਤੇ ਆਉਣ ਵਾਲੇ ਮਹੀਨਿਆਂ ਵਿੱਚ ਕੀਮਤਾਂ ਵਿੱਚ ਕਮੀ ਆਉਣ ਦੀ ਉਮੀਦ ਹੈ। ਉਨ੍ਹਾਂ ਦੇ ਬਿਆਨ ਤੋਂ ਬਾਅਦ, ਇਹ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਤੇਲ ਦੀਆਂ ਕੀਮਤਾਂ ਵਿੱਚ ਜਲਦੀ ਹੀ ਕਮੀ ਆ ਸਕਦੀ ਹੈ। ਹਾਲਾਂਕਿ, ਉਨ੍ਹਾਂ ਨੇ ਇਹ ਵੀ ਚਿਤਾਵਨੀ ਦਿੱਤੀ ਕਿ ਜੇਕਰ ਖਾੜੀ ਖੇਤਰ ਵਿੱਚ ਹਾਲਾਤ ਹੋਰ ਵਿਗੜਦੇ ਹਨ ਤਾਂ ਸਥਿਤੀ ਚਿੰਤਾਜਨਕ ਹੋ ਸਕਦੀ ਹੈ। ਉਨ੍ਹਾਂ ਅੱਗੇ ਕਿਹਾ, ਭਾਰਤ ਕੋਲ ਇਸ ਸਮੇਂ 76 ਤੋਂ 80 ਦਿਨਾਂ ਤੱਕ ਚੱਲਣ ਲਈ ਕਾਫ਼ੀ ਤੇਲ ਤੇ ਗੈਸ ਭੰਡਾਰ ਹਨ। ਉਨ੍ਹਾਂ ਇਹ ਵੀ ਉਮੀਦ ਪ੍ਰਗਟਾਈ ਕਿ ਅਮਰੀਕਾ, ਕੈਨੇਡਾ ਤੇ ਪੱਛਮੀ ਗੋਲਿਸਫਾਇਰ ਦੇ ਹੋਰ ਦੇਸ਼ ਕਿਸੇ ਵੀ ਸਪਲਾਈ ਪਾੜੇ ਨੂੰ ਪੂਰਾ ਕਰਨ 'ਚ ਸਹਾਇਤਾ ਕਰਨਗੇ।

## ਤ੍ਰਿਣਮੂਲ ਕਾਂਗਰਸ 'ਚ ਬਗਾਵਤ ਵਿਚਾਲੇ ਮਮਤਾ ਬੈਨਰਜੀ ਨੇ ਸੋਨੀਆ ਗਾਂਧੀ ਨਾਲ ਕੀਤੀ ਮੁਲਾਕਾਤ

ਨਵੀਂ ਦਿੱਲੀ 9 ਜੂਨ। ਇੰਡੀਆ ਗਠਜੋੜ ਦੀ ਮੀਟਿੰਗ 'ਚ ਸਹਿਯੋਗੀਆਂ ਵਿਚਾਲੇ ਏਕਤਾ ਅਤੇ ਬਿਹਤਰ ਤਾਲਮੇਲ 'ਤੇ ਜ਼ੋਰ ਦਿੱਤੇ ਜਾਣ ਦੇ ਇਕ ਦਿਨ ਬਾਅਦ, ਤ੍ਰਿਣਮੂਲ ਕਾਂਗਰਸ ਦੀ ਸੁਪਰੀਮੋ ਮਮਤਾ ਬੈਨਰਜੀ ਨੇ ਮੰਗਲਵਾਰ ਨੂੰ ਕਾਂਗਰਸ ਦੀ ਸੀਨੀਅਰ ਆਗੂ ਸੋਨੀਆ ਗਾਂਧੀ ਨਾਲ ਉਨ੍ਹਾਂ ਦੇ 10, ਜਨਪਥ ਸਥਿਤ ਘਰ ਮੁਲਾਕਾਤ ਕੀਤੀ। ਸੂਤਰਾਂ ਅਨੁਸਾਰ, ਦੋਵਾਂ ਨੇਤਾਵਾਂ ਨੇ ਵਿਰੋਧੀ ਗਠਜੋੜ ਦੀ ਬੈਠਕ ਤੋਂ ਬਾਅਦ ਅਤੇ ਹਾਲ ਹੀ 'ਚ ਬੰਗਾਲ ਚੋਣਾਂ 'ਚ ਭਾਜਪਾ ਤੋਂ ਹਾਰ ਤੋਂ ਬਾਅਦ ਤ੍ਰਿਣਮੂਲ ਮੈਂਬਰਾਂ ਦੇ ਪਾਰਟੀ ਛੱਡਣ ਦੀਆਂ ਘਟਨਾਵਾਂ ਤੋਂ ਬਾਅਦ ਦੋਵੇਂ ਪਾਰਟੀਆਂ ਦੀ ਅੱਗੇ ਦੀ ਰਣਨੀਤੀ 'ਤੇ ਚਰਚਾ ਕੀਤੀ। ਇਹ ਮੁਲਾਕਾਤ ਉਦੋਂ ਹੋਈ, ਜਦੋਂ ਕਾਂਗਰਸ ਸੰਸਦੀ ਦਲ ਦੀ ਪ੍ਰਧਾਨ ਸੋਨੀਆ ਗਾਂਧੀ ਅਤੇ ਮਮਤਾ ਬੈਨਰਜੀ ਨੇ ਸੋਮਵਾਰ ਨੂੰ ਇੱਥੇ ਵਿਰੋਧੀ ਗਠਜੋੜ ਦੀ ਬੈਠਕ 'ਚ ਗਰਮਜੋਸ਼ੀ ਨਾਲ ਗਲੇ ਮਿਲ ਕੇ ਇਕ-ਦੂਜੇ ਦਾ ਸਵਾਗਤ ਕੀਤਾ ਸੀ। ਕਾਂਗਰਸ ਨੇ ਦੋਵਾਂ ਨੇਤਾਵਾਂ ਵਿਚਾਲੇ ਚੰਗੀ ਤਾਲਮੇਲ ਦੀਆਂ ਤਸਵੀਰਾਂ ਸਾਂਝੀਆਂ ਕੀਤੀਆਂ। ਇਹ ਬੈਠਕ ਤ੍ਰਿਣਮੂਲ ਦੇ ਅੰਦਰ ਬਗਾਵਤ ਦੇ ਮਾਹੌਲ 'ਚ ਹੋਈ ਹੈ, ਜਿਸ 'ਚ ਪਾਰਟੀ ਦੇ ਕਈ ਸੰਸਦ ਮੈਂਬਰਾਂ ਨੇ ਵੱਖ ਧਿਰ ਬਣਾਉਣ ਅਤੇ ਸੱਤਾਧਾਰੀ ਐੱਨਡੀਏ ਨਾਲ ਜੁੜਨ ਦਾ ਫੈਸਲਾ ਕੀਤਾ ਹੈ।

## ਨਹੀਂ ਗ੍ਰਿਫ਼ਤਾਰ ਹੋਣਗੇ 'ਖ਼ਾਨ ਸਰ' ! ਅਦਾਲਤ ਨੇ ਲਾਈ ਰੋਕ

ਪਟਨਾ 9 ਜੂਨ। ਪਟਨਾ ਦੀ ਇਕ ਅਦਾਲਤ ਨੇ ਮੰਗਲਵਾਰ ਨੂੰ ਖਾਨ ਗਲੋਬਲ ਸਟੱਡੀਜ਼ ਚਲਾਉਣ ਵਾਲੇ ਫੈਸਲ ਖਾਨ ਉਰਫ਼ 'ਖਾਨ ਸਰ' ਦੀ ਗ੍ਰਿਫ਼ਤਾਰੀ 'ਤੇ ਅਗਲੇ ਹੁਕਮਾਂ ਤੱਕ ਰੋਕ ਲਗਾ ਦਿੱਤੀ। ਉਨ੍ਹਾਂ ਦੇ ਵਕੀਲ ਨੇ ਇਹ ਜਾਣਕਾਰੀ ਦਿੱਤੀ। ਫੈਸਲ ਖਾਨ ਦਾ ਨਾਮ ਇਕ ਐੱਫਆਈਆਰ 'ਚ ਦਰਜ ਹੈ, ਜੋ ਇਕ ਹਫ਼ਤੇ ਪਹਿਲਾ ਹੋਈ ਉਸ ਗੋਲੀਬਾਰੀ ਦੀ ਘਟਨਾ ਨਾਲ ਜੁੜੀ ਹੈ, ਜਿਸ 'ਚ ਉਨ੍ਹਾਂ ਦੇ ਸੁਰੱਖਿਆ ਕਰਮਚਾਰੀਆਂ 'ਤੇ ਗੋਲੀਬਾਰੀ ਕਰਨ ਦਾ ਦੋਸ਼ ਹੈ। ਇਹ ਘਟਨਾ ਉਦੋਂ ਵਾਪਰੀ ਜਦੋਂ ਕੁਝ ਸਮਾਜ ਵਿਰੋਧੀ ਤੱਤਾਂ ਨੇ ਕਥਿਤ ਤੌਰ 'ਤੇ ਖਾਨ ਦੇ ਕੋਚਿੰਗ ਇੰਸਟੀਚਿਊਟ 'ਚ ਭੰਨਤੋੜ ਕੀਤੀ। ਖਾਨ ਸਰ ਦੇ ਵਕੀਲ ਅਰਵਿੰਦ ਕੁਮਾਰ ਮੌਆਰ ਨੇ ਦੱਸਿਆ,ਅਦਾਲਤ ਨੇ ਅਗਲੇ ਹੁਕਮਾਂ ਤੱਕ ਉਨ੍ਹਾਂ ਦੀ ਗ੍ਰਿਫ਼ਤਾਰੀ 'ਤੇ ਰੋਕ ਲਗਾ ਦਿੱਤੀ ਹੈ ਅਤੇ ਅਗਲੀ ਸੁਣਵਾਈ 'ਤੇ ਕੇਸ ਡਾਇਰੀ ਅਤੇ ਪਿਛੋਕੜ ਦੀ ਜਾਣਕਾਰੀ ਪੇਸ਼ ਕਰਾਉਣ ਦੇ ਨਿਰਦੇਸ਼ ਦਿੱਤੇ ਹਨ। ਫੈਸਲ ਖਾਨ ਨੇ ਸੋਮਵਾਰ ਨੂੰ ਅਗਾਊਂ ਜ਼ਮਾਨਤ ਲਈ ਪਟੀਸ਼ਨ ਦਾਇਰ ਕੀਤੀ ਸੀ। ਮੌਆਰ ਨੇ ਕਿਹਾ,ਸਾਰੇ ਤੱਥ ਕਾਨੂੰਨ ਅਨੁਸਾਰ ਅਦਾਲਤ ਦੇ ਸਾਹਮਣੇ ਪੇਸ਼ ਕੀਤੇ ਗਏ ਹਨ। ਅਦਾਲਤ ਵੱਲੋਂ ਕੇਸ ਡਾਇਰੀ ਦੀ ਜਾਂਚ ਕਰਨ ਤੋਂ ਬਾਅਦ ਅੰਤਿਮ ਹੁਕਮ ਪਾਸ ਹੋਣ ਦੀ ਉਮੀਦ ਹੈ। ਉਨ੍ਹਾਂ ਅੱਗੇ ਕਿਹਾ ਕਿ ਅਗਲੀ ਸੁਣਵਾਈ ਦੀ ਤਾਰੀਖ਼ ਅਜੇ ਤੈਅ ਨਹੀਂ ਕੀਤੀ ਗਈ ਹੈ। ਮੌਆਰ ਨੇ ਕਿਹਾ ਕਿ ਅਦਾਲਤ ਨੇ ਵੀਰਵਾਰ ਨੂੰ ਪੁਲਸ ਵੱਲੋਂ ਹਿਰਾਸਤ 'ਚ ਲਏ ਗਏ 2 ਸੁਰੱਖਿਆ ਗਾਰਡਾਂ ਬਾਰੇ ਕੇਸ ਡਾਇਰੀ ਅਤੇ ਪਿਛੋਕੜ ਦੀ ਜਾਣਕਾਰੀ ਵੀ ਮੰਗੀ ਹੈ। ਉਨ੍ਹਾਂ ਕਿਹਾ,ਉਨ੍ਹਾਂ ਦੇ ਮਾਮਲੇ ਦੀ ਸੁਣਵਾਈ ਕੱਲ੍ਹ ਹੋਣੀ ਹੈ। ਸੁਣਵਾਈ ਕੇਸ ਡਾਇਰੀ ਅਦਾਲਤ 'ਚ ਪੇਸ਼ ਹੋਣ ਤੋਂ ਬਾਅਦ ਹੋਵੇਗੀ। ਵਕੀਲ ਦੇ ਅਨੁਸਾਰ, ਫੈਸਲ ਖਾਨ ਨੂੰ ਕਿਸੇ ਵੀ ਸਜ਼ਾਯੋਗ ਕਾਰਵਾਈ ਤੋਂ ਸੁਰੱਖਿਆ ਦਿੱਤੀ ਗਈ ਹੈ ਅਤੇ ਉਹ ਜਾਂਚ ਅਧਿਕਾਰੀਆਂ ਦੁਆਰਾ ਪੁੱਛੇ ਗਏ ਸਾਰੇ ਸਵਾਲਾਂ ਦੇ ਜਵਾਬ ਦੇਣਗੇ। ਜ਼ਿਕਰਯੋਗ ਹੈ ਕਿ ਮੰਗਲਵਾਰ ਰਾਤ ਨੂੰ 15-20 ਲੋਕਾਂ ਦੇ ਇਕ ਸਮੂਹ ਨੇ ਰਾਜ ਦੀ ਰਾਜਧਾਨੀ ਪਟਨਾ 'ਚ ਖਾਨ ਇੰਸਟੀਚਿਊਟ ਆਫ਼ ਗਲੋਬਲ ਸਟੱਡੀਜ਼ 'ਚ ਕਥਿਤ ਤੌਰ 'ਤੇ ਭੰਨਤੋੜ ਕੀਤੀ ਅਤੇ ਕੈਂਪਸ 'ਤੇ ਪੱਥਰਬਾਜ਼ੀ ਕੀਤੀ। ਪੁਲਸ ਨੇ ਵੀਰਵਾਰ ਨੂੰ ਖਾਨ ਸਰ ਦੇ ਕੋਚਿੰਗ ਇੰਸਟੀਚਿਊਟ ਨਾਲ ਜੁੜੇ 2 ਸੁਰੱਖਿਆ ਗਾਰਡਾਂ ਨੂੰ ਮੰਗਲਵਾਰ ਰਾਤ ਨੂੰ ਕਥਿਤ ਤੌਰ 'ਤੇ ਗੋਲੀਬਾਰੀ ਕਰਨ ਦੇ ਦੋਸ਼ 'ਚ ਹਿਰਾਸਤ 'ਚ ਲੈ ਲਿਆ।

# ਅਕਾਲੀ ਦਲ ਨੇ ਕੀਤੀਆਂ ਨਿਯੁਕਤੀਆਂ

ਕੌਮੀ ਪੱਤ੍ਰਿਕਾ
ਨਵਦੀਪ ਸਿੰਘ ਸਾਹਨੀ

ਚੰਡੀਗੜ੍ਹ 9 ਜੂਨ। ਅਕਾਲੀ ਦਲ ਨੇ ਵੱਡਾ ਕਦਮ ਚੁੱਕਦਿਆਂ ਅੱਜ ਵਪਾਰ ਵਿੰਗ ਦੇ 67 ਵੱਖ-ਵੱਖ ਵਿਧਾਨ ਸਭਾ ਹਲਕਿਆਂ ਲਈ ਹਲਕਾ ਮੁਖੀਆਂ ਦਾ ਐਲਾਨ ਕੀਤਾ ਹੈ। ਇਹ ਐਲਾਨ ਉਦਯੋਗ ਅਤੇ ਵਪਾਰ ਵਿੰਗ ਦੇ ਪ੍ਰਧਾਨ ਐਨ.ਕੇ. ਸ਼ਰਮਾ ਨਾਲ ਵਿਚਾਰ-ਵਟਾਂਦਰੇ ਤੋਂ ਬਾਅਦ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਕੀਤਾ ਗਿਆ ਹੈ। ਪਾਰਟੀ ਹੈੱਡਕੁਆਰਟਰ ਤੋਂ ਜਾਣਕਾਰੀ ਦਿੰਦੇ ਹੋਏ, ਸੀਨੀਅਰ ਮੀਤ ਪ੍ਰਧਾਨ ਅਤੇ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਇਨ੍ਹਾਂ 67 ਵਿਧਾਨ ਸਭਾ ਹਲਕਿਆਂ ਵਿਚ ਮਿਹਨਤੀ ਅਤੇ ਸਰਗਰਮ ਕਾਰੋਬਾਰੀ ਆਗੂਆਂ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਬਾਕੀ ਰਹਿੰਦੇ ਹਲਕਾ ਮੁਖੀਆਂ ਦੀ ਵੀ ਨਿਯੁਕਤੀ ਜਲਦੀ ਹੀ ਕੀਤੀ ਜਾਵੇਗੀ। ਨਿਯੁਕਤ ਕੀਤੇ ਗਏ ਹਲਕਾ ਮੁਖੀਆਂ ਵਿਚ ਅਟਾਰੀ ਐੱਸ. ਸੀ. -ਅਮਨ ਕੁਮਾਰ, ਭਕਨਾ ਕਲਾਂ, ਬਾਬਾ ਬਕਾਲਾ (ਐੱਸ.ਸੀ.)- ਕੁਲਵੰਤ ਸਿੰਘ ਰੰਧਾਵਾ, ਅੰਮ੍ਰਿਤਸਰ ਪੱਛਮੀ ਐੱਸ. ਸੀ. - ਰਵੀ ਸ਼ਰਮਾ, ਰਾਮਪੁਰਾ ਫੂਲ- ਗੁਰਤੇਜ ਸਿੰਘ ਚਾਨੀ, ਸਿਰੀਏਵਾਲਾ ਮੌੜ- ਕ੍ਰਿਸ਼ਨ ਕੁਮਾਰ ਡਾਇਲ, ਮੌੜ ਮੰਡੀ, ਭੁੱਚੋ ਮੰਡੀ ਐੱਸ. ਸੀ. ਮਨਮਿੰਦਰ ਸਿੰਘ ਗੋਲਡੀ, ਗੋਨਿਆਣਾ ਮੰਡੀ, ਬਰਨਾਲਾ - ਨੀਰਜ ਗਰਗ, ਭਦੌੜ (ਐੱਸ.ਸੀ.)- ਸੁਰੇਸ਼ ਕੁਮਾਰ, ਤਪਾ ਮੰਡੀ, ਮਹਿਲ ਕਲਾਂ ਐੱਸ. ਸੀ. ਸੰਦੀਪ ਕੁਮਾਰ ਜਲਾਲਾਬਾਦ - ਸੁਭਾਸ਼ ਚੰਦਰ, ਬੱਲੂਆਣਾ ਐੱਸ. ਸੀ. ਬੂਟਾ ਸਿੰਘ, ਝੁਰੜ ਖੇੜਾ, ਸ੍ਰੀ ਫਤਹਿਗੜ੍ਹ ਸਾਹਿਬ-ਪੰਕਜ ਸ਼ਰਮਾ, ਸਰਹਿੰਦ ਬੱਸੀ ਪਠਾਣਾ ਐੱਸ. ਸੀ. ਰਾਜੀਵ ਆਹੂਜਾ, ਖਮਾਣੋਂ, ਗੁਰੂ ਹਰ ਸਹਾਏ - ਪਰਸ਼ੋਤਮ ਲਾਲ ਬਿੱਟੂ ਗਲਹੋਤਰਾ ਫਿਰੋਜ਼ਪੁਰ ਦਿਹਾਤੀ ਐੱਸ. ਸੀ. ਮਹਿੰਦਰਪਾਲ ਢੱਲ, ਤਲਵੰਡੀ ਭਾਈ, ਜ਼ੀਰਾ- ਅਮਨਦੀਪ ਸਿੰਘ ਛਾਬੜਾ, ਜੈਤੋ (ਐੱਸ.ਸੀ.)- ਵਿਨੈ ਕੁਮਾਰ, ਗੁਰਦਾਸਪੁਰ-ਕੁਲਦੀਪ ਮਹਾਜਨ, ਕਾਦੀਆਂ-ਗਗਨਦੀਪ ਭਾਟੀਆ, ਬਟਾਲਾ- ਰਾਜ ਕੁਮਾਰ, ਸ੍ਰੀ ਹਰਗੋਬਿੰਦਪੁਰ (ਐੱਸ.ਸੀ.)-ਮਾਸਟਰ ਵਿਨੋਦ ਬਾਵਾ, ਘੁਮਾਣ, ਦੀਨਾਨਗਰ ਐੱਸ. ਸੀ., ਸੌਰਵ ਸ਼ਰਮਾ ਹੁਸ਼ਿਆਰਪੁਰ, ਜਸਵਿੰਦਰ ਸਿੰਘ, ਛਾਉਣੀ ਕਲਾਂ, ਚੱਬੇਵਾਲ (ਐੱਸ.ਸੀ.)-ਸਰਬਜੀਤ ਸਿੰਘ, ਅਹਿਰਾਣਾ ਟਾਂਡਾ- ਤੇਜਿੰਦਰ ਸਿੰਘ ਸੋਨੂੰ ਜਾਜਾ, ਸ਼ਾਮਚੌਰਾਸੀ ਐੱਸ. ਸੀ. ਆਜ਼ਾਦਜੀਤ ਸਿੰਘ, ਸ਼ੇਰਪੁਰ ਪੱਕਾ ਦਾ ਨਾਂ ਸ਼ਾਮਲ ਹੈ। ਇਸੇ ਤਰ੍ਹਾਂ ਜਲੰਧਰ ਉੱਤਰੀ ਤੋਂ ਰਾਜੇਸ਼ ਸ਼ਰਮਾ, ਜਲੰਧਰ ਵੈਸਟ ਐੱਸ. ਸੀ. ਮਲਜਿੰਦਰ ਸਿੰਘ ਮੱਲ, ਜਲੰਧਰ ਸੈਂਟਰਲ –



ਜਸਪ੍ਰੀਤ ਸਿੰਘ ਜੌਨੀ, ਜਲੰਧਰ ਕੈਂਟ - ਅਮਿਤ ਮੈਣੀ, ਕਪੂਰਥਲਾ- ਵਿੱਕੀ ਅਗਰਵਾਲਸ ਫਗਵਾੜਾ, ਦਿਹਾਤੀ ਐੱਸ. ਸੀ. ਜਸਵਿੰਦਰ ਸਿੰਘ, ਮਲਕਪੁਰ, ਫਗਵਾੜਾ ਸ਼ਹਿਰੀ- ਬਲਜੀਤ ਸਿੰਘ ਵਾਲੀਆ, ਗਿੱਲ ਐੱਸ. ਸੀ. ਪਰਮਦੀਪ ਸਿੰਘ, ਡੇਹਲੋਂ ਜਗਰਾਉਂ (ਐੱਸ.ਸੀ.)-ਹਰਦੇਵ ਸਿੰਘ ਬੌਬੀ, ਆਤਮ ਨਗਰ-ਗੁਣਵੀਰ ਸਿੰਘ ਘਈ, ਦੁੱਗਰੀ ਅਤੇ ਅਰਵਿੰਦ ਸਿੰਘ ਰਿੰਕੂ, ਲੁਧਿਆਣਾ, ਪਾਇਲ ਐੱਸ. ਸੀ. ਰਜਿੰਦਰ ਸਿੰਘ, ਦੋਰਾਹਾ ਲੁਧਿਆਣਾ ਦੱਖਣੀ - ਰਾਵੀ ਸ਼ਰਮਾ, ਲੁਧਿਆਣਾ ਪੱਛਮੀ - ਖੁਸ਼ਪ੍ਰੀਤ ਸਿੰਘ, ਲੁਧਿਆਣਾ ਕੇਂਦਰੀ - ਗੁਰਿੰਦਰ ਸਿੰਘ, ਮਿਲਰ ਗੰਜ, ਬਾਘਾਪੁਰਾਣਾ- ਪਵਨ ਗੋਇਲ, ਮੋਗਾ - ਵਿਨੋਦ ਕੁਮਾਰ, ਨਿਹਾਲ ਸਿੰਘ ਵਾਲਾ ਐੱਸ. ਸੀ. ਮਨੋਜ ਭੱਲਾ, ਮਾਨਸਾ- ਆਸ਼ੂ ਬਾਂਸਲ, ਸਰਦੂਲਗੜ੍ਹ- ਜਤਿੰਦਰ ਜੈਨ ਬੌਬੀ ਬੁਢਲਾਡਾ (ਐੱਸ.ਸੀ.)-ਸ਼ੀਸ਼ਪਾਲ, ਬਰੇਟਾ ਸ੍ਰੀ ਮੁਕਤਸਰ ਸਾਹਿਬ - ਸੁਰਿੰਦਰ ਸਿੰਘ ਕੰਡਾ, ਲੰਬੀ- ਸਤੀਸ਼ ਕਾਲਾ, ਰਾਜਪੁਰਾ- ਰਵੀ ਲੂਥਰਾ, ਨਾਭਾ ਐੱਸ. ਸੀ. ਨਰੇਸ਼ ਕੁਮਾਰ ਗਰਗ, ਪਠਾਨਕੋਟ- ਕਪਿਲ ਭਸੀਨ, ਮੀਰਪੁਰ, ਸੁਜਾਨਪੁਰ - ਸਮੀਰ ਵੇਦ ਭੋਆ ਐੱਸ. ਸੀ. ਸੁਰੇਸ਼ ਕੁਮਾਰ, ਤੰਗੋਸਰ ਰੂਪਨਗਰ- ਮਨਿੰਦਰ ਕੁਮਾਰ ਬਜਰੂੜ, ਸ੍ਰੀ ਅਨੰਦਪੁਰ ਸਾਹਿਬ - ਦਵਿੰਦਰ ਸਿੰਘ ਰਾਣਾ ਲੱਡਾ, ਸ੍ਰੀ ਚਮਕੌਰ ਸਾਹਿਬ (ਐੱਸ.ਸੀ.)- ਜਸਮੀਤ ਸਿੰਘ, ਮੋਰਿੰਡਾ ਬਲਾਚੌਰ- ਹਰਦੇਵ ਸਿੰਘ ਰਾਣਾ ਮੋਹਰ, ਸੰਗਰੂਰ- ਦੀਪਕ ਅਗਰਵਾਲ, ਧੂਰੀ - ਧਰਮਪਾਲ ਗਰਗ, ਦਿੜ੍ਹਬਾ ਐੱਸ. ਸੀ. ਸੁਭਾਸ਼ ਕੁਮਾਰ ਲਹਿਰਾਗਾਗਾ- ਹਰਵਿੰਦਰ ਕੁਮਾਰ ਰਿੰਕੂ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ।

## ਮਕਬੂਜ਼ਾ ਕਸ਼ਮੀਰ 'ਚ ਘਾਤਕ ਹਿੰਸਾ ਲਈ ਪਾਕਿਸਤਾਨ ਨੂੰ ਜ਼ਿੰਮੇਵਾਰ ਠਹਿਰਾਏ ਵਿਸ਼ਵ ਭਾਈਚਾਰਾ : ਭਾਰਤ

ਕੌਮੀ ਪੱਤ੍ਰਿਕਾ

ਨਵੀਂ ਦਿੱਲੀ 9 ਜੂਨ। ਭਾਰਤ ਨੇ ਮੰਗਲਵਾਰ ਨੂੰ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ (ਪੀ.ਓ.ਕੇ.)



ਵਿੱਚ ਲੋਕਾਂ 'ਤੇ ਹੋਈ ਬੇਰਹਿਮੀ ਲਈ ਇਸਲਾਮਾਬਾਦ ਦੀ ਸਖ਼ਤ ਆਲੋਚਨਾ ਕੀਤੀ ਅਤੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਪਾਕਿਸਤਾਨ ਨੂੰ ਉਸਦੇ ਅੱਤਿਆਚਾਰਾਂ ਲਈ ਜ਼ਿੰਮੇਵਾਰ ਠਹਿਰਾਉਣ ਦਾ ਸੱਦਾ ਦਿੱਤਾ। ਭਾਰਤ ਦੀ ਪ੍ਰਤੀਕਿਰਿਆ ਉਨ੍ਹਾਂ ਰਿਪੋਰਟਾਂ ਤੋਂ ਬਾਅਦ ਆਈ ਹੈ ਕਿ ਮਕਬੂਜ਼ਾ ਕਸ਼ਮੀਰ ਦੇ ਕਈ ਇਲਾਕਿਆਂ ਵਿੱਚ ਪ੍ਰਦਰਸ਼ਨਕਾਰੀਆਂ ਵਿਰੁੱਧ ਪੁਲਸ ਕਾਰਵਾਈ ਵਿੱਚ 20 ਤੋਂ ਵੱਧ ਲੋਕ ਕਥਿਤ ਤੌਰ 'ਤੇ ਮਾਰੇ ਗਏ ਸਨ। ਪਾਕਿਸਤਾਨ ਦੀ ਆਲੋਚਨਾ ਕਰਦੇ ਹੋਏ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਇਸਲਾਮਾਬਾਦ ਨੇ ਆਪਣੀਆਂ ਨਾਕਾਮੀਆਂ ਨੂੰ ਛੁਪਾਉਣ ਅਤੇ ਕਥਿਤ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਤੋਂ ਧਿਆਨ ਹਟਾਉਣ ਲਈ ਹਤਾਸ਼ ਕੋਸ਼ਿਸ਼ਾਂ ਕੀਤੀਆਂ ਹਨ। ਉਨ੍ਹਾਂ ਕਿਹਾ, ਇਸ ਸੰਦਰਭ ਵਿੱਚ, ਅਸੀਂ ਲਗਾਤਾਰ ਪਾਕਿਸਤਾਨ ਤੋਂ ਨਿਕਲ ਰਹੀਆਂ ਜਾਅਲੀ ਖ਼ਬਰਾਂ ਅਤੇ ਵੀਡੀਓਜ਼ ਦੇ ਰੁਝਾਨ ਨੂੰ ਦੇਖ ਰਹੇ ਹਾਂ। ਇਹ ਪਾਕਿਸਤਾਨ ਵੱਲੋਂ ਆਪਣੀਆਂ ਅਸਫਲਤਾਵਾਂ ਨੂੰ ਛੁਪਾਉਣ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਤੋਂ ਧਿਆਨ ਭਟਕਾਉਣ ਦੀ ਇੱਕ ਨਿਰਾਸ਼ਾਜਨਕ ਕੋਸ਼ਿਸ਼ ਹੈ। ਜੈਸਵਾਲ ਨੇ ਅੱਗੇ ਕਿਹਾ, ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਗੰਭੀਰ ਪੁਲਿਸ ਬੇਰਹਿਮੀ ਦੀਆਂ ਰਿਪੋਰਟਾਂ ਹਨ, ਜਿਸ ਦੇ ਨਤੀਜੇ ਵਜੋਂ ਕਈ ਪ੍ਰਦਰਸ਼ਨਕਾਰੀਆਂ ਦੀ ਮੌਤ ਅਤੇ ਜ਼ਖਮੀ ਹੋਏ ਹਨ। ਸਾਨੂੰ ਉਮੀਦ ਹੈ ਕਿ ਅੰਤਰਰਾਸ਼ਟਰੀ ਭਾਈਚਾਰਾ ਪਾਕਿਸਤਾਨ ਨੂੰ ਉਸਦੇ ਗਲਤ ਕੰਮਾਂ ਅਤੇ ਵਧੀਕੀਆਂ ਲਈ ਜਵਾਬਦੇਹ ਠਹਿਰਾਏਗਾ। ਉਹ ਇੱਕ ਪ੍ਰੈੱਸ ਬ੍ਰੀਫਿੰਗ ਦੌਰਾਨ ਪੁੱਛੇ ਗਏ ਇੱਕ ਸਵਾਲ ਦਾ ਜਵਾਬ ਦੇ ਰਹੇ ਸਨ।

## ਦੁਨੀਆ ਦੀ ਸਭ ਤੋਂ ਲੰਬੀ ਸੁਰੰਗ ਬਣਾਏਗਾ ਭਾਰਤ ! ਹਾਸਲ ਕੀਤਾ 'ਬ੍ਰੇਕਥਰੂ', ਛੇਤੀ ਪੂਰਾ ਹੋਵੇਗਾ ਨਿਰਮਾਣ

ਮਿਨੀਮਾਰਗ 9 ਜੂਨ। ਦੇਸ਼ ਦੇ ਸਭ ਤੋਂ ਲੰਬੇ ਸਮੇਂ ਤੋਂ ਉਡੀਕੇ ਜਾ ਰਹੇ ਬੁਨਿਆਦੀ ਢਾਂਚੇ ਦੇ ਪ੍ਰਾਜੈਕਟਾਂ 'ਚੋਂ ਇਕ ਜ਼ੋਜਿਲਾ ਸੁਰੰਗ 'ਚ ਮੰਗਲਵਾਰ ਨੂੰ ਇਕ ਧਮਾਕੇ ਤੋਂ ਬਾਅਦ ਅੰਤਿਮ 'ਬ੍ਰੇਕਥਰੂ' (ਆਰ-ਪਾਰ ਰਸਤਾ) ਪ੍ਰਾਪਤ ਕਰ ਲਿਆ ਗਿਆ। ਇਹ ਰਿਕਾਰਡ ਉੱਚਾਈ 'ਤੇ ਸਥਿਤ ਦੁਨੀਆ ਦੀ ਸਭ ਤੋਂ ਲੰਬੀ ਸਿੰਗਲ-ਟਿਊਬ, ਦੋ-ਲੇਨ ਵਾਲੀ ਸੁਰੰਗ ਹੈ ਜੋ ਹੁਣ ਮੁਕੰਮਲ ਹੋਣ ਦੇ ਕਰੀਬ ਹੈ। ਸੁਰੰਗ ਦੇ ਨਿਰਮਾਣ ਕੰਮ 'ਚ 'ਬ੍ਰੇਕਥਰੂ' ਉਸ ਸਥਿਤੀ ਨੂੰ ਕਹਿੰਦੇ ਹਨ, ਜਦੋਂ ਸੁਰੰਗ ਦੀ ਖੋਦਾਈ ਦੋਵਾਂ ਪਾਸਿਓਂ ਪੂਰੀ ਹੋ ਜਾਂਦੀ ਹੈ ਅਤੇ ਸੁਰੰਗ ਦੋਵੇਂ ਪਾਸੇ ਆਰ-ਪਾਰ ਲਈ ਖੁੱਲ੍ਹ ਜਾਂਦੀ ਹੈ। ਅਧਿਕਾਰੀਆਂ ਨੇ ਕਿਹਾ,ਸੁਰੰਗ ਦੇ ਅੰਦਰ ਅੰਤਿਮ 2.5 ਮੀਟਰ ਦੀ ਦੂਰੀ ਨੂੰ ਸਫਲਤਾਪੂਰਵਕ ਪਾਰ ਕਰ ਲਿਆ ਗਿਆ ਹੈ। ਇਸ ਸਫਲਤਾ ਨੇ ਕਸ਼ਮੀਰ ਘਾਟੀ ਅਤੇ ਲੱਦਾਖ ਵਿਚਕਾਰ ਹਰ ਮੌਸਮ 'ਚ ਸੰਪਰਕ (ਆਲ-ਵੈਦਰ ਕਨੈਕਟੀਵਿਟੀ) ਦੇ ਦਹਾਕਿਆਂ ਪੁਰਾਣੇ ਸੁਪਨੇ ਨੂੰ ਹਕੀਕਤ ਦੇ ਨੇੜੇ ਲਿਆ ਦਿੱਤਾ ਹੈ। ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੇ ਰਿਮੋਟ ਦਾ ਬਟਨ ਦਬਾ ਕੇ ਲੱਦਾਖ ਕੇਂਦਰ ਸ਼ਾਸਿਤ ਪ੍ਰਦੇਸ਼ ਦੇ ਮਿਨੀਮਾਰਗ 'ਚ ਸਥਿਤ ਸੁਰੰਗ ਦੇ ਪੂਰਬੀ ਪੋਰਟਲ ਕੋਲ 'ਬ੍ਰੇਕਥਰੂ' ਸਥਾਨ 'ਤੇ ਧਮਾਕਾ ਕੀਤਾ। ਇਸ ਮੌਕੇ ਜੰਮੂ ਅਤੇ ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਅਤੇ ਮੁੱਖ ਮੰਤਰੀ ਉਮਰ ਅਬਦੁੱਲਾ ਵੀ ਮੌਜੂਦ ਸਨ। ਰਾਸ਼ਟਰੀ ਰਾਜਮਾਰਗ ਅਤੇ ਬੁਨਿਆਦੀ ਢਾਂਚਾ ਵਿਕਾਸ ਨਿਗਮ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਹ ਸਫਲਤਾ ਨਿਰਧਾਰਤ ਸਮੇਂ ਤੋਂ ਛੇ ਮਹੀਨੇ ਪਹਿਲਾਂ ਪ੍ਰਾਪਤ ਹੋ ਗਈ ਹੈ। ਅਧਿਕਾਰੀਆਂ ਦੇ ਅਨੁਸਾਰ, ਸੁਰੰਗ ਦੇ ਫਰਵਰੀ 2028 'ਚ ਜਨਤਾ ਲਈ ਖੋਲ੍ਹੇ ਜਾਣ ਦੀ ਉਮੀਦ ਹੈ। ਉਨ੍ਹਾਂ ਨੇ ਅੱਗੇ ਕਿਹਾ ਕਿ ਸਫਲਤਾ ਤੋਂ ਬਾਅਦ, ਸਿਵਲ ਕੰਮਾਂ 'ਚ ਹੋਰ 7-8 ਮਹੀਨੇ ਲੱਗਣਗੇ ਅਤੇ ਉਸ ਤੋਂ ਬਾਅਦ ਬਿਜਲੀ ਦਾ ਕੰਮ ਸ਼ੁਰੂ ਹੋ ਜਾਵੇਗਾ। ਪ੍ਰਾਜੈਕਟ ਦੇ 'ਅਥਾਰਟੀ ਇੰਜੀਨੀਅਰ' ਯੂਸਫ਼ ਇਸ਼ਾਗਪੁਰ ਰਹੀਮਾਬਾਦੀ ਨੇ ਦੱਸਿਆ ਕਿ ਹੁਣ ਤੱਕ ਕੁੱਲ ਕੰਮ ਦਾ ਲਗਭਗ 85 ਫੀਸਦੀ ਪੂਰਾ ਹੋ ਚੁੱਕਾ ਹੈ। ਇਹ ਸੁਰੰਗ 9.5 ਮੀਟਰ ਚੌੜੀ, 7.57 ਮੀਟਰ ਉੱਚੀ ਅਤੇ 13.153 ਕਿਲੋਮੀਟਰ ਲੰਬੀ ਹੈ, ਜੋ ਸਮੁੰਦਰ ਤਲ ਤੋਂ ਲਗਭਗ 11,578 ਫੁੱਟ ਦੀ ਉਚਾਈ 'ਤੇ ਬਣਾਈ ਜਾ ਰਹੀ ਹੈ। ਇਹ ਘੋੜੇ ਦੀ ਨਾਲ ਦੇ ਆਕਾਰ ਦੀ ਸਿੰਗਲ-ਟਿਊਬ, ਦੋ-ਲੇਨ ਵਾਲੀ ਸੜਕ ਸੁਰੰਗ ਹੈ। ਅਧਿਕਾਰੀਆਂ ਨੇ ਕਿਹਾ ਕਿ ਸ਼੍ਰੀਨਗਰ-ਲੇਹ ਰਾਸ਼ਟਰੀ ਰਾਜਮਾਰਗ 'ਤੇ ਸਥਿਤ, ਇਹ ਭੂ-ਰਣਨੀਤਕ ਤੌਰ 'ਤੇ ਮਹੱਤਵਪੂਰਨ ਸੁਰੰਗ ਲੱਦਾਖ ਨੂੰ ਸਾਲ ਭਰ ਸੜਕ ਸੰਪਰਕ ਪ੍ਰਦਾਨ ਕਰੇਗੀ ਅਤੇ ਪਹਿਲੇ ਦੇ 1-1.5 ਘੰਟੇ ਦੇ ਯਾਤਰਾ ਸਮੇਂ ਘਟਾ ਕੇ ਸਿਰਫ਼ 15 ਮਿੰਟ ਕਰ ਦੇਵੇਗੀ। ਚਾਲੂ ਹੋਣ ਤੋਂ ਬਾਅਦ ਇਹ ਸੁਰੰਗ ਖ਼ਤਰਨਾਕ ਜ਼ੋਜਿਲਾ ਦੱਰੇ ਜੋ ਆਰ-ਪਾਰ ਨਾਗਰਿਕਾਂ ਅਤੇ ਫ਼ੌਜ ਆਵਜਾਈ, ਦੋਵਾਂ ਨੂੰ ਸੌਖਾ ਬਣਾਏਗੀ। ਭਾਰੀ ਬਰਫ਼ਬਾਰੀ ਕਾਰਨ ਇਹ ਦੱਰਾ ਆਮ ਤੌਰ 'ਤੇ ਸਰਦੀਆਂ ਦੇ ਤਿੰਨ ਮਹੀਨਿਆਂ ਲਈ ਆਵਾਜਾਈ ਲਈ ਬੰਦ ਰਹਿੰਦਾ ਹੈ।

## ਰਾਜ ਸਭਾ ਉਮੀਦਵਾਰ ਮੀਨਾਕਸ਼ੀ ਦੀ ਨਾਮਜ਼ਦਗੀ ਰੱਦ

ਕੌਮੀ ਪੱਤ੍ਰਿਕਾ

ਨੈਸ਼ਨਲ ਡੈਸਕ 9 ਜੂਨ। ਮੱਧ ਪ੍ਰਦੇਸ਼ 'ਚ ਰਾਜ ਸਭਾ ਚੋਣਾਂ ਤੋਂ ਠੀਕ ਪਹਿਲਾਂ ਕਾਂਗਰਸ ਪਾਰਟੀ ਨੂੰ ਵੱਡਾ ਝਟਕਾ ਲੱਗਾ ਹੈ। ਚੋਣ ਕਮਿਸ਼ਨ ਨੇ



ਪਾਰਟੀ ਦੀ ਉਮੀਦਵਾਰ ਮੀਨਾਕਸ਼ੀ ਨਟਰਾਜਨ ਦਾ ਨਾਮਜ਼ਦਗੀ ਪੱਤਰ ਰੱਦ ਕਰ ਦਿੱਤਾ ਹੈ। ਮਿਲੀ ਜਾਣਕਾਰੀ ਅਨੁਸਾਰ ਨਾਮਜ਼ਦਗੀ ਰੱਦ ਹੋਣ ਦਾ ਮੁੱਖ ਕਾਰਨ ਭਾਰਤੀ ਜਨਤਾ ਪਾਰਟੀ ਵੱਲੋਂ ਦਰਜ ਕਰਵਾਇਆ ਗਿਆ ਇਤਰਾਜ਼ ਹੈ। ਭਾਜਪਾ ਆਗੂ ਕੈਲਾਸ਼ ਵਿਜੇਵਰਗੀਆ ਅਤੇ ਰਾਕੇਸ਼ ਸਿੰਘ ਨੇ ਦੋਸ਼ ਲਾਇਆ ਸੀ ਕਿ ਮੀਨਾਕਸ਼ੀ ਨਟਰਾਜਨ ਨੇ ਆਪਣੇ ਨਾਮਜ਼ਦਗੀ ਹਲਫ਼ਨਾਮੇ 'ਚ ਮਹੱਤਵਪੂਰਨ ਜਾਣਕਾਰੀ ਲੁਕਾਈ ਹੈ। ਭਾਜਪਾ ਅਨੁਸਾਰ ਨਟਰਾਜਨ ਨੇ ਆਪਣੇ ਵਿਰੁੱਧ ਚੱਲ ਰਹੇ ਇੱਕ ਅਪਰਾਧਿਕ ਮਾਮਲੇ ਦਾ ਜ਼ਿਕਰ ਹਲਫ਼ਨਾਮੇ 'ਚ ਨਹੀਂ ਕੀਤਾ ਸੀ। ਭਾਜਪਾ ਦੇ ਇਤਰਾਜ਼ਾਂ ਤੋਂ ਬਾਅਦ ਰਿਟਰਨਿੰਗ ਅਫ਼ਸਰ ਨੇ ਮੀਨਾਕਸ਼ੀ ਨਟਰਾਜਨ ਨੂੰ ਆਪਣਾ ਪੱਖ ਪੇਸ਼ ਕਰਨ ਲਈ ਮੰਗਲਵਾਰ ਸ਼ਾਮ 6 ਵਜੇ ਤੱਕ ਦਾ ਸਮਾਂ ਦਿੱਤਾ ਸੀ। ਸੂਤਰਾਂ ਅਨੁਸਾਰ ਨਟਰਾਜਨ ਵੱਲੋਂ ਦਿੱਤੇ ਗਏ ਸਪਸ਼ਟੀਕਰਨ ਤੋਂ ਰਿਟਰਨਿੰਗ ਅਫ਼ਸਰ ਸੰਤੁਸ਼ਟ ਨਹੀਂ ਹੋਏ, ਜਿਸ ਕਾਰਨ ਉਨ੍ਹਾਂ ਦੀ ਨਾਮਜ਼ਦਗੀ ਨੂੰ ਅਯੋਗ ਕਰਾਰ ਦਿੰਦੇ ਹੋਏ ਰੱਦ ਕਰ ਦਿੱਤਾ ਗਿਆ।

## ਕੁਆਰੇ ਬਾਲਗਾਂ ਵਿਚਾਲੇ ਸਹਿਮਤੀ ਨਾਲ ਬਣੇ ਸੰਬੰਧ ਖ਼ਰਾਬ ਚਰਿੱਤਰ ਸਾਬਿਤ ਕਰਨ ਦਾ ਆਧਾਰ ਨਹੀਂ : ਸੁਪਰੀਮ ਕੋਰਟ

ਕੌਮੀ ਪੱਤ੍ਰਿਕਾ
ਤੇਜਿੰਦਰ ਕੌਰ ਬੱਬਰ

ਨਵੀਂ ਦਿੱਲੀ 9 ਜੂਨ। ਸੁਪਰੀਮ ਕੋਰਟ ਨੇ ਆਪਣੇ ਇਕ ਫੈਸਲੇ 'ਚ ਕਿਹਾ ਕਿ 2 ਕੁਆਰੇ ਬਾਲਗਾਂ ਵਿਚਾਲੇ ਸਹਿਮਤੀ ਨਾਲ ਬਣੇ ਸੰਬੰਧ ਨੂੰ, ਉਸ ਸੰਬੰਧ 'ਚ ਸ਼ਾਮਲ ਲੋਕਾਂ ਦੇ ਚਰਿੱਤਰ ਬਾਰੇ ਪ੍ਰਤੀਕੂਲ ਰਾਏ ਬਣਾਉਣ ਦਾ ਆਧਾਰ ਨਹੀਂ ਬਣਾਇਆ ਜਾ ਸਕਦਾ। ਜਸਟਿਸ ਮੋਹਨ ਅਤੇ ਜੱਜ ਮਨੋਜ ਮਿਸ਼ਰਾ ਦੀ ਬੈਂਚ ਨੇ ਇਹ ਟਿੱਪਣੀ ਤੇਲੰਗਾਨਾ ਰਾਜ ਪੱਧਰੀ ਪੁਲਸ ਭਰਤੀ ਬੋਰਡ ਨੂੰ ਇਕ ਅਜਿਹੇ ਉਮੀਦਵਾਰ ਦੀ ਨਿਯੁਕਤੀ ਦਾ ਨਿਰਦੇਸ਼ ਦਿੰਦੇ ਹੋਏ ਕੀਤੀ, ਜਿਸ ਦਾ ਪੁਲਸ ਕਾਂਸਟੇਬਲ ਅਹੁਦੇ 'ਤੇ ਚੋਣ ਇਕ ਅਸਫ਼ਲ ਪ੍ਰੇਮ ਸੰਬੰਧ ਨਾਲ ਜੁੜੇ ਅਪਰਾਧਕ ਮਾਮਲੇ 'ਚ ਸ਼ਮੂਲੀਅਤ ਕਾਰਨ ਰੱਦ ਕਰ ਦਿੱਤਾ ਗਿਆ ਸੀ। ਬੈਂਚ ਨੇ ਕਿਹਾ,"2 ਕੁਆਰੇ ਬਾਲਗਾਂ ਵਿਚਾਲੇ ਸਹਿਮਤੀ ਨਾਲ ਬਣੇ ਸੰਬੰਧ ਉਸ ਸੰਬੰਧ 'ਚ ਸਾਮਲ ਲੋਕਾਂ ਦੇ ਚਰਿੱਤਰ ਬਾਰੇ ਪ੍ਰਤੀਕੂਲ ਰਾਏ ਬਣਾਉਣ ਦਾ ਆਧਾਰ ਨਹੀਂ ਹੋ ਸਕਦਾ ਅਤੇ ਨਾ ਹੀ ਹੋਣਾ ਚਾਹੀਦਾ। ਅਜਿਹਾ ਕੋਈ ਕਾਨੂੰਨ ਨਹੀਂ ਹੈ, ਜੋ 2 ਕੁਆਰੇ ਬਾਲਗਾਂ ਨੂੰ ਸਹਿਮੀ ਨਾ ਲ ਆਪਣੀ ਪਸੰਦ ਦਾ ਸੰਬੰਧ ਰੱਖਣ ਤੋਂ ਰੋਕਦਾ ਹੈ।" ਅਦਾਲਤ ਨੇ ਉਮੀਦਵਾਰ ਵਲੋਂ ਦਾਇਰ ਅਪੀਲ ਨੂੰ ਮਨਜ਼ੂਰੀ ਦੇ ਦਿੱਤੀ ਅਤੇ ਤੇਲੰਗਾਨਾ ਹਾਈ ਕੋਰਟ ਦੇ ਇਕ ਸਿੰਗਲ ਜੱਜ ਦੇ ਆਦੇਸ਼ ਨੂੰ ਬਰਕਰਾਰ ਰੱਖਿਆ, ਜਿਸ 'ਚ ਸਟਾਈਪੈਂਡਰੀ ਕੈਡੇਟ ਟ?ਰੇਨੀ ਪੁਲਸ ਕਾਂਸਟੇਬਲ ਦੇ ਅਹੁਦੇ 'ਤੇ ਉਸ ਦੀ ਨਿਯੁਕਤੀ 'ਤੇ ਮੁੜ



ਵਿਚਾਰ ਕਰਨ ਦਾ ਨਿਰਦੇਸ਼ ਦਿੱਤਾ ਸੀ। ਤੇਲੰਗਾਨਾ ਰਾਜ-ਪੱਧਰੀ ਪੁਲਸ ਭਰਤੀ ਬੋਰਡ ਨੇ ਉਸ ਦੀ ਨਿਯੁਕਤੀ ਇਸ ਆਧਾਰ 'ਤੇ ਰੱਦ ਕਰ ਦਿੱਤੀ ਸੀ ਕਿ 2014 'ਚ ਉਸ ਖ਼?ਲਾਫ਼ ਵਿਆਹ ਦੇ ਬਹਾਨੇ ਜਬਰ ਜ਼ਿਨਾਹ ਦਾ ਜੋ ਮਾਮਲਾ ਦਰਜ ਕੀਤਾ ਗਿਆ, ਉਹ ਨੈਤਿਕ ਪਤਨ ਨੂੰ ਦਰਸਾਉਂਦਾ ਹੈ। ਇਹ ਮਾਮਲਾ ਇਕ ਗੁਆਂਢੀ ਨਾਲ ਸਬੰਧਾਂ ਨਾਲ ਜੁੜਿਆ ਹੈ ਅਤੇ ਦੋਵਾਂ ਧਿਰਾਂ ਵਿਚਕਾਰ ਸਮਝੌਤਾ ਹੋਣ ਤੋਂ ਬਾਅਦ 2015 'ਚ ਲੋਕ ਅਦਾਲਤ 'ਚ ਇਸ ਦਾ ਨਿਪਟਾਰਾ ਹੋ ਗਿਆ ਸੀ। ਭਾਰਤੀ ਦੰਡ ਸੰਹਿਤਾ (ਆਈਪੀਸੀ) ਦੀ ਧਾਰਾ 376 ਦੇ ਤਹਿਤ ਕੋਈ ਦੋਸ਼ ਦਾਇਰ ਨਹੀਂ ਕੀਤੇ ਗਏ ਸਨ। ਮਾਮਲੇ ਦਾ ਹਵਾਲਾ ਦਿੰਦੇ ਹੋਏ ਸੁਪਰੀਮ ਕੋਰਟ ਨੇ ਨੋਟ ਕੀਤਾ ਕਿ ਅਪੀਲਕਰਤਾ ਅਤੇ ਪੀੜਤਾ ਗੁਆਂਢੀ ਸਨ ਅਤੇ ਲਗਭਗ ਚਾਰ ਸਾਲਾਂ ਤੋਂ ਉਨ੍ਹਾਂ ਵਿਚਾਲੇ ਸੰਬੰਧ ਸਨ। ਬੈਂਚ ਨੇ ਕਿਹਾ,ਹਰ ਰਿਸ਼ਤਾ ਵਿਆਹ 'ਚ ਨਹੀਂ ਬਦਲਦਾ। ਇਸ ਲਈ, ਸਿਰਫ਼ ਇਸ ਲਈ ਕਿ ਰਿਸ਼ਤਾ ਵਿਆਹ 'ਚ ਨਹੀਂ ਬਦਲਿਆ, ਇਹ ਮੰਨਣ ਦਾ ਕੋਈ ਆਧਾਰ ਨਹੀਂ ਹੈ ਕਿ ਇਕ ਧਿਰ ਨੇ ਦੂਜੀ ਧਿਰ ਨੂੰ ਧੋਖਾ ਦਿੱਤਾ ਹੈ। ਬੈਂਚ ਨੇ ਇਹ ਵੀ ਕਿਹਾ,ਜੇਕਰ ਇਹ ਜ਼ਬਰਦਸਤੀ ਜਾਂ ਸਮਝੌਤਾ ਕਰਨ ਲਈ ਮਜਬੂਰ ਕਰਨ ਦੀ ਧਮਕੀ ਦਾ ਮਾਮਲਾ ਹੁੰਦਾ, ਤਾਂ ਪ੍ਰਤੀਵਾਦੀ ਅਨੁਸ਼ਾਸਿਤ ਫੋਰਸ 'ਚ ਨਿਯੁਕਤੀ ਲਈ ਅਪੀਲਕਰਤਾ ਦੀ ਯੋਗਤਾ ਦਾ ਫੈਸਲਾ ਕਰਨ 'ਚ ਜਾਇਜ਼ ਹੁੰਦਾ। ਹਾਲਾਂਕਿ, ਇੱਥੇ ਅਜਿਹਾ ਕੋਈ ਸਬੂਤ ਨਹੀਂ ਹੈ, ਜਿਸ ਤੋਂ ਇਹ ਸਿੱਟਾ ਕੱਢਿਆ ਜਾ ਸਕੇ ਕਿ ਪੀੜਤਾ 'ਤੇ ਸਮਝੌਤਾ ਥੋਪਿਆ ਗਿਆ ਸੀ।" ਸੁਪਰੀਮ ਕੋਰਟ ਨੇ ਕਿਹਾ ਕਿ ਅਪਰਾਧਕ ਨਿਆਂ ਸ਼ਾਸਤਰ 'ਚ, ਜਦੋਂ ਤੱਕ ਕਿਸੇ ਅਦਾਲਤ 'ਚ ਦੋਸ਼ ਸਿੱਧ ਨਹੀਂ ਹੋ ਜਾਂਦਾ, ਉਦੋਂ ਤੱਕ ਨਿਰਦੋਸ਼ ਹੋਣ ਦੀ ਧਾਰਨਾ ਬਣੀ ਰਹਿੰਦੀ ਹੈ।

# ਮੇਲੇ ਤੋਂ ਵਰਗਲਾਈ ਲੜਕੀ ਨਾਲ ਜਬਰ-ਜ਼ਨਾਹ ਦੇ ਦੋਸ਼ਾਂ ਤਹਿਤ ਨੌਜਵਾਨ ਖ਼?ਲਾਫ਼ ਮਾਮਲਾ ਦਰਜ

**ਕੌਮੀ ਪਤ੍ਰਿਕਾ**

ਦੋਰਾਹਾ 9 ਜੂਨ। ਦੋਰਾਹਾ ਖੇਤਰ ਵਿੱਚ ਇੱਕ ਮਾਨਸਿਕ ਤੌਰ 'ਤੇ ਅਸਵਸਥ ਨੌਜਵਾਨ ਲੜਕੀ ਨੂੰ ਮੇਲੇ ਦੌਰਾਨ ਕਥਿਤ ਤੌਰ 'ਤੇ ਵਰਗਲਾ ਕੇ ਆਪਣੇ ਨਾਲ ਲਿਜਾਣ ਅਤੇ ਉਸ ਨਾਲ ਜ਼ਬਰਦਸਤੀ ਸਰੀਰਕ ਸਬੰਧ ਬਣਾਉਣ ਦੇ ਦੋਸ਼ਾਂ ਦਾ ਗੰਭੀਰ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਦੋਰਾਹਾ ਪੁਲਸ ਨੇ ਪਿੰਡ ਮਾਜਰੀ ਦੇ ਇੱਕ ਨੌਜਵਾਨ ਖ਼?ਲਾਫ਼ ਭਾਰਤੀ ਨਿਆਂ ਸੰਹਿਤਾ (ਬੀ.ਐਨ.ਐਸ.) ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਵੱਲੋਂ ਮੁਲਜ਼ਮ ਦੀ ਭਾਲ ਲਈ ਛਾਪੇਮਾਰੀ ਵੀ ਕੀਤੀ ਜਾ ਰਹੀ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਰਾਹਾ ਵਾਸੀ ਤਾਹਿਰ ਹੁਸੈਨ ਨੇ ਦੱਸਿਆ ਕਿ ਉਨ੍ਹਾਂ ਦੇ ਗੁਆਂਢ ਵਿੱਚ ਰਹਿਣ ਵਾਲੇ ਕਿਸ਼ਨ ਕੁਮਾਰ ਅਤੇ ਉਸ ਦੀ ਪਤਨੀ ਦੀ ਕਰੀਬ ਪੰਜ ਤੋਂ ਛੇ ਸਾਲ ਪਹਿਲਾਂ ਮੌਤ ਹੋ ਚੁੱਕੀ ਹੈ। ਉਨ੍ਹਾਂ ਦੇ ਦੋਵੇਂ ਬੱਚੇ, ਇੱਕ ਪੁੱਤਰ ਅਤੇ ਇੱਕ ਧੀ, ਮਾਨਸਿਕ ਤੌਰ 'ਤੇ ਅਸਵਸਥ ਦੱਸੇ ਜਾਂਦੇ ਹਨ। ਸ਼ਿਕਾਇਤਕਰਤਾ ਅਨੁਸਾਰ 21 ਮਈ ਨੂੰ ਸਵੇਰੇ 10:30 ਵਜੇ ਕਰੀਬ ਲੜਕੀ ਲਕਸ਼ਮੀ (ਕਲਪਨਿਕ ਨਾਮ) 29 ਸਾਲ ਦੋਰਾਹਾ ਵਿਖੇ ਲੱਗੇ ਬਾਬਾ ਬੇਰੀ ਸਾਹਿਬ ਦੇ ਸਾਲਾਨਾ ਮੇਲੇ ਵਿੱਚ ਗਈ ਸੀ, ਪਰ ਸ਼ਾਮ ਤੱਕ ਘਰ ਵਾਪਸ ਨਾ ਪਰਤੀ। ਲੜਕੀ ਦੇ ਘਰ ਨਾ ਪਰਤਣ ਕਾਰਨ ਪਰਿਵਾਰਕ ਮੈਂਬਰਾਂ ਅਤੇ ਜਾਣਕਾਰਾਂ ਵੱਲੋਂ ਆਪਣੇ ਪੱਧਰ 'ਤੇ ਉਸ ਦੀ ਭਾਲ ਕੀਤੀ ਗਈ, ਪਰ ਜਦੋਂ ਕੋਈ ਸੁਰਾਗ ਨਾ ਮਿਲਿਆ ਤਾਂ ਦੋਰਾਹਾ ਥਾਣੇ ਵਿੱਚ ਉਸ ਦੀ ਗੁੰਮਸ਼ੁਦਗੀ ਸਬੰਧੀ ਰਿਪੋਰਟ ਦਰਜ ਕਰਵਾਈ ਗਈ। ਇਸ ਤੋਂ ਬਾਅਦ ਵੀ ਪਰਿਵਾਰ ਵੱਲੋਂ ਲਗਾਤਾਰ ਉਸ ਦੀ ਭਾਲ ਜਾਰੀ ਰੱਖੀ ਗਈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਭਾਲ ਦੌਰਾਨ ਉਨ੍ਹਾਂ ਨੂੰ ਜਾਣਕਾਰੀ ਪ੍ਰਾਪਤ ਹੋਈ ਕਿ ਪਿੰਡ ਮਾਜਰੀ ਵਾਸੀ ਕੁਲਦੀਪ ਸਿੰਘ ਪੁੱਤਰ ਚਾਦੀ ਰਾਮ ਕਥਿਤ ਤੌਰ 'ਤੇ ਲੜਕੀ ਨੂੰ ਵਰਗਲਾ ਕੇ ਆਪਣੇ ਨਾਲ ਲੈ ਗਿਆ ਸੀ। ਇਸ ਸੂਚਨਾ ਤੋਂ ਬਾਅਦ ਪਰਿਵਾਰਕ ਮੈਂਬਰਾਂ ਨੇ ਪਿੰਡ ਮਾਜਰੀ ਦੇ ਸਰਪੰਚ ਨਾਲ ਸੰਪਰਕ ਕੀਤਾ ਅਤੇ 26 ਮਈ ਦੀ ਸ਼ਾਮ ਨੂੰ ਲੜਕੀ ਨੂੰ ਉਥੋਂ ਵਾਪਸ ਦੋਰਾਹਾ ਲਿਆਇਆ ਗਿਆ। ਪਰਿਵਾਰ ਵੱਲੋਂ ਕੀਤੀ ਗਈ




ਪੁੱਛਗਿੱਛ ਦੌਰਾਨ ਲੜਕੀ ਨੇ ਦੱਸਿਆ ਕਿ ਮੁਲਜ਼ਮ ਉਸ ਨੂੰ ਮੇਲੇ ਤੋਂ ਕਥਿਤ ਤੌਰ 'ਤੇ ਵਰਗਲਾ ਕੇ ਆਪਣੇ ਨਾਲ ਲੈ ਗਿਆ ਸੀ ਅਤੇ ਆਪਣੇ ਘਰ ਰੱਖਿਆ, ਜਿੱਥੇ ਉਸ ਨਾਲ ਉਸ ਦੀ ਮਰਜ਼ੀ ਤੋਂ ਬਿਨਾਂ ਸਰੀਰਕ ਸਬੰਧ ਬਣਾਏ ਗਏ। ਇਸ ਤੋਂ ਬਾਅਦ ਪਰਿਵਾਰਕ ਮੈਂਬਰਾਂ ਨੇ ਤੁਰੰਤ ਇਸ ਸਬੰਧੀ ਪੁਲਸ ਨੂੰ ਸੂਚਿਤ ਕੀਤਾ ਅਤੇ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ। ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਦੋਰਾਹਾ ਪੁਲਸ ਨੇ ਸ਼ਿਕਾਇਤ ਅਤੇ ਮੁੱਢਲੀ ਜਾਂਚ ਦੇ ਆਧਾਰ 'ਤੇ ਮੁਲਜ਼ਮ ਕੁਲਦੀਪ ਸਿੰਘ ਵਾਸੀ ਪਿੰਡ ਮਾਜਰੀ, ਥਾਣਾ ਸਦਰ ਖੰਨਾ, ਜ਼ਿਲਾ ਲੁਧਿਆਣਾ ਖ਼?ਲਾਫ਼ ਭਾਰਤੀ ਨਿਆਂ ਸੰਹਿਤਾ (ਬੀ.ਐਨ.ਐਸ.) 2023 ਦੀ ਧਾਰਾ 64(1) ਤਹਿਤ ਮਾਮਲਾ ਦਰਜ ਕਰ ਲਿਆ ਹੈ। ਇਸ ਮਾਮਲੇ ਦੀ ਤਫ਼ਤੀਸ਼ ਏ.ਐਸ.ਆਈ. ਸਰਬਜੀਤ ਕੌਰ ਵੱਲੋਂ ਕੀਤੀ ਜਾ ਰਹੀ ਹੈ। ਪੁਲਸ ਅਧਿਕਾਰੀਆਂ ਅਨੁਸਾਰ ਸਾਰੇ ਤੱਥਾਂ, ਬਿਆਨਾਂ ਅਤੇ ਹੋਰ ਸਬੂਤਾਂ ਨੂੰ ਧਿਆਨ ਵਿੱਚ ਰੱਖ ਕੇ ਜਾਂਚ ਅੱਗੇ ਵਧਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮ ਦੀ ਭਾਲ ਜਾਰੀ ਹੈ ਅਤੇ ਜਾਂਚ ਦੌਰਾਨ ਸਾਹਮਣੇ ਆਉਣ ਵਾਲੇ ਤੱਥਾਂ ਦੇ ਆਧਾਰ 'ਤੇ ਅਗਲੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਜੰਮੂ-ਕਸ਼ਮੀਰ ਦੇ ਪੁੰਛ 'ਚ ਇਕ ਦਰਜਨ ਦੁਕਾਨਾਂ ਨੂੰ ਲੱਗੀ ਅੱਗ

ਜੰਮੂ 9 ਜੂਨ। ਜੰਮੂ-ਕਸ਼ਮੀਰ ਦੇ ਪੁੰਛ ਜ਼ਿਲ੍ਹੇ ਵਿੱਚ ਐਤਵਾਰ ਸਵੇਰੇ ਅੱਗ ਲੱਗਣ ਨਾਲ ਲਗਭਗ ਇੱਕ ਦਰਜਨ ਦੁਕਾਨਾਂ ਸੜ ਗਈਆਂ। ਅਧਿਕਾਰੀਆਂ ਨੇ ਇਸ ਘਟਨਾ ਦੀ ਜਾਣਕਾਰੀ ਦਿੱਤੀ। ਹਾਲਾਂਕਿ, ਇਸ ਘਟਨਾ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਅਧਿਕਾਰੀਆਂ ਨੇ ਦੱਸਿਆ ਕਿ ਅੱਗ ਸਵੇਰੇ 5 ਵਜੇ ਦੇ ਕਰੀਬ ਮੁਗਲ ਰੋਡ 'ਤੇ ਸਥਿਤ ਬੁਫਲਿਆਜ਼ ਸੈਂਟਰਲ ਮਾਰਕੀਟ ਵਿੱਚ ਲੱਗੀ। ਉਨ੍ਹਾਂ ਕਿਹਾ ਕਿ ਸਥਾਨਕ ਲੋਕਾਂ ਨੇ ਫੌਜ ਅਤੇ ਸੀਆਰਪੀਐਫ ਜਵਾਨਾਂ ਦੀ ਮਦਦ ਨਾਲ ਅੱਗ ਬੁਝਾਉਣ ਦਾ ਕੰਮ ਸ਼ੁਰੂ ਕੀਤਾ, ਜਿਨ੍ਹਾਂ ਨਾਲ ਬਾਅਦ ਵਿੱਚ ਫਾਇਰਫਾਈਟਰ ਵੀ ਸ਼ਾਮਲ ਹੋ ਗਏ। ਫਾਇਰ ਐਂਡ ਐਮਰਜੈਂਸੀ ਸਰਵਿਸਿਜ਼ ਦੇ ਇੱਕ ਅਧਿਕਾਰੀ ਨੇ ਕਿਹਾ ਕਿ ਅੱਗ 'ਤੇ ਅੱਧੇ ਘੰਟੇ ਦੇ ਅੰਦਰ ਕਾਬੂ ਪਾ ਲਿਆ ਗਿਆ।

# ਹਵੇਲੀਆਂ ਵਿੱਚੋਂ ਨਲਕਿਆਂ ਅਤੇ ਟੋਕਿਆਂ ਦੀਆਂ ਮੋਟਰਾਂ ਚੋਰੀ

**ਕੌਮੀ ਪਤ੍ਰਿਕਾ**

ਦੀਨਾਨਗਰ 9 ਜੂਨ। ਹਲਕਾ ਦੀਨਾਨਗਰ ਦੇ ਪਿੰਡ ਕਲੀਜਪੁਰ ਵਿੱਚ ਚੋਰਾਂ ਨੇ ਤਿੰਨ ਘਰਾਂ ਨੂੰ ਨਿਸ਼ਾਨਾ ਬਣਾਉਂਦਿਆਂ ਕੁੱਲ ਪੰਜ ਮੋਟਰਾਂ ਚੋਰੀ ਕਰ ਲਈਆਂ। ਇਹ ਮੋਟਰਾਂ ਲੋਕਾਂ ਨੇ ਆਪਣੀਆਂ ਹਵੇਲੀਆਂ ਵਿੱਚ ਨਲਕਿਆਂ ਅਤੇ ਪੱਠੇ ਕੁਤਰਨ ਵਾਲੇ ਟੋਕਿਆਂ ਉੱਪਰ ਲਗਾਈਆਂ ਹੋਈਆਂ ਸਨ, ਜਿਨ੍ਹਾਂ ਨੂੰ ਚੋਰ ਬਿਨਾਂ ਕਿਸੇ ਡਰ ਦੇ ਖੋਲ੍ਹ ਕੇ ਲੈ ਗਏ। ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਦੇ ਸਰਪੰਚ ਮਨਜੀਤ ਸਿੰਘ ਨੇ ਦੱਸਿਆ ਕਿ ਚੋਰਾਂ ਨੇ ਓਂਕਾਰ ਸਿੰਘ ਦੀ ਹਵੇਲੀ ਵਿੱਚੋਂ ਟੋਕੇ ਵਾਲੀ ਇੱਕ ਮੋਟਰ ਚੋਰੀ ਕੀਤੀ, ਜਦਕਿ ਪ੍ਰੇਮ ਸਿੰਘ ਫੌਜੀ ਅਤੇ ਨਾਨਕੋ ਪਤਨੀ ਮੱਖਣ ਸਿੰਘ ਦੀ ਹਵੇਲੀ ਵਿੱਚੋਂ ਇੱਕ ਨਲਕੇ ਅਤੇ ਇੱਕ ਟੋਕੇ ਵਾਲੀ ਮੋਟਰ ਸਮੇਤ ਕੁੱਲ ਚਾਰ ਮੋਟਰਾਂ ਚੋਰੀ ਕਰਕੇ ਲੈ ਗਏ। ਸਰਪੰਚ ਨੇ ਦੱਸਿਆ ਕਿ ਇਸ ਚੋਰੀ ਕਾਰਨ ਪੀੜਤ ਪਰਿਵਾਰਾਂ ਨੂੰ 50 ਹਜ਼ਾਰ ਰੁਪਏ ਤੋਂ ਵੱਧ ਦਾ ਨੁਕਸਾਨ ਹੋਇਆ ਹੈ। ਉਨ੍ਹਾਂ ਮੰਗ ਕੀਤੀ ਕਿ ਪੁਲਸ ਚੋਰਾਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਕੇ ਪੀੜਤ ਪਰਿਵਾਰਾਂ ਦੀਆਂ ਮੋਟਰਾਂ ਬਰਾਮਦ ਕਰਵਾਏ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਥਾਣਾ ਪੁਰਾਣਾਸ਼ਾਲਾ ਵਿੱਚ ਸ਼ਿਕਾਇਤ ਦਰਜ ਕਰਵਾ ਦਿੱਤੀ ਗਈ ਹੈ। ਸਰਪੰਚ ਮਨਜੀਤ ਸਿੰਘ ਨੇ ਅਫ਼ਸੋਸ ਜਤਾਉਂਦਿਆਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਪਿੰਡ ਕਲੀਜਪੁਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਹੋਈਆਂ ਚੋਰੀਆਂ ਨੂੰ ਸੁਲਝਾਉਣ ਲਈ ਪੁਲਸ ਵੱਲੋਂ ਲੋੜੀਂਦੀ ਗੰਭੀਰਤਾ ਨਹੀਂ ਦਿਖਾਈ ਗਈ, ਜਿਸ ਕਾਰਨ ਲੋਕਾਂ ਵਿੱਚ ਪੁਲਸ ਪ੍ਰਤੀ ਨਾਰਾਜ਼ਗੀ ਪਾਈ ਜਾ ਰਹੀ ਹੈ।



## 'ਦਾਦੀ ਜਿਊਂਦੀ ਤਾਂ ਦਿਓ ਸਬੂਤ..!', ਬੈਂਕ ਦੀ ਧੱਕੇਸ਼ਾਹੀ ਅੱਗੇ ਬੇਵੱਸ ਹੋਏ ਪੋਤੇ ਨੇ ਜੋ ਕੀਤਾ, ਦੇਖ ਤੁਹਾਡਾ ਵੀ ਭਰ ਆਏਗ

ਨੈਸ਼ਨਲ ਡੈਸਕ 9 ਜੂਨ। ਉੱਤਰ ਪ੍ਰਦੇਸ਼ ਦੇ ਫਾਰੂਖਾਬਾਦ ਜ਼ਿਲ੍ਹੇ ਤੋਂ ਇੱਕ ਅਜਿਹੀ ਤਸਵੀਰ ਸਾਹਮਣੇ ਆਈ ਹੈ ਜਿਸ ਨੇ ਸਰਕਾਰੀ ਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਇੱਕ ਬਜ਼ੁਰਗ ਔਰਤ ਨੂੰ ਉਸਦੇ ਪੋਤੇ ਨੇ ਆਪਣੀ ਪੈਨਸ਼ਨ ਲੈਣ ਲਈ ਇੱਕ ਰੇਹੜੀ 'ਤੇ ਬੈਂਕ ਲਿਜਾਇਆ। ਬਜ਼ੁਰਗ ਔਰਤ ਛੱਤਰੀ ਫੜੀ ਹੋਈ ਰੇਹੜੀ 'ਤੇ ਪਈ ਰਹੀ। ਇਹ ਪੂਰੀ ਘਟਨਾ ਫਤਿਹਗੜ੍ਹ ਖੇਤਰ ਦੀ ਹੈ। ਇਕ ਬਜ਼ੁਰਗ ਔਰਤ ਕਿਸ਼ਨ ਪਿਆਰੀ ਦੇ ਪਤੀ ਦੀ ਮੌਤ 26 ਸਾਲ ਪਹਿਲਾਂ ਹੋ ਗਈ ਸੀ, ਜੋ ਬਿਜਲੀ ਵਿਭਾਗ 'ਚ ਕੰਮ ਕਰਦੇ ਸਨ। ਉਦੋਂ ਤੋਂ ਹੀ ਔਰਤ ਨੂੰ ਪੈਨਸ਼ਨ ਮਿਲ ਰਹੀ ਹੈ। 31 ਮਈ ਨੂੰ ਇੱਕ ਹਾਦਸੇ ਵਿੱਚ ਔਰਤ ਦੀ ਲੱਤ ਟੁੱਟ ਗਈ ਸੀ। ਔਰਤ ਦੇ ਪੋਤੇ ਮਨੂ, ਜੋ ਕਿ ਇੱਕ ਯੂਟਿਊਬਰ ਹੈ। ਉਸਨੇ ਦੱਸਿਆ ਕਿ ਉਹ 4 ਜੂਨ ਨੂੰ ਬੈਂਕ ਗਿਆ ਸੀ ਪਰ ਬੈਂਕ ਮੈਨੇਜਰ ਨੇ ਕਿਹਾ ਕਿ ਖਾਤਾਧਾਰਕ ਨੂੰ ਨਾਲ ਲਿਆਉਣ 'ਤੇ ਹੀ ਅੰਗੂਠਾ ਲਗਵਾ ਕੇ ਪੈਸੇ ਦਿੱਤੇ ਜਾਣਗੇ। ਪੋਤੇ ਨੇ ਦੱਸਿਆ ਕਿ ਐਂਬੂਲੈਂਸ ਦਾ ਪ੍ਰਬੰਧ ਨਹੀਂ ਹੋ ਸਕਿਆ ਅਤੇ ਲੱਤ ਟੁੱਟੀ ਹੋਣ ਕਾਰਨ ਦਾਦੀ ਕਾਰ 'ਚ ਨਹੀਂ ਬੈਠ ਸਕਦੀ ਸੀ। ਇਸ ਲਈ ਮਜਬੂਰ ਹੋ ਕੇ ਉਸ ਨੂੰ ਆਪਣੇ ਪਿਤਾ ਸੰਜੀਵ ਪਾਲ ਦੀ ਰੇਹੜੀ 'ਤੇ ਦਾਦੀ ਨੂੰ ਲਿਟਾ ਕੇ ਬੈਂਕ ਪਹੁੰਚਣਾ ਪਿਆ। ਇਸ ਦੌਰਾਨ ਬਜ਼ੁਰਗ ਮਹਿਲਾ ਧੁੱਪ ਤੋਂ ਬਚਣ ਲਈ ਹੱਥ ਵਿੱਚ ਛਤਰੀ ਫੜੀ ਰੇਹੜੀ 'ਤੇ ਲੇਟੀ ਰਹੀ। ਇਧਰ ਬੈਂਕ ਮੈਨੇਜਰ ਪ੍ਰਵੇਸ਼ ਕੁਮਾਰ ਵਰਮਾ ਨੇ ਇਨ੍ਹਾਂ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਪਰਿਵਾਰ ਨੂੰ ਘਰ ਬੈਠੇ ਭੁਗਤਾਨ ਦਾ ਵਿਕਲਪ ਦਿੱਤਾ ਗਿਆ ਸੀ। ਉਨ੍ਹਾਂ ਦਾਅਵਾ ਕੀਤਾ ਕਿ ਉਨ੍ਹਾਂ ਨੇ ਪਰਿਵਾਰ ਨੂੰ ਇੱਕ-ਦੋ ਦਿਨ ਉਡੀਕ ਕਰਨ ਲਈ ਕਿਹਾ ਸੀ ਤਾਂ ਜੋ ਕਿਸੇ ਕਰਮਚਾਰੀ ਨੂੰ ਘਰ ਭੇਜ ਕੇ ਭੁਗਤਾਨ ਦੀ ਪ੍ਰਕਿਰਿਆ ਪੂਰੀ ਕੀਤੀ ਜਾ ਸਕੇ ਪਰ ਉਹ ਫਿਰ ਵੀ ਔਰਤ ਨੂੰ ਬੈਂਕ ਲੈ ਆਏ।

## ਪੰਜਾਬ 'ਚ ਨਿੱਜੀ ਹਸਪਤਾਲ 'ਤੇ ਹਮਲਾ, ਹੋਇਆ ਵੱਡਾ ਧਮਾਕਾ, ਮਰੀਜ਼ ਵੀ ਗਏ ਕੰਬ

ਗੁਰਦਾਸਪੁਰ 9 ਜੂਨ। ਗੁਰਦਾਸਪੁਰ ਦੇ ਕਸਬਾ ਕਲਾਨੌਰ ਵਿਚ ਮੰਗਲਵਾਰ ਬਾਅਦ ਦੁਪਹਿਰ ਉਸ ਸਮੇਂ ਦਹਿਸ਼ਤ ਦਾ ਮਾਹੌਲ ਬਣ ਗਿਆ ਜਦੋਂ ਬੱਸ ਸਟੈਂਡ ਨੇੜੇ ਸਥਿਤ ਨਿੱਜੀ ਹਸਪਤਾਲ ਦੇ ਐਮਰਜੈਂਸੀ ਵਾਰਡ ਵਿਚ ਇਕ ਅਣਪਛਾਤੇ ਵਿਅਕਤੀ ਵੱਲੋਂ ਸੁੱਟੀ ਕਥਿਤ ਚੀਜ਼ ਨਾਲ ਜ਼ੋਰਦਾਰ ਧਮਾਕਾ ਹੋਇਆ। ਧਮਾਕਾ ਇੰਨਾ ਜ਼ੋਰਦਾਰ ਸੀ ਕਿ ਇਸ ਦੀ ਆਵਾਜ਼ ਦੂਰ-ਦੂਰ ਤੱਕ ਸੁਣਾਈ ਦਿੱਤੀ ਅਤੇ ਹਸਪਤਾਲ ਦੇ ਸ਼ੀਸ਼ੇ ਟੁੱਟ ਗਏ। ਹਾਲਾਂਕਿ ਇਸ ਘਟਨਾ ਵਿਚ ਕਿਸੇ ਜਾਨੀ ਨੁਕਸਾਨ ਦੀ ਸੂਚਨਾ ਨਹੀਂ ਮਿਲੀ ਅਤੇ ਵੱਡਾ ਹਾਦਸਾ ਹੋਣ ਤੋਂ ਟਲ ਗਿਆ। ਘਟਨਾ ਤੋਂ ਬਾਅਦ ਇਲਾਕੇ ਵਿਚ ਹੜਕੰਪ ਮਚ ਗਿਆ ਅਤੇ ਲੋਕਾਂ ਵਿਚ ਦਹਿਸ਼ਤ ਦਾ ਮਾਹੌਲ ਬਣ ਗਿਆ। ਮੌਕੇ 'ਤੇ ਮੌਜੂਦ ਲੋਕਾਂ ਅਤੇ ਨੇੜਲੇ ਦੁਕਾਨਦਾਰਾਂ ਨੇ ਦੱਸਿਆ ਕਿ ਧਮਾਕਾ ਬਹੁਤ ਤੇਜ਼ ਸੀ, ਜਿਸ ਕਾਰਨ ਆਲੇ-ਦੁਆਲੇ ਦੇ ਲੋਕ ਘਰਾਂ




ਅਤੇ ਦੁਕਾਨਾਂ ਤੋਂ ਬਾਹਰ ਨਿਕਲ ਆਏ। ਘਟਨਾ ਦੀ ਸੂਚਨਾ ਮਿਲਦਿਆਂ ਹੀ ਡੀਐੱਸਪੀ ਅਮੋਲਕ ਸਿੰਘ ਕਾਹਲੋਂ, ਐੱਸਐੱਚਓ ਜਤਿੰਦਰਪਾਲ ਸਿੰਘ ਅਤੇ ਹੋਰ ਪੁਲਸ ਅਧਿਕਾਰੀ ਪੁਲਸ ਫੋਰਸ ਸਮੇਤ ਮੌਕੇ 'ਤੇ ਪੁੱਜੇ। ਇਸ ਦੇ ਨਾਲ ਹੀ ਐੱਸਐੱਸਪੀ ਗੁਰਦਾਸਪੁਰ ਵੀ ਘਟਨਾ ਸਥਾਨ 'ਤੇ ਪਹੁੰਚ ਕੇ ਸੁਰੱਖਿਆ ਪ੍ਰਬੰਧਾਂ ਅਤੇ ਜਾਂਚ ਕਾਰਵਾਈ ਦਾ ਜਾਇਜ਼ਾ ਲਿਆ। ਪੁਲਸ ਵੱਲੋਂ ਹਸਪਤਾਲ ਅਤੇ ਆਸ-ਪਾਸ ਦੇ ਖੇਤਰ ਨੂੰ ਘੇਰ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਮੁੱਢਲੀ ਜਾਂਚ ਦੌਰਾਨ ਨੇੜਲੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ, ਜਿਸ ਵਿਚ ਇਕ ਸ਼ੱਕੀ ਵਿਅਕਤੀ ਦੀ ਤਸਵੀਰ ਸਾਹਮਣੇ ਆਉਣ ਦੀ ਜਾਣਕਾਰੀ ਮਿਲੀ ਹੈ। ਪੁਲਸ ਵੱਲੋਂ ਵੱਖ-ਵੱਖ ਪਹਿਲੂਆਂ ਤੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਹਮਲਾਵਰ ਦੀ ਪਛਾਣ ਕਰਨ ਦੇ ਯਤਨ ਜਾਰੀ ਹਨ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਘਟਨਾ ਦੇ ਸਹੀ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਕੀਤੀ ਜਾ ਰਹੀ ਹੈ ਅਤੇ ਜਲਦ ਹੀ ਦੋਸ਼ੀ ਨੂੰ ਕਾਬੂ ਕਰ ਲਿਆ ਜਾਵੇਗਾ।

## ਮਾਸ ਖਾਣ ਤੋਂ ਇਨਕਾਰ ਕਰਨ 'ਤੇ ਨੌਜਵਾਨ 'ਤੇ ਚਾਕੂਆਂ ਨਾਲ ਹਮਲਾ, ਹਾਲਤ ਗੰਭੀਰ

ਵੈੱਬ ਡੈਸਕ 9 ਜੂਨ। ਉੱਤਰ ਪ੍ਰਦੇਸ਼ ਦੇ ਹਾਪੁੜ ਜ਼ਿਲ੍ਹੇ ਵਿਚ ਸ਼ੁੱਕਰਵਾਰ ਦੇਰ ਰਾਤ ਇਕ ਨੌਜਵਾਨ ਉੱਤੇ ਹੋਏ ਜਾਨਲੇਵਾ ਹਮਲੇ ਨਾਲ ਇਲਾਕੇ ਵਿਚ ਤਣਾਅ ਦਾ ਮਾਹੌਲ ਬਣਾ ਗਿਆ ਹੈ। ਘਟਨਾ ਬਹਾਦਰਗੜ੍ਹ ਥਾਣਾ ਇਲਾਕੇ ਵਿਚ ਰਾਤੀ ਤਕਰੀਬਨ 10:30 ਵਜੇ ਦੀ ਦੱਸੀ ਜਾ ਰਹੀ ਹੈ, ਜਿਥੇ ਕੁਝ ਨੌਜਵਾਨਾਂ ਵੱਲੋਂ ਇਕ ਵਿਅਕਤੀ ਉੱਤੇ ਹਮਲਾ ਕਰਨ ਦਾ ਦੋਸ਼ ਹੈ। ਦੱਸਿਆ ਜਾ ਰਿਹਾ ਹੈ ਕਿ ਨੌਜਵਾਨ ਉੱਤੇ ਹਮਲਾ ਇਸ ਲਈ ਕੀਤਾ ਗਿਆ ਕਿਉਂਕਿ ਉਸ ਨੂੰ ਜ਼ਬਰਦਸਤੀ ਮਾਸ ਖਵਾਇਆ ਜਾ ਰਿਹਾ ਸੀ ਤੇ ਉਸ ਨੇ ਇਨਕਾਰ ਕਰ ਦਿੱਤਾ। ਜਾਣਕਾਰੀ ਮੁਤਾਬਕ ਪੀੜਤ ਨੌਜਵਾਨ ਦੀਪਾਂਸ਼ੂ ਉੱਤੇ 4-5 ਲੋਕਾਂ ਨੇ ਅਚਾਨਕ ਹਮਲਾ ਕਰ ਦਿੱਤਾ। ਦੋਸ਼ ਹੈ ਕਿ ਵਿਵਾਦ ਦੌਰਾਨ ਹਮਲਾਵਰਾਂ ਨੇ ਉਸ ਦੇ ਚਿਹਰੇ ਤੇ ਛਾਤੀ ਉੱਤੇ ਚਾਕੂ ਨਾਲ ਕਈ ਵਾਰ ਕੀਤੇ, ਜਿਸ ਨਾਲ ਉਹ ਗੰਭੀਰ ਰੂਪ ਵਿਚ ਜ਼ਖਮੀ ਹੋ ਗਿਆ। ਘਟਨਾ ਤੋਂ ਬਾਅਦ ਹਮਲਾਵਰ ਮੌਕੇ ਤੋਂ ਫਰਾਰ ਹੋ ਗਏ। ਸਥਾਨਕ ਲੋਕਾਂ ਨੇ ਜ਼ਖਮੀ ਨੌਜਵਾਨ ਨੂੰ ਤੁਰੰਤ ਨੇੜੇ ਦੇ ਹਸਪਤਾਲ ਦਾਖਲ ਕਰਵਾਇਆ, ਜਿਥੇ ਉਸ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ ਤੇ ਉਸ ਦਾ ਇਲਾਜ ਜਾਰੀ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਮੌਕੇ ਉੱਤੇ ਪਹੁੰਚੀ ਤੇ ਜਾਂਚ ਸ਼ੁਰੂ ਕਰ ਦਿੱਤੀ। ਸ਼ੁਰੂਆਤੀ ਜਾਂਚ ਵਿਚ ਪੁਲਸ ਨੇ ਲੋਕਾਂ ਤੋਂ ਪੁੱਛਗਿੱਛ ਕੀਤੀ ਤੇ ਘਟਨਾ ਵਾਲੀ ਥਾਂ ਦਾ ਨਿਰੀਖਣ ਕੀਤਾ। ਪੁਲਸ ਵੱਲੋਂ ਦਰਜ ਮਾਮਲੇ ਵਿਚ ਦੋ ਮੁਲਜ਼ਮਾਂ ਅਰਮਾਨ ਤੇ ਫੈਜਾਨ ਨੂੰ ਨਾਮਜ਼ਦ ਕੀਤਾ ਗਿਆ ਹੈ ਤੇ ਹੋਰ ਅਣਪਛਾਤੇ ਲੋਕਾਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਇਸ ਦੌਰਾਨ ਸਥਾਨਕ ਪ੍ਰਸ਼ਾਸਨ ਨੇ ਕਿਹਾ ਹੈ ਕਿ ਮਾਮਲੇ ਦੇ ਸਬੰਧ ਵਿਚ ਅਫਵਾਹਾਂ ਫੈਲਾਉਣ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

## ਮਹਿਤਪੁਰ ਵਿਖੇ ਲੁੱਟਾਂ-ਖੋਹਾਂ, ਚੋਰੀਆਂ ਤੇ ਗੁੰਡਾਗਰਦੀ ਦਾ ਨੰਗਾ ਨਾਚ

ਮਹਿਤਪੁਰ 9 ਜੂਨ। ਪਿਛਲੇ ਦਿਨਾਂ ਤੋਂ ਮਹਿਤਪੁਰ ਦੇ ਲੋਕਾਂ ਨੂੰ ਚੋਰਾਂ ਅਤੇ ਬਦਮਾਸ਼ਾਂ ਨੇ ਤੰਗ ਕਰਕੇ ਰੱਖਿਆ ਹੋਇਆ ਹੈ, ਜਿਸ ਤਹਿਤ ਮਹਿਤਪੁਰ ਵਾਸੀਆਂ ਨੇ ਦੱਸਿਆ ਕਿ ਪਿਛਲੇ ਦਿਨੀਂ ਗੁੰਡਾ ਅਨਸਰਾਂ ਨੇ ਪਿੰਡ ਰੌਲੀ 'ਚ ਸੰਤੋਖ ਸਿੰਘ ਦੇ ਘਰ 'ਚ ਦਾਖ਼ਲ ਹੋ ਕੇ ਭੰਨ-ਤੋੜ ਕੀਤੀ ਅਤੇ ਜਾਨੀ-ਮਾਲੀ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕੀਤੀ, ਇਸੇ ਹੀ ਤਰ੍ਹਾਂ ਪਿੰਡ ਇਸਮਾਇਲਪੁਰ ਦੇ ਵਸਨੀਕ ਰੇਸ਼ਮ ਸਿੰਘ ਉਪਰ ਜਾਨੀ ਹਮਲਾ ਕੀਤਾ, ਜੋ ਜਲੰਧਰ ਦੇ ਨਿੱਜੀ ਹਸਪਤਾਲ ਵਿਚ ਜ਼ੇਰੇ ਇਲਾਜ ਹੈ, ਇਥੋਂ ਤੱਕ ਕਿ ਉਸ ਦੇ ਘਰ ਵਿਚ ਦਾਖਲ ਹੋ ਕੇ ਬਦਮਾਸ਼ਾਂ ਨੇ ਸ਼ੀਸ਼ੇ ਤੋੜ ਦਿੱਤੇ। 26 ਮਈ ਸ਼ਾਮ ਨੂੰ ਕੁਝ ਨੌਜਵਾਨਾਂ ਵੱਲੋਂ ਮਹਿਤਪੁਰ ਦੀ ਇਕ ਦੁਕਾਨ ਅੰਦਰ ਦਾਖ਼ਲ ਹੋ ਕੇ ਗੁੰਡਾਗਰਦੀ ਦਾ ਨੰਗਾ ਨਾਚ ਕੀਤਾ। ਦੁਕਾਨ ਦੀ ਭੰਨਤੋੜ ਕੀਤੀ ਅਤੇ ਮਾਰਕੁਟ ਕਰਕੇ ਫਰਾਰ ਹੋ ਗਏ। ਦੂਜੇ ਪਾਸੇ ਮਹਿਤਪੁਰ ਵਿਖੇ ਚੋਰਾਂ ਅਤੇ ਲੁੱਟਾਂਖੋਹਾਂ ਕਰਨ ਵਾਲਿਆਂ ਨੇ ਹੌਸਲੇ ਇੰਨੇ ਬੁਲੰਦ ਹਨ ਕਿ ਚਿੱਟੇ ਦਿਨੀਂ ਪਿੰਡ ਰਾਮੂਵਾਲ ਦੀ ਸੰਦੀਪ ਕੌਰ ਤੇ ਉਸ ਦੇ ਪਤੀ ਨੂੰ ਦਾਤਰ ਦਿਖਾ ਕੇ ਘੇਰ ਕੇ ਉਸ ਕੋਲੋਂ ਇਕ ਮੋਬਾਇਲ ਅਤੇ ਨਕਦੀ ਖੋਹ ਕੇ ਫ਼ਰਾਰ ਹੋ ਗਏ। ਇਸੇ ਤਰ੍ਹਾਂ ਪਿੰਡ ਬਾਲੋਕੀ ਦੀ ਔਰਤ ਬੈਂਕ ਵਿਚੋਂ ਪੈਸੇ ਕਢਵਾ ਕੇ ਆਪਣੇ ਘਰ ਜਾ ਰਹੀ ਸੀ ਤਾਂ ਲੁਟੇਰੇ ਉਸ ਕੋਲੋਂ ਨਕਦੀ ਖੋਹ ਕੇ ਫਰਾਰ ਹੋ ਗਏ। ਪਿੰਡ ਖੁਰਮਪੁਰ ਦੇ ਬਲਦੇਵ ਰਾਜ ਦੇ ਘਰ ਕੰਧ ਟੱਪ ਕੇ ਚੋਰ ਦਿਨ-ਦਿਹਾੜੇ ਆ ਵੜਿਆ। ਪਿੰਡ ਮਹਿਤਪੁਰ ਦੇ ਬਾਠ ਕਲਾਂ ਰੋਡ 'ਤੇ ਇਕ ਵਿਅਕਤੀ ਨੂੰ ਟਾਵਰ ਨੇ ਨੇੜੇ ਨੇ ਘੇਰ ਉਸ ਕੋਲੋਂ ਇਕ ਮੋਬਾਇਲ ਅਤੇ ਨਕਦੀ ਖੋਹ ਕੇ ਫਰਾਰ ਹੋ ਗਏ। ਹੁਣ ਤਾਂ ਲੋਕ ਘਰਾਂ ਤੋਂ ਬਾਹਰ ਨਿਕਲਣ ਤੋਂ ਵੀ ਡਰ ਰਹੇ ਹਨ ਪਰ ਪੁਲਸ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ। ਮਹਿਤਪੁਰ ਦੇ ਸਮਾਜ ਸੇਵੀ ਲੋਕਾਂ ਨੇ ਕਿਹਾ ਕਿ ਮਹਿਤਪੁਰ ਚੋਰਾਂ ਅਤੇ ਬਦਮਾਸ਼ਾ ਦਾ ਗੜ੍ਹ ਬਣ ਗਿਆ ਹੈ।

# ਮਹਿਲ ਕਲਾਂ ਪੁਲਸ ਨੇ ਦੋ ਸ਼ੱਕੀ ਨੌਜਵਾਨਾਂ ਨੂੰ ਨਜਾਇਜ਼ ਅਸਲੇ ਸਮੇਤ ਕੀਤਾ ਕਾਬੂ

**ਕੌਮੀ ਪਤ੍ਰਿਕਾ**

ਮਹਿਲ ਕਲਾਂ 9 ਜੂਨ। ਐੱਸ.ਐੱਸ.ਪੀ. ਸਰਫਰਾਜ਼ ਆਲਮ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਾੜੇ ਅਨਸਰਾਂ ਖ਼?ਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਮਹਿਲ ਕਲਾਂ ਪੁਲਸ ਨੂੰ ਇੱਕ ਵੱਡੀ ਸਫਲਤਾ ਹਾਸਲ ਹੋਈ ਹੈ। ਰੁਟੀਨ ਗਸ਼ਤ ਦੌਰਾਨ ਪੁਲਸ ਨੇ ਦੋ ਸ਼ੱਕੀ ਨੌਜਵਾਨਾਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਨਾਜਾਇਜ਼ ਅਸਲਾ ਅਤੇ ਜ਼ਿੰਦਾ ਕਾਰਤੂਸ ਬਰਾਮਦ ਕੀਤਾ ਹੈ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਹੌਲਦਾਰ ਬਲਕੌਰ ਸਿੰਘ ਨੇ ਦੱਸਿਆ ਕਿ ਉਹ ਆਪਣੀ ਪੁਲਸ ਟੀਮ ਸਮੇਤ ਬੱਸ ਸਟੈਂਡ ਅਤੇ ਆਸ-ਪਾਸ ਦੇ ਇਲਾਕੇ ਵਿੱਚ ਗਸ਼ਤ ਕਰ ਰਹੇ ਸਨ। ਇਸ ਦੌਰਾਨ ਅਨਾਜ ਮੰਡੀ ਮਹਿਲ ਕਲਾਂ ਵਿੱਚ ਦੋ ਨੌਜਵਾਨ ਸ਼ੱਕੀ ਹਾਲਤ ਵਿੱਚ ਘੁੰਮਦੇ ਨਜ਼ਰ ਆਏ। ਪੁੱਛਗਿੱਛ ਅਤੇ ਤਲਾਸ਼ੀ ਦੌਰਾਨ ਉਨ੍ਹਾਂ ਦੀ ਪਛਾਣ ਹਰਦੀਪ ਸਿੰਘ ਉਰਫ਼ ਨਿੱਕੂ ਪੁੱਤਰ ਹਰਬੰਸ ਸਿੰਘ ਅਤੇ ਕੁਲਦੀਪ ਸਿੰਘ ਉਰਫ਼ ਬੌਬੀ ਪੁੱਤਰ ਜਗਤਾਰ ਸਿੰਘ, ਦੋਵੇਂ ਵਾਸੀ ਮਹਿਲ ਕਲਾਂ ਵਜੋਂ ਹੋਈ। ਪੁਲਸ ਵੱਲੋਂ ਕੀਤੀ ਗਈ ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ 315 ਬੋਰ ਦਾ ਦੇਸੀ ਕੱਟਾ (ਪਿਸਤੌਲ) ਅਤੇ ਇੱਕ ਜ਼ਿੰਦਾ ਕਾਰਤੂਸ ਬਰਾਮਦ ਕੀਤਾ ਗਿਆ। ਪੁਲਸ ਹੁਣ ਇਸ ਗੱਲ ਦੀ ਜਾਂਚ ਕਰ ਰਹੀ ਹੈ ਕਿ ਦੋਵੇਂ ਨੌਜਵਾਨਾਂ ਨੇ ਇਹ ਨਾਜਾਇਜ਼ ਅਸਲਾ ਕਿਸ ਮਕਸਦ ਲਈ ਰੱਖਿਆ ਹੋਇਆ ਸੀ ਅਤੇ ਕੀ ਉਹ ਕਿਸੇ ਅਪਰਾਧਿਕ ਵਾਰਦਾਤ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਹੇ ਸਨ ਜਾਂ ਕਿਸੇ ਅਪਰਾਧਿਕ ਗਿਰੋਹ ਨਾਲ ਸਬੰਧਤ ਹਨ। ਮਹਿਲ ਕਲਾਂ ਥਾਣੇ ਵਿੱਚ ਦੋਵਾਂ ਖ਼?ਲਾਫ਼ ਆਰਮਜ਼ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਸ ਨੇ ਮੁਲਜ਼ਮਾਂ ਦਾ ਰਿਮਾਂਡ ਹਾਸਲ ਕਰਕੇ ਅਗਲੇਰੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ। ਜਾਂਚ ਦੌਰਾਨ ਸਾਹਮਣੇ ਆਉਣ ਵਾਲੀ ਜਾਣਕਾਰੀ ਮੀਡੀਆ ਨਾਲ ਸਾਂਝੀ ਕੀਤੀ ਜਾਵੇਗੀ। ਇਸ ਮੌਕੇ ਹੌਲਦਾਰ ਬਲਕੌਰ ਸਿੰਘ, ਸਹਾਇਕ ਮੁਨਸ਼ੀ ਜਗਦੀਪ ਸਿੰਘ, ਪੀ.ਐਚ.ਜੀ. ਇੰਦਰਦੀਪ ਸਿੰਘ ਅਤੇ ਗੁਰਦੀਪ ਸਿੰਘ ਵੀ ਮੌਜੂਦ ਸਨ।



# ਗੁਰਦੁਆਰਾ ਸਾਹਿਬ 'ਚ ਸ਼ਾਰਟ ਸਰਕਟ ਕਾਰਨ ਲੱਗੀ ਅੱਗ, ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸਰੂਪ ਅਗਨ ਭੇਟ

**ਕੌਮੀ ਪਤ੍ਰਿਕਾ**

ਫਾਜ਼ਿਲਕਾ/ਜਲਾਲਾਬਾਦ 9 ਜੂਨ। ਜਲਾਲਾਬਾਦ ਵਿਧਾਨ ਸਭਾ ਦੇ ਅਧੀਨ ਆਉਂਦੇ ਪਿੰਡ ਬਾਰੇਕੇ ਸਥਿਤ ਗੁਰਦੁਆਰਾ ਸਾਹਿਬ ਵਿਚ ਅੱਗ ਲੱਗ ਗਈ, ਜਿਸ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਾਵਨ ਸਰੂਪ ਅਗਨ ਭੇਟ ਹੋ ਗਿਾ। ਜਾਣਕਾਰੀ ਮੁਤਾਬਕ ਬੀਤੀ ਰਾਤ ਗ੍ਰੰਥੀ ਸਿੰਘ ਲਈ ਲੱਗੇ ਪੱਖੇ ਵਿਚ ਹੋਈ ਸ਼ਾਰਟ ਸਰਕਟ ਕਾਰਨ ਇਹ ਅੱਗ ਲੱਗੀ ਸੀ। ਸੂਚਨਾ ਮਿਲਣ ਮਗਰੋਂ ਜਲਾਲਾਬਾਦ ਪੁਲਸ ਦੇ ਡੀ. ਐੱਸ. ਪੀ. ਗੁਰਸੇਵਕ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਪੁਲਸ ਟੀਮ ਮੌਕੇ 'ਤੇ ਪਹੁੰਚੀ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਗੁਰਦੁਆਰਾ ਸਾਹਿਬ ਵਿਚ ਲੱਗੇ ਸੀ. ਸੀ. ਟੀ.ਵੀ. ਕੈਮਰਿਆਂ ਦੀ ਫੁਟੇਜ ਵੀ ਖੰਗਾਲੀ ਜਾ ਰਹੀ ਹੈ। ਮੌਕੇ 'ਤੇ ਪਹੁੰਚੇ ਸ਼?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜ਼ਿਲ੍ਹਾ ਫਿਰੋਜ਼ਪੁਰ ਦੇ ਇੰਚਾਰਜ ਭਾਈ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਪਿਛਲੇ 4-5 ਦਿਨਾਂ ਤੋਂ ਸ਼?ਰੀ ਹੇਮਕੁੰਟ ਸਾਹਿਬ ਦੀ ਯਾਤਰਾ 'ਤੇ ਗਏ ਹੋਏ ਹਨ। ਇਸ ਦੌਰਾਨ ਪੰਜਾਬ ਪੁਲਸ ਤੋਂ ਸੇਵਾਮੁਕਤ ਐੱਸ. ਐੱਚ. ਓ. ਪੰਜਾਬ ਸਿੰਘ ਗੁਰਦੁਆਰਾ ਸਾਹਿਬ ਦੀ ਦੇਖਰੇਖ ਕਰ ਰਹੇ ਸਨ। ਬੀਤੀ ਰਾਤ ਸੁਖਆਸਨ ਕਰਨ ਮਗਰੋਂ ਗੁਰਦੁਆਰਾ ਸਾਹਿਬ ਨੂੰ ਤਾਲਾ ਲਗਾ ਦਿੱਤਾ ਗਿਆ ਸੀ। ਸਵੇਰੇ ਤਕਰੀਬਨ 5 ਵਜੇ ਪਿੰਡ ਵਾਸੀਆਂ ਨੇ ਸੂਚਨਾ ਦਿੱਤੀ ਕਿ ਗੁਰਦੁਆਰਾ ਸਾਹਿਬ ਤੋਂ ਧੂੰਆਂ ਨਿਕਲ ਰਿਹਾ ਹੈ। ਜਦੋਂ ਤਾਲਾ ਖੋਲ੍ਹ ਕੇ ਵੇਖਿਆ ਤਾਂ ਅੰਦਰ ਅੱਗ ਲੱਗੀ ਹੋਈ ਸੀ। ਪਿੰਡ ਵਾਸੀਆਂ ਨੇ ਤੁਰੰਤ ਅੱਗ 'ਤੇ ਕਾਬੂ ਪਾਇਆ, ਪਰ ਉਦੋਂ ਤਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਇਕ ਪਾਵਨ ਸਰੂਪ ਅਗਨ ਭੇਟ ਹੋ ਚੁੱਕਿਆ ਸੀ। ਘਟਨਾ ਦੀ ਵੀਡੀਓ ਗੁਰਦੁਆਰਾ ਸਾਹਿਬ ਵਿਚ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ ਵਿਚ ਵੀ ਕੈਦ ਹੋ ਗਈ ਹੈ। ਸੂਚਨਾ ਮਿਲਦਿਆਂ ਹੀ ਥਾਣਾ ਸਦਰ ਜਲਾਲਾਬਾਦ ਦੇ ਐੱਸ. ਐੱਚ. ਓ. ਜੁਗਰਾਜ ਸਿੰਘ ਤੇ ਡੀ. ਐੱਸ. ਪੀ. ਗੁਰਸੇਵਕ ਸਿੰਘ ਬਰਾੜ ਮੌਕੇ 'ਤੇ ਪਹੁੰਚੇ ਤੇ ਸਥਿਤੀ ਦਾ ਜਾਇਜ਼ਾ ਲਿਆ। ਪੁਲਸ ਨੇ ਸੀ. ਸੀ. ਟੀ. ਵੀ. ਫੁਟੇਜ ਆਪਣੇ ਕਬਜ਼ੇ ਵਿਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਉੱਥੇ ਹੀ ਐੱਸ. ਜੀ. ਪੀ. ਸੀ. ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਚਾਰਕ ਮੈਂਬਰ ਵੀ ਪਹੁੰਚੇ ਤੇ ਹਾਲਾਤ ਦਾ ਜਾਇਜ਼ਾ ਲਿਆ। ਦੂਜੇ ਪਾਸੇ ਪਿੰਡ ਵਾਸੀਆਂ ਨੇ ਇਸ ਘਟਨਾ 'ਤੇ ਡੂੰਘਾ ਦੁੱਖ ਤੇ ਰੋਸ ਜਤਾਇਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਉਨ੍ਹਾਂ ਲਈ ਪਿਤਾ ਸਮਾਨ ਹਨ ਤੇ ਇਸ ਘਟਨਾ ਨੇ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਈ ਹੈ। ਮੌਕੇ 'ਤੇ ਪਹੁੰਚੇ ਜਲਾਲਾਬਾਦ ਦੇ ਡੀ. ਐੱਸ. ਪੀ. ਗੁਰਸੇਵਕ ਸਿੰਘ ਬਰਾੜ ਨੇ ਕਿਹਾ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਜਾਂਚ ਮਗਰੋਂ ਜਿਹੜੇ ਤੱਥ ਸਾਹਮਣੇ ਆਉਣਗੇ, ਉਸ ਦੇ ਅਧਾਰ 'ਤੇ ਕਾਰਵਾਈ ਕੀਤੀ ਜਾਵੇਗੀ।



## ਕੁਨੋ ਨੈਸ਼ਨਲ ਪਾਰਕ 'ਚ ਇਲਾਜ ਦੌਰਾਨ ਜ਼ਖਮੀ ਮਾਦਾ ਚੀਤਾ ਦੀ ਮੌਤ

ਸ਼ਿਓਪੁਰ 9 ਜੂਨ। ਮੱਧ ਪ੍ਰਦੇਸ਼ ਦੇ ਕੁਨੋ ਨੈਸ਼ਨਲ ਪਾਰਕ ਵਿੱਚ ਸ਼ਨੀਵਾਰ ਨੂੰ ਇੱਕ ਜ਼ਖਮੀ, 27 ਮਹੀਨਿਆਂ ਦੀ ਮਾਦਾ ਚੀਤਾ ਦੀ ਇਲਾਜ ਦੌਰਾਨ ਮੌਤ ਹੋ ਗਈ। ਇੱਕ ਸੀਨੀਅਰ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਚੀਤਾ ਪ੍ਰੋਜੈਕਟ ਦੇ ਖੇਤਰੀ ਨਿਰਦੇਸ਼ਕ ਉੱਤਮ ਸ਼ਰਮਾ ਨੇ ਦੱਸਿਆ ਕਿ ਮਾਦਾ ਚੀਤਾ – ਅਧਿਕਾਰਤ ਤੌਰ 'ਤੇ ™7♦-11 ਨਾਮਿਤ – 1 ਜੂਨ ਨੂੰ ਮੋਰੇਨਾ ਜ਼ਿਲ੍ਹੇ ਦੇ ਪਹਾੜਗੜ੍ਹ ਖੇਤਰ ਦੇ ਨੇੜੇ ਜ਼ਖਮੀ ਹਾਲਤ ਵਿੱਚ ਮਿਲੀ ਸੀ। ਬਾਅਦ ਵਿੱਚ ਉਸਨੂੰ ਇਲਾਜ ਅਤੇ ਇੰਟੈਂਸਿਵ ਕੇਅਰ ਲਈ ਪਾਲਪੁਰ ਦੇ ਪਸ਼ੂ ਚਿਕਿਤਸਾ ਕੇਂਦਰ ਵਿੱਚ ਦਾਖਲ ਕਰਵਾਇਆ ਗਿਆ। ਸ਼ਰਮਾ ਨੇ ਕਿਹਾ, ਪਸ਼ੂ ਚਿਕਿਤਸਕਾਂ ਅਤੇ ਫੀਲਡ ਟੀਮ ਦੇ ਸਾਰੇ ਯਤਨਾਂ ਦੇ ਬਾਵਜੂਦ, ਉਸਦੀ ਅੱਜ ਸ਼ਾਮ ਮੌਤ ਹੋ ਗਈ। ਮੌਤ ਦੇ ਸਹੀ ਕਾਰਨ ਦਾ ਪਤਾ ਲਗਾਉਣ ਲਈ 7 ਜੂਨ ਨੂੰ ਪੋਸਟਮਾਰਟਮ ਜਾਂਚ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ™7♦-11 ਦੀ ਮੌਤ ਤੋਂ ਬਾਅਦ, ਕੁਨੋ ਨੈਸ਼ਨਲ ਪਾਰਕ ਵਿੱਚ 49 ਚੀਤੇ ਬਚੇ ਹਨ, ਜਿਨ੍ਹਾਂ ਵਿੱਚੋਂ 32 ਭਾਰਤ ਵਿੱਚ ਪੈਦਾ ਹੋਏ ਸਨ। ਸ਼ਰਮਾ ਨੇ ਅੱਗੇ ਕਿਹਾ ਕਿ ਇਨ੍ਹਾਂ ਵਿੱਚੋਂ 19 ਚੀਤੇ ਇਸ ਸਮੇਂ ਜੰਗਲ ਵਿੱਚ ਖੁੱਲ੍ਹ ਕੇ ਘੁੰਮ ਰਹੇ ਹਨ, ਜਦੋਂ ਕਿ ਬਾਕੀ ਚੀਤੇ ਸਿਹਤਮੰਦ ਅਤੇ ਚੰਗੀ ਹਾਲਤ ਵਿੱਚ ਹਨ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਹੁਣ ਕੁੱਲ 52 ਚੀਤੇ ਹਨ, ਜਿਨ੍ਹਾਂ ਵਿੱਚੋਂ 49 ਕੁਨੋ ਨੈਸ਼ਨਲ ਪਾਰਕ ਵਿੱਚ ਅਤੇ ਤਿੰਨ ਗਾਂਧੀ ਸਾਗਰ ਸੈਂਕਚੂਰੀ ਵਿੱਚ ਹਨ।

## ਪੰਜਾਬ ਦੇ 82 ਅਧਿਆਪਕਾਂ 'ਤੇ ਡਿੱਗੀ ਗਾਜ਼! ਰੋਕ 'ਤੀਆਂ ਤਨਖ਼ਾਹਾਂ ਤੇ ਲਿਆ ਗਿਆ ਵੱਡਾ ਐਕਸ਼ਨ

ਜਲੰਧਰ 9 ਜੂਨ। ਜਨਗਣਨਾ ਡਿਊਟੀ ਤੋਂ ਗੈਰ-ਹਾਜ਼ਰ ਰਹਿਣ ਲਈ ਜਲੰਧਰ ਵਿਚ 82 ਸਰਕਾਰੀ ਸਕੂਲ ਅਧਿਆਪਕਾਂ ਵਿਰੁੱਧ ਅਨੁਸ਼ਾਸਨੀ ਅਤੇ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ। ਸਥਾਨਕ ਪ੍ਰਸ਼ਾਸਨ ਨੇ ਜ਼ਿਲ੍ਹਾ ਸਿੱਖਿਆ ਵਿਭਾਗ ਨੂੰ ਉਨ੍ਹਾਂ ਦੀਆਂ ਤਨਖ਼ਾਹਾਂ ਰੋਕਣ ਅਤੇ ਬਿਨਾਂ ਪਹਿਲਾਂ ਇਜਾਜ਼ਤ ਦੇ ਸਕੂਲਾਂ ਵਿਚ ਉਨ੍ਹਾਂ ਦੀ ਹਾਜ਼ਰੀ ਦਰਜ ਨਾ ਕਰਨ ਦੇ ਨਿਰਦੇਸ਼ ਦਿੱਤੇ ਹਨ। ਅਧਿਆਪਕਾਂ ਨੂੰ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸਾਂ ਵਿੱਚ ਪ੍ਰਸ਼ਾਸਨ ਨੇ ਚਿਤਾਵਨੀ ਦਿੱਤੀ ਹੈ ਕਿ ਜਨਗਣਨਾ ਦਾ ਕੰਮ ਪੂਰਾ ਕਰਨ ਵਿੱਚ ਅਸਫ਼ਲ ਰਹਿਣ 'ਤੇ ਜਨਗਣਨਾ ਐਕਟ 1948 ਦੇ ਤਹਿਤ ਕਾਰਵਾਈ ਕੀਤੀ ਜਾ ਸਕਦੀ ਹੈ, ਜਿਸ 'ਚ ਤਿੰਨ ਸਾਲ ਤੱਕ ਦੀ ਕੈਦ ਅਤੇ 1,000 ਰੁਪਏ ਦਾ ਜੁਰਮਾਨਾ ਸ਼ਾਮਲ ਹੈ। ਇਹ ਕਾਰਵਾਈ ਇਸ ਲਈ ਕੀਤੀ ਗਈ ਕਿਉਂਕਿ ਇਹ ਅਧਿਆਪਕ ਸਿਖਲਾਈ ਸੈਸ਼ਨਾਂ ਵਿੱਚ ਸ਼ਾਮਲ ਹੋਣ ਅਤੇ ਸਰਵੇਖਣ ਕਿੱਟਾਂ, ਪਛਾਣ ਪੱਤਰ ਅਤੇ ਨਿਯੁਕਤੀ ਪੱਤਰ ਪ੍ਰਾਪਤ ਕਰਨ ਦੇ ਬਾਵਜੂਦ ਨਿਰਧਾਰਤ ਹਾਊਸ ਲਿਸਟਿੰਗ ਸਰਵੇਖਣ ਨੂੰ ਪੂਰਾ ਕਰਨ ਵਿੱਚ ਅਸਫ਼ਲ ਰਹੇ। ਨੋਟਿਸ ਵਿੱਚ ਕਿਹਾ ਗਿਆ ਹੈ ਕਿ ਸਬੰਧਤ ਅਧਿਆਪਕ ਬਿਨਾਂ ਪਹਿਲਾਂ ਇਜਾਜ਼ਤ ਦੇ ਆਪਣੇ ਸਕੂਲਾਂ 'ਚ ਮੌਜੂਦ ਨਹੀਂ ਹੋਣਗੇ। ਇਸ ਤੋਂ ਇਲਾਵਾ ਉਨ੍ਹਾਂ ਨੂੰ ਚਿਤਾਵਨੀ ਦਿੱਤੀ ਗਈ ਹੈ ਕਿ ਜਨਗਣਨਾ ਡਿਊਟੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਦੇ ਨਤੀਜੇ ਵਜੋਂ ਜਨਗਣਨਾ ਐਕਟ 1948 ਤਹਿਤ ਕਾਰਵਾਈ ਕੀਤੀ ਜਾਵੇਗੀ

## ਵੇਸਟ ਕਾਟਨ ਫੈਕਟਰੀ 'ਚ ਅੱਗ ਕਾਰਨ ਲੱਖਾਂ ਦਾ ਨੁਕਸਾਨ

ਸਮਾਣਾ 9 ਜੂਨ। ਸਮਾਣਾ-ਪਟਿਆਲਾ ਰੋਡ 'ਤੇ ਸਥਿਤ ਇਕ ਵੇਸਟ ਕਾਟਨ ਫੈਕਟਰੀ 'ਚ ਅਚਾਨਕ ਅੱਗ ਲੱਗਣ ਕਾਰਨ ਮਾਲ, ਮਸ਼ੀਨਰੀ ਅਤੇ ਇਮਾਰਤ ਦਾ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ। ਸੂਚਨਾ ਮਿਲਣ 'ਤੇ ਫਾਇਰ ਬ੍ਰਿਗੇਡ ਦੀਆਂ ਕਈ ਗੱਡੀਆਂ ਨੇ ਦੋ ਘੰਟਿਆਂ ਦੀ ਭਾਰੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਫੈਕਟਰੀ ਦੇ ਡਾਇਰੈਕਟਰ ਆਰੀਅਨ ਨੇ ਦੱਸਿਆ ਕਿ ਐਤਵਾਰ ਸਵੇਰੇ 9 ਵਜੇ ਫੈਕਟਰੀ ਵਿਚ ਅੱਗ ਲੱਗਣ ਦੀ ਸੂਚਨਾ ਮਿਲਣ 'ਤੇ ਜਦੋਂ ਉਹ ਤੁਰੰਤ ਮੌਕੇ 'ਤੇ ਪਹੁੰਚੇ, ਤਾਂ ਮਸ਼ੀਨਰੀ ਰੂਮ ਅਤੇ ਗੋਦਾਮ ਵਿਚ ਭਿਆਨਕ ਅੱਗ ਲੱਗੀ ਹੋਈ ਸੀ। ਉਨ੍ਹਾਂ ਨੇ ਉੱਥੇ ਮੌਜੂਦ ਮਜ਼ਦੂਰਾਂ ਨਾਲ ਮਿਲ ਕੇ ਆਪਣੇ ਪੱਧਰ 'ਤੇ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ, ਪਰ ਅੱਗ ਵਧਦੀ ਗਈ। ਇਸ ਦੌਰਾਨ ਸੂਚਨਾ ਮਿਲਦਿਆਂ ਹੀ ਮੌਕੇ 'ਤੇ ਪਹੁੰਚੀਆਂ ਫਾਇਰ ਬ੍ਰਿਗੇਡ ਦੀਆਂ ਕੁੱਲ ਪੰਜ ਗੱਡੀਆਂ ਨੇ ਮੁਸਤੈਦੀ ਦਿਖਾਉਂਦੇ ਹੋਏ ਅੱਗ 'ਤੇ ਕਾਬੂ ਪਾਉਣਾ ਸ਼ੁਰੂ ਕੀਤਾ। ਪਰ ਜਦੋਂ ਤੱਕ ਅੱਗ ਨੂੰ ਪੂਰੀ ਤਰ੍ਹਾਂ ਸ਼ਾਂਤ ਕੀਤਾ ਗਿਆ, ਉਦੋਂ ਤੱਕ ਗੋਦਾਮ ਵਿਚ ਪਿਆ ਕੀਮਤੀ ਮਾਲ ਅਤੇ ਮਸ਼ੀਨਰੀ ਸੜ ਕੇ ਸਵਾਹ ਹੋ ਚੁੱਕੀ ਸੀ। ਫੈਕਟਰੀ ਪ੍ਰਬੰਧਕਾਂ ਮੁਤਾਬਕ ਅੱਗ ਲੱਗਣ ਦਾ ਮੁੱਖ ਕਾਰਨ ਸ਼ਾਰਟ ਸਰਕਟ ਮੰਨਿਆ ਜਾ ਰਿਹਾ ਹੈ ਅਤੇ ਇਸ ਹਾਦਸੇ 'ਚ ਲਗਭਗ 25 ਲੱਖ ਰੁਪਏ ਦੇ ਨੁਕਸਾਨ ਦਾ ਅਨੁਮਾਨ ਹੈ।

# ਨਸ਼ੇ ਦੀ ਸਪਲਾਈ ਕਰਨ ਜਾ ਰਿਹਾ ਮੁਲਜ਼ਮ 5 ਕਿੱਲੋ ਚੂਰਾ ਪੋਸਤ ਸਮੇਤ ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਲੁਧਿਆਣਾ 9 ਜੂਨ। ਪੁਲਸ ਕਮਿਸ਼ਨਰ ਆਈ.ਪੀ.ਐੱਸ. ਸਵਪਨ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਥਾਣਾ ਸਲੇਮ ਟਾਬਰੀ ਦੇ ਅਧੀਨ ਆਉਂਦੀ ਐੱਲ.ਡੀ.ਕੋ. ਐਸਟੇਟ ਚੌਂਕੀ ਦੀ ਪੁਲਸ ਨੇ ਨਸ਼ਾ ਤਸਕਰਾਂ ਖ਼?ਲਾਫ਼ ਚਲਾਈ ਵਿਸ਼ੇਸ਼ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਇੱਕ ਮੁਲਜ਼ਮ ਨੂੰ ਚੂਰਾ ਪੋਸਤ ਸਮੇਤ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਇਸ ਸਬੰਧੀ ਅੱਜ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਚੌਂਕੀ ਇੰਚਾਰਜ ਜਿੰਦਰ ਲਾਲ ਸਿੱਧੂ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਟੀਮ ਗਸ਼ਤ ਦੌਰਾਨ ਇਲਾਕੇ ਵਿੱਚ ਮੌਜੂਦ ਸੀ। ਉਸੇ ਦੌਰਾਨ ਜਦੋਂ ਪੁਲਸ ਟੀਮ ਮੈਟਰੋ ਦੀ ਬੈਕ ਸਾਈਡ ਜਾ ਰਹੀ ਸੀ, ਤਾਂ ਸਾਹਮਣੇ ਤੋਂ ਇੱਕ ਵਿਅਕਤੀ ਪੈਦਲ ਆਉਂਦਾ ਦਿਖਾਈ ਦਿੱਤਾ। ਉਹ ਸਾਹਮਣੇ ਪੁਲਸ ਟੀਮ ਨੂੰ ਆਉਂਦਾ ਦੇਖ ਕੇ ਇਕਦਮ ਘਬਰਾ ਕੇ ਰੁਕ ਗਿਆ ਅਤੇ ਆਪਣੇ ਹੱਥ ਵਿੱਚ ਫੜੇ ਪਲਾਸਟਿਕ ਦੇ ਥੈਲੇ ਨੂੰ ਉੱਥੇ ਹੀ ਹੇਠਾਂ ਸੁੱਟ ਕੇ ਪਿੱਛੇ ਮੁੜ ਕੇ ਭੱਜਣ ਲੱਗਾ। ਪਰ ਪੁਲਸ ਟੀਮ ਨੇ ਮੁਸਤੈਦੀ ਦਿਖਾਉਂਦੇ ਹੋਏ ਤੁਰੰਤ ਉਸ ਵਿਅਕਤੀ ਨੂੰ ਕਾਬੂ ਕਰ ਲਿਆ। ਜਦੋਂ ਉਸ ਵੱਲੋਂ ਸੁੱਟੇ ਗਏ ਥੈਲੇ ਦੀ ਚੈਕਿੰਗ ਕੀਤੀ ਗਈ ਤਾਂ ਉਸ ਵਿੱਚੋਂ 5 ਕਿੱਲੋ ਚੂਰਾ ਪੋਸਤ ਬਰਾਮਦ ਹੋਇਆ। ਚੌਂਕੀ ਇੰਚਾਰਜ ਨੇ ਦੱਸਿਆ ਕਿ ਇਸ ਤੋਂ ਬਾਅਦ ਪੁਲਿਸ ਟੀਮ ਨੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ, ਜਿਸ ਦੀ ਪਛਾਣ ਬਾਸੂ ਪੁੱਤਰ ਦੀਪੂ ਵਾਸੀ ਹਜ਼ੂਰੀ ਬਾਗ ਕਾਲੋਨੀ ਭੱਟੀਆਂ ਬੇਟ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਪੁਲਸ ਨੇ ਮੁਲਜ਼ਮ ਖ਼?ਲਾਫ਼ ਥਾਣਾ ਸਲੇਮ ਟਾਬਰੀ ਵਿੱਚ ਐੱਨ.ਡੀ.ਪੀ.ਐੱਸ. ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ। ਚੌਂਕੀ ਇੰਚਾਰਜ ਜਿੰਦਰ ਲਾਲ ਸਿੱਧੂ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਬਾਸੂ ਪਿਛਲੇ ਕਈ ਸਾਲਾਂ ਤੋਂ ਨਸ਼ਾ ਵੇਚਣ ਦਾ ਧੰਦਾ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਸਾਲ 2024 ਵਿੱਚ ਮੱਧ ਪ੍ਰਦੇਸ਼ ਤੋਂ 50 ਕਿੱਲੋ ਚੂਰਾ ਪੋਸਤ ਲੈ ਕੇ ਆਇਆ ਸੀ, ਜਿਸ ਨੂੰ ਪੁਲਿਸ ਵੱਲੋਂ ਗ੍ਰਿਫ਼ਤਾਰ ਕਰਕੇ ਉਸ ਦੇ ਖ਼?ਲਾਫ਼ ਐੱਨ.ਡੀ.ਪੀ.ਐੱਸ. ਐਕਟ ਦਾ ਮਾਮਲਾ ਦਰਜ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਮੁਲਜ਼ਮ ਕੁਝ ਮਹੀਨੇ ਪਹਿਲਾਂ ਹੀ ਜੇਲ੍ਹ ਤੋਂ ਜ਼ਮਾਨਤ 'ਤੇ ਬਾਹਰ ਆਇਆ ਹੈ ਅਤੇ ਜ਼ਮਾਨਤ 'ਤੇ ਬਾਹਰ ਆਉਣ ਤੋਂ ਬਾਅਦ ਮੁਲਜ਼ਮ ਨੇ ਫਿਰ ਤੋਂ ਨਸ਼ਾ ਵੇਚਣ ਦਾ ਕੰਮ ਸ਼ੁਰੂ ਕਰ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਅੱਜ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਕੇ 2 ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ, ਤਾਂ ਜੋ ਮੁਲਜ਼ਮ ਦੇ ਸਾਥੀਆਂ ਅਤੇ ਚੂਰਾ ਪੋਸਤ ਕਿੱਥੋਂ ਲੈ ਕੇ ਆਇਆ ਸੀ, ਉਸ ਬਾਰੇ ਪੁੱਛਗਿੱਛ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਜਲਦੀ ਹੀ ਪੁਲਸ ਵੱਲੋਂ ਉਕਤ ਮਾਮਲੇ ਵਿੱਚ ਵੱਡਾ ਖੁਲਾਸਾ ਕੀਤਾ ਜਾ ਸਕਦਾ ਹੈ।



**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814
Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਸਰਕਾਰ ਦਾ ਈ-ਰਿਕਸ਼ਾ ਅਭਿਆਨ 3,440 ਪਿੰਡਾਂ ਤੱਕ ਪਹੁੰਚਿਆ, ਪੰਜਾਬ 'ਚ ਜ਼ਮੀਨੀ ਪੱਧਰ 'ਤੇ 'ਯੁੱਧ ਨਸ਼ਿਆਂ ਵਿਰੁੱਧ' ਅੰਦੋਲਨ ਨੂੰ ਮਿਲੀ ਹੋਰ ਮਜ਼ਬੂਤੀ

# ਈ-ਰਿਕਸ਼ਾ ਜਾਗਰੂਕਤਾ ਫੈਲਾਉਣ, ਨਸ਼ਾ ਪੀੜਤਾਂ ਨੂੰ ਪੁਨਰਵਾਸ ਨਾਲ ਜੋੜਨ ਅਤੇ ਗੁਪਤ ਢੰਗ ਨਾਲ ਸ਼ਿਕਾਇਤ ਦੀ ਸੁਵਿਧਾ ਦੇ ਕੇ ਨਸ਼ੇ ਖ਼ਿਲਾਫ਼ ਲੜਾਈ ਨੂੰ ਹੋਰ ਬਲ ਦੇ ਰਹੇ ਹਨ: ਡਾ. ਬਲਬੀਰ ਸਿੰਘ

**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਭਗਵੰਤ ਮਾਨ ਸਰਕਾਰ ਦੀ ਨਸ਼ਾ ਮੁਕਤੀ ਦੀ ਪ੍ਰਮੁੱਖ ਪਹਿਲ 'ਯੁੱਧ ਨਸ਼ਿਆਂ ਵਿਰੁੱਧ' ਨੂੰ ਪਿੰਡ ਪੱਧਰ 'ਤੇ ਖ਼ਾਸ ਤੌਰ 'ਤੇ ਨਿਯੁਕਤ ਕੀਤੇ ਗਏ ਈ-ਰਿਕਸ਼ਿਆਂ ਰਾਹੀਂ ਵੱਡਾ ਬਲ ਮਿਲ ਰਿਹਾ ਹੈ। ਇਹ ਈ-ਰਿਕਸ਼ੇ ਪੰਜਾਬ ਦੀਆਂ 86 ਵਿਧਾਨ ਸਭਾ ਹਲਕਿਆਂ ਵਿੱਚ ਚੱਲ ਰਹੇ ਹਨ ਅਤੇ ਲੋਕਾਂ 'ਚ ਨਸ਼ਿਆਂ ਵਿਰੋਧੀ ਜਾਗਰੂਕਤਾ ਲਈ ਇੱਕ ਪਾਇਲਟ ਪ੍ਰੋਜੈਕਟ ਦਾ ਹਿੱਸਾ ਹਨ।

ਇਸ ਅਭਿਆਨ ਤਹਿਤ ਪਾਇਲਟ ਪ੍ਰੋਜੈਕਟ ਲਈ ਰਾਜ ਦੇ 23 ਜ਼ਿਲ੍ਹਿਆਂ ਵਿੱਚੋਂ ਹਰ ਜ਼ਿਲ੍ਹੇ ਤੋਂ ਇੱਕ ਵਿਧਾਨ ਸਭਾ ਹਲਕਾ ਚੁਣਿਆ ਗਿਆ ਹੈ। ਇਨ੍ਹਾਂ ਹਲਕਿਆਂ ਵਿੱਚ ਇੱਕ ਈ-ਰਿਕਸ਼ਾ, ਜੋ 40 ਪਿੰਡਾਂ ਨੂੰ ਕਵਰ ਕਰਦਾ ਹੈ, ਚਲਾਇਆ ਗਿਆ ਹੈ ਤਾਂ ਜੋ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਦੇ ਨਾਲ-ਨਾਲ ਨਸ਼ਾ ਤਸਕਰਾਂ ਤੇ ਡੀ-ਐਡਿਕਸ਼ਨ ਦੀ ਲੋੜ ਵਾਲੇ ਲੋਕਾਂ ਬਾਰੇ ਗੁਪਤ ਜਾਣਕਾਰੀ ਪ੍ਰਾਪਤ ਕੀਤੀ ਜਾ ਸਕੇ। ਪਹਿਲਾਂ ਹੀ ਇਹ ਈ-ਰਿਕਸ਼ਾ ਪਹਿਲ ਰਾਜ ਭਰ ਵਿੱਚ 3,440 ਪਿੰਡਾਂ ਤੱਕ ਪਹੁੰਚ ਕਰ ਚੁੱਕੀ ਹੈ, ਜੋ ਪੰਜਾਬ ਦੇ ਕੁੱਲ ਪਿੰਡਾਂ ਦਾ ਲਗਭਗ ਇੱਕ ਤਿਹਾਈ ਹੈ।

ਈ-ਰਿਕਸ਼ੇ ਉਹਨਾਂ ਲੋਕਾਂ ਤੱਕ ਵੀ ਨਸ਼ਾ ਵਿਰੋਧੀ ਜਾਗਰੂਕਤਾ ਦਾ ਸੁਨੇਹਾ ਪਹੁੰਚਾ ਰਹੇ ਹਨ, ਜਿਨ੍ਹਾਂ ਤੱਕ ਆਮ ਤੌਰ 'ਤੇ ਪਹੁੰਚ ਕਰਨੀ ਆਸਾਨ ਨਹੀਂ। ਇਹ ਈ-ਰਿਕਸ਼ਾ ਪਿੰਡ-ਪਿੰਡ ਜਾ ਕੇ ਨਸ਼ੇ ਦੇ ਹਾਨੀਕਾਰਕ ਪ੍ਰਭਾਵਾਂ ਅਤੇ ਪੁਨਰਵਾਸ ਦੇ ਤਰੀਕਿਆਂ ਬਾਰੇ ਜਾਗਰੂਕਤਾ ਫੈਲਾ ਰਹੇ ਹਨ। ਇਹ ਪਹਿਲ ਭਗਵੰਤ ਮਾਨ ਸਰਕਾਰ ਦੀ ਨਸ਼ਾ ਵਿਰੋਧੀ ਲੜਾਈ ਵਿੱਚ ਸਥਾਨਕ ਲੋਕਾਂ ਨੂੰ ਸ਼ਾਮਲ ਕਰਨ ਦੀ ਵੱਡੀ ਯੋਜਨਾ ਦਾ ਹਿੱਸਾ ਹੈ। ਪਿੰਡ ਪੱਧਰ 'ਤੇ ਬਣਾਈਆਂ ਗਈਆਂ ਵਿਲੇਜ ਡਿਫੈਂਸ ਕਮੇਟੀਆਂ (ਵੀਡੀਸੀ) ਇਸ ਅਭਿਆਨ ਦੀ ਪ੍ਰਭਾਵਸ਼ੀਲਤਾ 'ਤੇ ਨਿਗਰਾਨੀ ਰੱਖਣ ਅਤੇ ਸਰਕਾਰ ਨੂੰ ਫੀਡਬੈਕ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਹਨ।

ਕਈ ਜ਼ਿਲ੍ਹਿਆਂ ਤੋਂ ਮਿਲੇ ਫੀਡਬੈਕ ਅਨੁਸਾਰ, ਈ-ਰਿਕਸ਼ਿਆਂ ਦੀ ਤਾਇਨਾਤੀ ਤੋਂ ਬਾਅਦ ਵਿਲੇਜ ਡਿਫੈਂਸ ਕਮੇਟੀ (ਵੀਡੀਸੀ) ਮੈਂਬਰਾਂ ਨੇ ਸਕਾਰਾਤਮਕ ਪ੍ਰਤੀਕਿਰਿਆਵਾਂ ਦਿੱਤੀਆਂ ਹਨ। ਕਮੇਟੀ ਮੈਂਬਰਾਂ ਅਨੁਸਾਰ ਜਾਗਰੂਕਤਾ ਪ੍ਰੋਗਰਾਮਾਂ ਵਿੱਚ ਲੋਕਾਂ ਦੀ ਭਾਗੀਦਾਰੀ ਵਧੀ ਹੈ, ਪਿੰਡ ਪੱਧਰ ਦੀਆਂ ਮੀਟਿੰਗਾਂ ਵਿੱਚ ਵਧੇਰੇ ਲੋਕ ਸ਼ਾਮਲ ਹੋ ਰਹੇ ਹਨ ਅਤੇ ਨਸ਼ੇ ਨਾਲ ਜੁੜੇ ਮਸਲਿਆਂ 'ਤੇ ਪਿੰਡ ਵਾਸੀਆਂ ਅਤੇ ਸਥਾਨਕ ਅਧਿਕਾਰੀਆਂ ਵਿਚਕਾਰ ਸੰਵਾਦ ਬਿਹਤਰ ਹੋਇਆ ਹੈ।

ਇਸ ਫੀਡਬੈਕ 'ਤੇ ਜੂਨ ਮਹੀਨੇ ਦੌਰਾਨ ਆਯੋਜਿਤ ਕੀਤੀਆਂ ਜਾ ਰਹੀਆਂ ਮੀਟਿੰਗਾਂ ਵਿੱਚ ਵਿਆਪਕ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ। ਨਿਰਧਾਰਤ ਸਮੀਖਿਆ ਪ੍ਰਣਾਲੀ ਅਨੁਸਾਰ ਜੂਨ ਦੇ ਪਹਿਲੇ ਹਫ਼ਤੇ ਵਿੱਚ ਵਿਧਾਨ ਸਭਾ ਪੱਧਰ ਦੀਆਂ ਮੀਟਿੰਗਾਂ ਹੋ ਰਹੀਆਂ ਹਨ; ਜਿਨ੍ਹਾਂ ਵਿੱਚ ਸਬੰਧਤ ਵਿਧਾਇਕ, ਐਸਡੀਐਮ, ਡੀਐਸਪੀ, ਐਸਐਚਓ, ਵਿਲੇਜ ਡਿਫੈਂਸ ਕਮੇਟੀ (ਵੀਡੀਸੀ) ਕਨਵੀਨਰ ਅਤੇ ਕਾਰਜਕਾਰੀ ਪ੍ਰਧਾਨ ਸ਼ਾਮਲ ਹੁੰਦੇ ਹਨ। ਕਾਰਜਕਾਰੀ ਪ੍ਰਧਾਨ ਅਤੇ ਵਿਲੇਜ ਡਿਫੈਂਸ ਕਮੇਟੀ (ਵੀਡੀਸੀ) ਕਨਵੀਨਰਾਂ ਤੋਂ ਫੀਡਬੈਕ ਲਿਆ ਜਾ ਰਿਹਾ ਹੈ।

ਇਸ ਤੋਂ ਬਾਅਦ ਜੂਨ ਦੇ ਦੂਜੇ ਹਫ਼ਤੇ ਵਿੱਚ ਵੀਡੀਸੀ ਮੀਟਿੰਗਾਂ ਹੋਣਗੀਆਂ, ਜਿਨ੍ਹਾਂ ਵਿੱਚ ਬਲਾਕ ਕੋਆਰਡੀਨੇਟਰ, ਵੀਡੀਸੀ ਕਨਵੀਨਰ, ਵੀਡੀਸੀ ਕਾਰਜਕਾਰੀ ਪ੍ਰਧਾਨ ਅਤੇ ਵੀਡੀਸੀ ਮੈਂਬਰ ਸ਼ਾਮਲ ਹੋਣਗੇ। ਇਸ ਵਿੱਚ ਪ੍ਰਾਪਤ ਸ਼ਿਕਾਇਤਾਂ 'ਤੇ ਕੀਤੀ ਗਈ ਕਾਰਵਾਈ ਦੀ ਸਮੀਖਿਆ, ਨਵੀਆਂ ਸ਼ਿਕਾਇਤਾਂ ਦਾ ਮੁਲਾਂਕਣ ਅਤੇ ਪਿੰਡ ਪੱਧਰ 'ਤੇ 'ਯੁੱਧ ਨਸ਼ਿਆਂ ਵਿਰੁੱਧ' ਅਭਿਆਨ ਦੀ ਸਮੁੱਚੀ ਪ੍ਰਗਤੀ ਦੀ ਸਮੀਖਿਆ ਕੀਤੀ ਜਾਵੇਗੀ।

ਜੂਨ ਦੇ ਤੀਜੇ ਹਫ਼ਤੇ ਵਿੱਚ ਮੰਤਰੀਆਂ, ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੀ ਅਗਵਾਈ ਹੇਠ ਮੀਟਿੰਗ ਹੋਵੇਗੀ, ਜਿਸ ਵਿੱਚ ਦਰਜ ਸ਼ਿਕਾਇਤਾਂ ਦੀ ਸਥਿਤੀ ਦੀ ਸਮੀਖਿਆ ਕੀਤੀ ਜਾਵੇਗੀ ਅਤੇ ਵਿਧਾਨ ਸਭਾ ਤੇ ਬਲਾਕ ਕੋਆਰਡੀਨੇਟਰਾਂ ਤੋਂ ਫੀਡਬੈਕ ਲਈ ਜਾਵੇਗੀ। ਆਖਰੀ ਹਫ਼ਤੇ ਵਿੱਚ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ 'ਯੁੱਧ ਨਸ਼ਿਆਂ ਵਿਰੁੱਧ' ਅਭਿਆਨ ਦੀ ਪ੍ਰਗਤੀ ਦੀ ਸਮੀਖਿਆ ਕਰਨਗੇ, ਲੰਬਿਤ ਸ਼ਿਕਾਇਤਾਂ ਦੀ ਸਥਿਤੀ ਦਾ ਜਾਇਜ਼ਾ ਲੈਣਗੇ ਅਤੇ ਭਵਿੱਖ ਦੀ ਕਾਰਜਯੋਜਨਾ ਬਾਰੇ ਦੱਸਣਗੇ।

ਇਹ ਸੁਚਾਰੂ ਸਮੀਖਿਆ ਪ੍ਰਕਿਰਿਆ ਨਸ਼ਾ ਵਿਰੋਧੀ ਪਹਿਲਕਦਮੀਆਂ ਵਿੱਚ ਮਾਨ ਸਰਕਾਰ ਦੀ ਜਵਾਬਦੇਹੀ ਅਤੇ ਲਗਾਤਾਰ ਨਿਗਰਾਨੀ 'ਤੇ ਜ਼ੋਰ ਨੂੰ ਦਰਸਾਉਂਦੀ ਹੈ। ਇਹ ਬੈਠਕਾਂ ਵੀਡੀਸੀ ਕਨਵੀਨਰਾਂ, ਕਾਰਜਕਾਰੀ ਪ੍ਰਧਾਨਾਂ, ਬਲਾਕ ਕੋਆਰਡੀਨੇਟਰਾਂ ਅਤੇ ਪ੍ਰਤੀਨਿਧੀਆਂ ਤੋਂ ਫੀਡਬੈਕ ਲੈਣ ਦੇ ਨਾਲ-ਨਾਲ ਅਭਿਆਨ ਤਹਿਤ ਕੀਤੀਆਂ ਗਈਆਂ ਵੱਖ-ਵੱਖ ਪਹਿਲਕਦਮੀਆਂ ਦੀ ਪ੍ਰਭਾਵਸ਼ੀਲਤਾ ਦਾ ਮੁਲਾਂਕਣ ਕਰਨ ਦੇ ਉਦੇਸ਼ ਨਾਲ ਆਯੋਜਿਤ ਕੀਤੀਆਂ ਜਾ ਰਹੀਆਂ ਹਨ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, ਈ-ਰਿਕਸ਼ਾ ਅਭਿਆਨ ਮਾਨ ਸਰਕਾਰ ਦੀਆਂ ਉਪਲੱਬਧੀਆਂ ਵਿੱਚ ਇੱਕ ਹੋਰ ਵੱਡਾ ਮੀਲ ਪੱਥਰ ਹੈ। ਲੋਕਾਂ ਤੋਂ ਸੁਰੱਖਿਅਤ ਅਤੇ ਗੁਪਤ ਤਰੀਕੇ ਨਾਲ ਜਾਣਕਾਰੀ ਇਕੱਠੀ ਕਰਨ ਦੇ ਨਾਲ-ਨਾਲ, ਇਹ ਈ-ਰਿਕਸ਼ੇ ਨਸ਼ੇ ਦੇ ਸਮਾਜਿਕ ਅਤੇ ਆਰਥਿਕ ਪ੍ਰਭਾਵਾਂ ਅਤੇ ਇਸ ਤੋਂ ਛੁਟਕਾਰਾ ਪਾਉਣ ਦੇ ਤਰੀਕਿਆਂ 'ਤੇ ਲੋਕਾਂ ਨਾਲ ਗੱਲਬਾਤ ਸ਼ੁਰੂ ਕਰਨ ਵਿੱਚ ਮਦਦ ਕਰ ਰਹੇ ਹਨ। ਸਥਾਨਕ ਨਿਵਾਸੀਆਂ ਨੇ ਇਨ੍ਹਾਂ ਮੋਬਾਈਲ ਯੂਨਿਟਾਂ ਰਾਹੀਂ ਕੀਤੇ ਗਏ ਆਉਟਰੀਚ ਪ੍ਰੋਗਰਾਮਾਂ ਵਿੱਚ ਗਹਿਰੀ ਦਿਲਚਸਪੀ ਦਿਖਾਈ ਹੈ, ਜਿਸ ਨਾਲ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਪਹਿਲ ਇੱਕ ਜਨ ਅੰਦੋਲਨ ਬਣ ਗਈ ਹੈ। ਭਗਵੰਤ ਮਾਨ ਸਰਕਾਰ ਦਾ ਮੰਨਣਾ ਹੈ ਕਿ ਨਸ਼ੇ ਦੇ ਖ਼ਿਲਾਫ਼ ਲੜਾਈ ਸਿਰਫ਼ ਕਾਰਵਾਈ ਨਾਲ ਨਹੀਂ ਜਿੱਤੀ ਜਾ ਸਕਦੀ, ਇਸ ਲਈ ਸਮਾਜ ਦੀ ਸਰਗਰਮ ਭਾਗੀਦਾਰੀ ਜ਼ਰੂਰੀ ਹੈ।

ਜਾਗਰੂਕਤਾ, ਲੋਕਾਂ ਦੀ ਭਾਗੀਦਾਰੀ ਅਤੇ ਸਥਾਨਕ ਪੱਧਰ 'ਤੇ ਜਵਾਬਦੇਹੀ ਇਸ ਪ੍ਰੋਗਰਾਮ ਦੀਆਂ ਮੁੱਖ ਵਿਸ਼ੇਸ਼ਤਾਵਾਂ ਹਨ, ਇਸ ਲਈ ਈ-ਰਿਕਸ਼ਾ ਪਹਿਲ ਨੂੰ ਨਸ਼ੇ ਦੇ ਖ਼ਿਲਾਫ਼ ਲੜਾਈ ਵਿੱਚ ਇੱਕ ਕਾਰਗਰ ਕਦਮ ਮੰਨਿਆ ਜਾ ਰਿਹਾ ਹੈ।

# ਡਿਪਟੀ ਕਮਿਸ਼ਨਰ ਦਫ਼ਤਰ ਨੇ ਮਨਾਇਆ ਵਿਸ਼ਵ ਵਾਤਾਵਰਣ ਦਿਵਸ

## ਥਾਪਰ ਚੌਕ ਤੋਂ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਤੱਕ ਸੜਕ ਕਿਨਾਰੇ ਫੁੱਲਾਂ ਵਾਲੇ ਬੂਟੇ ਲਗਾ ਕੇ ਕੀਤਾ ਜਾਵੇਗਾ ਸੁੰਦਰੀਕਰਨ




**ਪਟਿਆਲਾ, 9 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਦਫ਼ਤਰ ਨੇ ਅੱਜ ਵਿਸ਼ਵ ਵਾਤਾਵਰਣ ਦਿਵਸ ਮਨਾਇਆ। ਇਸ ਮੌਕੇ ਇੱਥੇ ਡੀ.ਸੀ ਦਫ਼ਤਰ, ਜੇਲ੍ਹ ਰੋਡ 'ਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਬੂਟੇ ਲਗਾਉਂਦਿਆਂ ਲੋਕਾਂ ਨੂੰ ਵੱਧ ਤੋਂ ਵੱਧ ਰੁੱਖ ਲਾਉਣ ਦਾ ਸੱਦਾ ਦਿੱਤਾ।

ਡਾ. ਹਿਮਾਂਸ਼ੂ ਅਗਰਵਾਲ ਕਿਹਾ ਕਿ ਹਰ ਸਾਰੇ ਜ਼ਿਲ੍ਹਾ ਨਿਵਾਸੀ ਆਪਣੇ ਘਰਾਂ ਤੇ ਜਮੀਨਾਂ ਸਮੇਤ ਆਲੇ-ਦੁਆਲੇ ਅਤੇ ਖਾਲੀ ਥਾਵਾਂ ਵਿਖੇ ਬੂਟੇ ਜਰੂਰ ਲਾਉਣ ਤਾਂ ਕਿ ਅਸੀਂ ਆਪਣੇ ਪਟਿਆਲਾ ਸ਼ਹਿਰ ਤੇ ਪੂਰੇ ਜ਼ਿਲ੍ਹੇ ਨੂੰ ਰਲ-ਮਿਲਕੇ ਹਰਿਆ-ਭਰਿਆ ਬਣਾ ਸਕੀਏ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਬੂਟੇ ਚਾਹੀਦੇ ਹੋਣ ਤਾਂ ਉਹ ਡਿਪਟੀ ਕਮਿਸ਼ਨਰ ਦਫ਼ਤਰ ਜਾਂ ਵਣ ਵਿਭਾਗ ਨਾਲ ਸੰਪਰਕ ਕਰ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅੱਜ ਤੋਂ ਮਾਨਸੂਨ ਦੌਰਾਨ ਜ਼ਿਲ੍ਹੇ ਭਰ 'ਚ ਬੂਟੇ ਲਗਾਏ ਜਾਣਗੇ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਮੁਤਾਬਕ ਸ੍ਰੀ ਗੁਰੂ ਰਵਿਦਾਸ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਣ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਜ਼ਿਲ੍ਹੇ ਵਿੱਚ 6.50 ਲੱਖ ਬੂਟੇ ਲਗਾਉਣ ਦਾ ਟੀਚਾ ਵੀ ਪੂਰਾ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਦੇ ਨਾਲ ਹੀ ਪਟਿਆਲਾ ਸ਼ਹਿਰ 'ਚ ਥਾਪਰ ਯੂਨੀਵਰਸਿਟੀ ਚੌਂਕ ਤੋਂ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਤੱਕ ਜਾਣ ਸੜਕ ਕਿਨਾਰੇ ਵੀ ਫੁੱਲਾਂ ਵਾਲੇ ਬੂਟੇ ਲਗਾ ਕੇ ਡੀ.ਸੀ ਦਫ਼ਤਰ, ਜੇਲ੍ਹ ਰੋਡ ਦਾ ਸੁੰਦਰੀਕਰਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਕੰਮ ਲਈ ਐਨਕੈਪ ਤਹਿਤ ਫੰਡ ਜਾਰੀ ਹੋ ਚੁੱਕੇ ਹਨ ਅਤੇ ਵਣ ਵਿਭਾਗ, ਲੋਕ ਨਿਰਮਾਣ ਤੇ ਨਗਰ ਨਿਗਮ ਵੱਲੋਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਇਸ ਪ੍ਰਾਜੈਕਟ ਉਪਰ ਕੰਮ ਸ਼ੁਰੂ ਕੀਤਾ ਜਾ ਚੁੱਕਾ ਹੈ।

ਇਸ ਮੌਕੇ ਪਟਿਆਲਾ ਦੇ ਵਣ ਮੰਡਲ ਅਫ਼ਸਰ ਸਤਿੰਦਰ ਸਿੰਘ, ਵਣ ਰੇਂਜ ਅਫ਼ਸਰ ਗੁਰਿੰਦਰ ਸਿੰਘ, ਬਲਾਕ ਅਫ਼ਸਰ ਰਮਨਪ੍ਰੀਤ ਸਿੰਘ, ਵਣ ਗਾਰਡ ਬਿੱਟੂ ਸਿੰਘ, ਰਿਧੀ ਸ਼ਰਮਾ, ਵਿਕਰਮਜੀਤ ਸਿੰਘ ਅਤੇ ਜੀਵਨ ਖਾਨ ਸਮੇਤ ਡਿਪਟੀ ਕਮਿਸ਼ਨਰ ਦਫ਼ਤਰ ਦਾ ਸਟਾਫ਼ ਵੀ ਮੌਜੂਦ ਰਿਹਾ।

# ਮਾਨ ਸਰਕਾਰ ਦੀ 'ਮੇਰੀ ਰਸੋਈ' ਯੋਜਨਾ ਨਾਲ ਲੋੜਵੰਦ ਪਰਿਵਾਰਾਂ ਨੂੰ ਮਿਲ ਰਹੀ ਰਾਹਤ: ਸੁੱਖੀ ਰੱਖੜਾ



**ਸਮਾਣਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਆਗੂ ਸੁਰਜੀਤ ਸਿੰਘ ਰੱਖੜਾ ਦੇ ਸਪੁੱਤਰ ਸੁੱਖੀ ਰੱਖੜਾ ਵੱਲੋਂ ਹਲਕਾ ਸਮਾਣਾ ਦੇ ਪਿੰਡ ਭੇਡਪੁਰਾ, ਤਰੋੜਾ ਕਲਾਂ, ਤਰੋੜਾ ਖੁਰਦ ਅਤੇ ਕੂਕਾ ਵਿਖੇ ਮਾਨ ਸਰਕਾਰ ਦੀ 'ਮੇਰੀ ਰਸੋਈ' ਯੋਜਨਾ ਤਹਿਤ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ।

ਇਸ ਮੌਕੇ ਸੁੱਖੀ ਰੱਖੜਾ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੇਰੀ ਰਸੋਈ' ਯੋਜਨਾ ਦਾ ਮੁੱਖ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਪਰਿਵਾਰਾਂ ਨੂੰ ਰਸੋਈ ਦੀਆਂ ਜ਼ਰੂਰੀ ਵਸਤਾਂ ਮੁਹੱਈਆ ਕਰਵਾਉਣਾ ਹੈ, ਤਾਂ ਜੋ ਮਹਿੰਗਾਈ ਦੇ ਮੌਜੂਦਾ ਦੌਰ ਵਿੱਚ ਉਨ੍ਹਾਂ ਨੂੰ ਕੁਝ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਲੋਕ ਭਲਾਈ ਨੂੰ ਸਮਰਪਿਤ ਹੋ ਕੇ ਸਮਾਜ ਦੇ ਹਰ ਵਰਗ ਤੱਕ ਸਹਾਇਤਾ ਪਹੁੰਚਾਉਣ ਲਈ ਲਗਾਤਾਰ ਯਤਨਸ਼ੀਲ ਹੈ।

ਸੁੱਖੀ ਰੱਖੜਾ ਨੇ ਕਿਹਾ ਕਿ ਲੋੜਵੰਦ ਪਰਿਵਾਰਾਂ ਦੀ ਸਹਾਇਤਾ ਲਈ ਅਜਿਹੇ ਸੇਵਾ ਕਾਰਜ ਭਵਿੱਖ ਵਿੱਚ ਵੀ ਜਾਰੀ ਰੱਖੇ ਜਾਣਗੇ, ਤਾਂ ਜੋ ਵੱਧ ਤੋਂ ਵੱਧ ਲਾਭਪਾਤਰੀਆਂ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚ ਸਕੇ।

ਇਸ ਮੌਕੇ ਲਾਭਪਾਤਰੀ ਪਰਿਵਾਰਾਂ ਅਤੇ ਇਲਾਕਾ ਨਿਵਾਸੀਆਂ ਨੇ ਮਾਨ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਲੋਕ-ਹਿਤੈਸ਼ੀ ਯੋਜਨਾਵਾਂ ਨਾਲ ਲੋੜਵੰਦ ਪਰਿਵਾਰਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ।

# ਬਸੰਤ ਰਿਤੂ ਕਲੱਬ ਨੇ ਮਨਾਇਆ ਵਾਤਾਵਰਨ ਦਿਵਸ

**ਪਟਿਆਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਵੱਲੋਂ ਮਾਈ ਭਾਰਤ ਯੁਵਾ ਅਤੇ ਖੇਡ ਮੰਤਰਾਲੇ ਭਾਰਤ ਸਰਕਾਰ ਦੇ ਸਹਿਯੋਗ ਨਾਲ ਸ੍ਰੀ ਰਾਧਾ ਕ੍ਰਿਸ਼ਨ ਬਾਗ ਵਿਖੇ ਵਾਤਾਵਰਨ ਦਿਵਸ ਮਨਾਇਆ ਗਿਆ। ਇਸ ਦੀ ਪ੍ਰਧਾਨਗੀ ਕਲੱਬ ਦੇ ਸੰਸਥਾਪਕ ਰਾਜੇਸ਼ ਸ਼ਰਮਾ ਨੇ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਅੰਬ ਦਾ ਬੂਟਾ ਗਲਾ ਕੇ ਵਾਤਾਵਰਨ ਦਿਵਸ ਦਾ ਉਦਘਾਟਨ ਕੀਤਾ ਗਿਆ ਅਤੇ ਸੰਸਥਾਪਕ ਰਾਜੇਸ਼ ਸ਼ਰਮਾ ਰਾਮਟੱਟਵਾਲੀ ਨੇ ਆਖਿਆ ਕਿ ਅੱਜ ਪਟਿਆਲਾ ਦੇ ਵੱਖ—ਵੱਖ ਇਲਾਕਿਆਂ ਤੋਂ ਲੜਕੇ ਅਤੇ ਲੜਕੀਆਂ ਵੱਲੋਂ ਜਿੱਥੇ ਪੌਦੇ ਲਗਾਏ ਗਏ ਉਸ ਦੇ ਨਾਲ ਨਾਲ ਇਹ ਸੰਕਲਪ ਵੀ ਲਿੱਤਾ ਗਿਆ ਕਿ ਉਹ ਵਾਤਾਵਰਨ ਬਚਾਉਣ ਲਈ ਵਧੇਰੇ ਪੌਦੇ ਲਗਾਉਣਗੇ ਅਤੇ ਆਪਣੇ ਜਨਮ ਦਿਨ ਮੌਕੇ ਵੀ ਉਹ ਪੌਦਾ ਲਗਾ ਕੇ ਆਪਣਾ ਜਨਮਦਿਨ ਮਨਾਉਣਗੇ। ਕਲੱਬ ਵੱਲੋਂ ਪਿਛਲੇ 34 ਸਾਲਾਂ ਤੋਂ ਵਾਤਾਵਰਨ ਨੂੰ ਬਚਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਬਾਗਾਂ ਵਿੱਚ, ਸਕੂਲਾਂ ਵਿੱਚ, ਪਾਰਕਾਂ ਵਿੱਚ ਸਰਕਾਰੀ ਸੰਸਥਾਵਾਂ ਵਿੱਚ, ਸਾਂਝੀਆਂ ਥਾਵਾਂ ਤੇ, ਪੌਦੇ ਲਗਾ ਕੇ ਹਰਿਆਵਲ ਨੂੰ ਵਧਾਉਣ ਦਾ ਸੰਦੇਸ਼ ਵੀ ਦਿੱਤਾ ਜਾ ਰਿਹਾ ਹੈ। ਜਿੱਥੇ ਕਲੱਬ ਵਲੋਂ ਪੌਦੇ ਲਗਾਏ ਜਾਂਦੇ ਹਨ ਉਸ ਦੇ ਨਾਲ ਨਾਲ ਲੋਕਾਂ ਨੂੰ ਜਲ ਬਚਾਉਣ ਲਈ ਵੀ ਪ੍ਰੇਰਿਤ ਕੀਤਾ ਜਾਂਦਾ ਹੈ। ਜੇਕਰ ਅਸੀਂ ਪੌਦੇ ਅਤੇ ਜਲ ਨਾ ਬਚਾਇਆ ਤਾਂ ਆਉਣ ਵਾਲਾ ਸਮਾਂ ਬਹੁਤ ਹੀ ਸੰਕਟ ਵਾਲਾ ਹੋ ਸਕਦਾ ਹੈ। ਇਸ ਲਈ ਸਮਾਜ ਦੇ ਹਰ ਵਰਗ ਨੂੰ ਪੌਦੇ ਅਤੇ ਜਲ ਬਚਾਉਣ ਦੇ ਉਪਰਾਲੇ ਕਰਨੇ ਚਾਹੀਦੇ ਹਨ।

# ਪਸ਼ੂ ਪਾਲਣ ਕਾਮੇ ਡਿਪਟੀ ਡਰਾਇਕਟਰ ਦਫਤਰ ਰੋਣੀ ਅੱਗੇ ਲਾਉਣਗੇ ਧਰਨਾ



**ਪਟਿਆਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਜਿਲਾ ਪਟਿਆਲਾ ਦੀ ਮੀਟਿੰਗ ਲਖਵਿੰਦਰ ਸਿੰਘ ਖਾਨਪੁਰ,ਜਸਵਿੰਦਰ ਸੌਜਾ, ਜਸਵੀਰ ਖੋਖਰ ਤੇ ਦਿਆਲ ਸਿੰਘ ਸਿੱਧੂ ਦੀ ਅਗਵਾਈ ਹੇਠ ਪਟਿਆਲਾ ਵਿਖੇ ਹੋਈ ਜਿਸ ਵਿੱਚ ਫੈਸਲਾ ਕੀਤਾ ਗਿਆ ਕਿ 9 ਜੂਨ ਨੂੰ ਡਿਪਟੀ ਡਰਾਇਕਟਰ ਪਸ਼ੂ ਪਾਲਣ ਦਫਤਰ ਰਾਉਣੀ ਵਿਖੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ ਕਿਉਂਕਿ ਲੰਮੇ ਸਮੇਂ ਤੋਂ ਸਰਕਾਰ ਵੱਲੋਂ ਜਿੱਥੇ ਪਸ਼ੂ ਪਾਲਣ ਕਾਮਿਆਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ ਉੱਥੇ ਉਨਾਂ ਦੀ ਉਜਰਤਾ ਵਿੱਚ ਨਾ ਹੀ ਵਾਧਾ ਕੀਤਾ ਜਾ ਰਿਹਾ ਹੈ ਅਤੇ ਨਾ ਹੀ ਸੀਨੀਆਰਤਾ ਸੂਚੀ ਬਣਾ ਕੇ ਸਰਕਾਰ ਨੂੰ ਭੇਜੀ ਜਾ ਰਹੀ ਹੈ ਅੱਜ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਦਰਸ਼ਨ ਬੇਲੂ ਮਾਜਰਾ,ਰਾਜਪਾਲ ਰਸੋਈ ਧਰਮ ਪਾਲ ਲੌਟ ਨੇ ਕਿਹਾ ਕਿ ਜਿੱਥੇ ਕੱਚੇ ਕਾਮੇ ਲੰਮੇ ਸਮੇਂ ਤੋਂ ਪੱਕੇ ਹੋਣ ਦੀ ਉਡੀਕ ਕਰ ਰਹੇ ਹਨ ਉਥੇ ਦਰਜਾ ਚਾਰ ਕਰਮਚਾਰੀਆਂ ਨਾਲ ਦਫਤਰ ਦੀ ਮੈਨੇਜਮੈਂਟ ਦਾ ਜੋ ਵਿਵਹਾਰ ਹੈ ਉਹ ਵੀ ਬਹੁਤ ਮਦਭਾਗਾ ਹੈ ਦਫਤਰ ਦੀ ਮੈਨੇਜਮੈਂਟ ਵੱਲੋ ਦਰਜਾ ਚਾਰ ਕਾਮਿਆਂ ਨੂੰ ਇਨਸਾਨ ਨਾ ਸਮਝਤੇ ਹੋਏ ਉਹਨਾਂ ਨਾਲ ਬਹੁਤ ਹੀ ਭੈੜਾ ਵਤੀਰਾ ਕੀਤਾ ਜਾ ਰਿਹਾ ਹੈ। ਮੈਨੇਜਮੈਂਟ ਵੱਲੋਂ ਜਿੱਥੇ ਇਹਨਾਂ ਨੂੰ ਦਫਤਰ ਵਿੱਚ ਵੜਨ ਤੇ ਮਾੜਾ ਚੰਗਾ ਕਿਹਾ ਜਾਂਦਾ ਹੈ ਅਤੇ ਜੋ ਸਬੰਧਤ ਕੰਮਾਂ ਲਈ ਕਾਮਿਆਂ ਨੂੰ ਜਾਣਾ ਪੈਂਦਾ ਹੈ ਉਹਨਾਂ ਨੂੰ ਜਲੀਲ ਕੀਤਾ ਜਾਂਦਾ ਹੈ ਜਿਸ ਕਰਕੇ ਜਥੇਬੰਦੀ ਨੇ ਫੈਸਲਾ ਕੀਤਾ ਹੈ ਕਿ ਜਿੱਥੇ ਉਹ ਆਪਣੀਆਂ ਮੰਗਾਂ ਦੇ ਲਈ ਲੜਾਈ ਲੜਨਗੇ ਉੱਥੇ ਇਹੋ ਜਿਹੇ ਭਰਿਸ਼ਟ ਮੁਲਾਜ਼ਮਾਂ ਦਾ ਕੱਚਾ ਚਿੱਠਾ ਵੀ ਸਰਕਾਰ ਤੇ ਉੱਚ ਅਧਿਕਾਰੀਆਂ ਅੱਗੇ ਨੰਗਾ ਕਰਨਗੇ ਜੋ ਦਰਜਾ ਚਾਰ ਮੁਲਾਜ਼ਮਾਂ ਨਾਲ ਭੈੜਾ ਵਤੀਰਾ ਵਰਤਦੇ ਹਨ ਅੱਜ ਦੀ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕੁਲਦੀਪ ਸਿੰਘ ਘੱਗਾ, ਰਜਿੰਦਰ ਸਿੰਘ ਧਾਲੀਵਾਲ, ਰਣਧੀਰ ਸਿੰਘ ਬਹਿਰ ਜੱਸ, ਨਰੇਸ਼ ਕੁਮਾਰ ਦੇਧਨਾ, ਗੁਰਮੀਤ ਸਿੰਘ ਪਟਿਆਲਾ, ਪਵਨ ਕੁਮਾਰ ਪਾਤੜਾਂ, ਕ੍ਰਿਸ਼ਨ ਖਨੌਰੀ,ਭਜਨ ਸਿੰਘ ਰੋਹਟੀ, ਕਰਮ ਸਿੰਘ ਨਾਭਾ, ਬੀਰੂ ਰਾਮ ਪਟਿਆਲਾ, ਪ੍ਰਕਾਸ਼ ਘਨੌਰ ਆਦਿ ਸ਼ਾਮਿਲ ਹੋਏ।

# ਸਾਨੂੰ ਸਭ ਨੂੰ ਬੂਟੇ ਵੱਧ ਤੋਂ ਵੱਧ ਲਗਾਉਣੇ ਚਾਹੀਦੇ ਹਨ : ਤੇਜਿੰਦਰ ਸਿੰਘ



**ਪਟਿਆਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ 25 ਸਾਲਾ ਤੋਂ ਲਗਾਤਾਰ ਕੰਮ ਕਰ ਹੀ ਹੈ, ਇਸ ਸਾਲ ਉਹਨਾਂ ਦਾ ਸਿਲਵਰ ਜੁਬਲੀ ਸਾਲ ਵੀ ਚਲ ਰਿਹਾ ਹੈ। ਸ੍ਰੀ ਤੇਜਿੰਦਰ ਸਿੰਘ ਚੇਅਰਮੈਨ ਪਟਿਆਲਾ ਡਿਵੈਲਪਮੈਂਟ ਨੇ ਕਿਹਾ ਕਿ ਸਭ ਨੂੰ ਬੂਟੇ ਵੱਧ ਤੋਂ ਵੱਧ ਲਗਾਉਣੇ ਚਾਹੀਦੇ ਹਨ। ਹਰ ਪਰਿਵਾਰ ਨੂੰ ਜਿੱਥੇ ਵੀ ਰਹਿੰਦਾ ਹੋਵੇ ਉੱਥੇ ਹਰਾ ਭਰਾ ਰੱਖਣਾ ਸਾਡਾ ਸਭ ਦਾ ਫਰਜ ਹੈ। ਤਾਂ ਕਿ ਸ਼ੁੱਧ ਆਕਸੀਜਨ ਪ੍ਰਾਪਤ ਹੋ ਸਕੇ ਅਤੇ ਜੀਵਨ ਸੁਚਾਰੂ ਰੂਪ ਨਾਲ ਚਲ ਸਕੇ। ਇਸ ਦੇ ਨਾਲ ਨਾਲ ਪਲਾਸਟਿਕ ਦੀ ਵਰਤੋ ਨਾ ਕੀਤੀ ਜਾਵੇ ਸਗੋਂ ਕੱਪੜੇ ਦੇ ਥੈਲੇ ਜਾਂ ਜੂਟ ਦੇ ਥੈਲੇ ਵਰਤੇ ਜਾਣ। ਸ੍ਰੀ ਵਿਜੇ ਕੁਮਾਰ ਗੋਇਲ ਨੇ ਆਏ ਹੋਏ ਮਹਿਮਾਨਾ ਨੂੰ ਜੀ ਆਇਆ ਕਿਹਾ ਅਤੇ ਦੱਸਿਆ ਕਿ ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਹੁਣ ਤੱਕ ਲਗਭਗ ਇੱਕ ਲੱਖ 50 ਹਜਾਰ ਤੋਂ ਵੱਧ ਕੱਪੜੇ ਦੇ ਥੈਲੇ ਵੰਡ ਚੁੱਕੀ ਹੈ। ਅੱਜ ਵਾਤਾਵਰਨ ਦਿਵਸ ਤੇ ਬੂਟੇ ਲਗਾਏ ਗਏ ਅਤੇ ਕੱਪੜੇ ਦੇ ਥੈਲੇ ਵੀ ਵੰਡੀ ਗਏ ਅਤੇ ਸੰਦੇਸ਼ ਵੀ ਦਿੱਤਾ ਗਿਆ ਕਿ ਵਾਤਾਵਰਨ ਨੂੰ ਸ਼ੁੱਧ ਰੱਖਣ ਅਤੇ ਬੂਟੇ ਲਗਾਉਣ ਲਈ ਜਾਗਰੂਕ ਕੀਤਾ ਗਿਆ। ਇਸ ਅਵਸਰ ਤੇ ਆਈ.ਟੀ.ਆਈ. ਦੇ ਅਧਿਆਪਕਾਂ ਦਾ ਸਨਮਾਨ ਕੀਤਾ ਗਿਆ। ਸ੍ਰੀਮਤੀ ਨੀਨਾ ਰਾਣੀ, ਸ੍ਰੀਮਤੀ ਜਸਦੀਪ ਕੌਰ, ਸ੍ਰੀਮਤੀ ਗੁਰਵੀਰ ਕੌਰ, ਬਲਵੀਰ ਕੌਰ, ਸੀਨੂੰ ਸੈਨੀ, ਸੋਨੂੰ ਸਤੀਜਾ, ਰਾਜੋ ਰਾਣੀ, ਗੀਤੀਕਾ ਸ਼ਰਮਾ, ਅਮਰਜੀਤ ਸਿੰਘ, ਉਮੇਸ਼ ਗਹਿਰਾ, ਮਲਕੀਅਤ ਸਿੰਘ, ਜਤਿੰਦਰ ਕੁਮਾਰ, ਪਰਵੀਨ ਕੁਮਾਰ, ਇੰਦਰਜੀਤ ਸਿੰਘ, ਬਲਬੀਰ ਸਿੰਘ, ਸਾਮ ਲਾਲ ਵੀ ਉਚੇਚੇ ਤੌਰ ਤੇ ਸਨਮਾਨ ਕੀਤਾ ਗਿਆ। ਸੋਸਾਇਟੀ ਵਲੋਂ ਬੂਟੇ ਵੀ ਲਗਾਏ ਗਏ ਅਤੇ ਇਸ ਅਵਸਰ ਤੇ ਆਈ.ਟੀ.ਆਈ. ਨੂੰ ਇੱਕ ਏ.ਸੀ. ਦੇਣ ਦਾ ਵੀ ਫੈਸਲਾ ਕੀਤਾ ਗਿਆ। ਇਸ ਅਵਸਰ ਤੇ ਸਤੀਸ਼ ਵਿਦਰੋਹੀ ਅਤੇ ਬਰਜਿੰਦਰ ਠਾਕੁਰ ਨੇ ਆਪਣੀਆਂ ਰਚਨਾਵਾਂ ਨਾਲ ਸਭ ਦਾ ਮਨ ਮੋਹ ਲਿਆ। ਇਸ ਅਵਸਰ ਤੇ ਹਰਬੰਸ ਬਾਂਸਲ, ਰਾਜੇਸ਼ ਵਰਮਾ, ਅਜੀਤ ਸਿੰਘ ਭੱਟੀ, ਸਤਿੰਦਰ ਕੁਮਾਰ ਗੁਪਤਾ, ਸੰਜੇ ਧੀਰ, ਸੋਹਨ ਲਾਲ ਕਾਂਸਲ, ਕਮਲ ਗੋਇਲ, ਰਵਿੰਦਰ ਸਿੰਘ ਸਭਰਵਾਲ, ਆਦਿ ਹਾਜਰ ਸਨ।

# ਫਿਨਲੈਂਡ ਤੋਂ ਪਰਤੇ ਚਾਰ ਅਧਿਆਪਕਾਂ ਦਾ ਸਨਮਾਨ



**ਪਟਿਆਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਫਿਨਲੈਂਡ ਵਿਖੇ ਟ੍ਰੇਨਿੰਗ 'ਤੇ ਭੇਜੇ ਗਏ ਬਲਾਕ ਪਟਿਆਲਾ-2 ਦੇ ਚਾਰ ਅਧਿਆਪਕ ਟ੍ਰੇਨਿੰਗ ਹਾਸਲ ਕਰਨ ਮਗਰੋਂ ਵਾਪਸ ਪਰਤ ਆਏ ਹਨ। ਜਿਨਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਨਿਊ ਯਾਦਵਿੰਦਰਾ ਕਲੋਨੀ ਦੇ ਅਧਿਆਪਕਾ ਏਮਨਦੀਪ ਕੌਰ, ਸਰਕਾਰੀ ਪ੍ਰਾਇਮਰੀ ਸਕੂਲ ਵਿਕਟੋਰੀਆ ਦੇ ਅਧਿਆਪਕਾ ਗਗਨਦੀਪ ਕੌਰ, ਸਰਕਾਰੀ ਪ੍ਰਾਇਮਰੀ ਸਕੂਲ ਦੀਪ ਨਗਰ ਦੇ ਅਧਿਆਪਕਾ ਸਤਿੰਦਰਦੀਪ ਕੌਰ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਰਾਘੋਮਾਜਰਾ ਦੇ ਅਧਿਆਪਕਾ ਰੁਪਿੰਦਰਜੀਤ ਕੌਰ ਸ਼ਾਮਿਲ ਹਨ। ਇਹਨਾਂ ਅਧਿਆਪਕਾਂ ਦਾ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ੍. ਪ੍ਰਿਥੀ ਸਿੰਘ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।

ਬਲਾਕ ਪ੍ਰਾਇਮਰੀ ਸਿੱਖਿਆ ਦਫਤਰ ਵਿਖੇ ਰੱਖੇ ਗਏ ਇੱਕ ਸਨਮਾਨ ਸਮਾਰੋਹ ਮੌਕੇ ਸੰਬੋਧਨ ਕਰਦਿਆਂ ਬੀਪੀਈਓ ਪ੍ਰਿਥੀ ਸਿੰਘ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਅਧਿਆਪਕਾਂ ਨੂੰ ਚੰਗੀਆਂ ਤਕਨੀਕਾਂ ਨਾਲ ਪੜ੍ਹਾਉਣਾ ਸਿਖਾਉਣ ਦੇ ਉਦੇਸ਼ ਨਾਲ ਫਿਨਲੈਂਡ ਟ੍ਰੇਨਿੰਗ 'ਤੇ ਭੇਜਣਾ ਪੰਜਾਬ ਸਰਕਾਰ ਦਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਨੇ ਕਿਹਾ ਕਿ ਫਿਨਲੈਂਡ ਟ੍ਰੇਨਿੰਗ 'ਤੇ ਭੇਜੇ ਜਾਣ ਵਾਲੇ ਅਧਿਆਪਕਾਂ ਲਈ ਪੰਜਾਬ ਸਰਕਾਰ ਵੱਲੋਂ ਰੱਖੇ ਗਏ ਤੈਅ ਪੈਮਾਨੇ ਅਨੁਸਾਰ ਜੋ ਅਧਿਆਪਕ ਯੋਗ ਹੁੰਦੇ ਹਨ ਉਹਨਾਂ ਨੂੰ ਹੀ ਟ੍ਰੇਨਿੰਗ ਲਈ ਫਿਨਲੈਂਡ ਭੇਜਿਆ ਜਾਂਦਾ ਹੈ। ਉਹਨਾਂ ਕਿਹਾ ਕਿ ਮੇਰੇ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਮੇਰੇ ਆਪਣੇ ਬਲਾਕ ਪਟਿਆਲਾ-2 ਦੇ ਚਾਰ ਅਧਿਆਪਕ ਇਸ ਵਾਰ ਫਿਨਲੈਂਡ ਤੋਂ ਟ੍ਰੇਨਿੰਗ ਹਾਸਲ ਕਰਕੇ ਆਏ ਹਨ। ਇਹ ਅਧਿਆਪਕ ਅੱਗੇ ਜਾ ਕੇ ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ ਨੂੰ ਫਿਨਲੈਂਡ ਟ੍ਰੇਨਿੰਗ ਦੌਰਾਨ ਸਿੱਖਿਆ ਗਈਆਂ ਤਕਨੀਕਾਂ ਬਾਰੇ ਜਾਣਕਾਰੀ ਦੇਣਗੇ। ਜਿਸ ਦਾ ਫਾਇਦਾ ਸਿੱਧੇ ਤੌਰ 'ਤੇ ਵਿਦਿਆਰਥੀਆਂ ਨੂੰ ਹੋਵੇਗਾ। ਜਿਸ ਨਾਲ ਸਾਡੇ ਸਿੱਖਿਆ ਤੰਤਰ ਨੂੰ ਹੋਰ ਮਜਬੂਤੀ ਮਿਲੇਗੀ। ਉਹਨਾਂ ਕਿਹਾ ਕਿ ਪੰਜਾਬ ਸਰਕਾਰ

# ਝਾੜ ਸਾਹਿਬ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਵਿਸ਼ਵ ਵਾਤਾਵਰਨ ਦਿਵਸ ਮਨਾਇਆ



**ਮਾਛੀਵਾੜਾ ਸਾਹਿਬ, 9 ਜੂਨ**
**-ਸਤੀਸ਼ ਕੁਮਾਰ-**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ (ਲੁਧਿ.) ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੇ ਦਿਸ਼ਾ-ਨਿਰਦੇਸ਼ ਹੇਠ ਕਾਲਜ ਦੇ ਆਈ.ਕਿਉ.ਏ.ਸੀ. ਕਮੇਟੀ ਦੇ ਅੰਤਰਗਤ ਸੋਸ਼ਲ ਸੈਲਫ ਹੈਲਫ ਗਰੁੱਪ, ਐਨ.ਐਸ.ਐਸ.ਯੂਨਿਟ, ਸਪੋਰਟਸ ਵਿਭਾਗ, ਈਕੋ ਕਲੱਬ ਦੇ ਇੰਚਾਰਜਾਂ ਡਾ. ਸੁਨੀਤਾ ਕੌਸ਼ਲ, ਪ੍ਰੋ.ਜਸਵੀਰ ਕੌਰ, ਡਾ.ਮਨਦੀਪ ਕੌਰ, ਪ੍ਰੋ.ਸੁਖਨਪ੍ਰੀਤ ਕੌਰ, ਸ. ਰਣਵੀਰ ਸਿੰਘ ਸੋਮਲ ਅਤੇ ਲੈਕਚਰਾਰ ਨਵਪ੍ਰੀਤ ਕੌਰ ਦੀ ਅਗਵਾਈ ਹੇਠ ਕਾਲਜ ਵਿਦਿਆਰਥਣਾਂ ਅਤੇ ਸਟਾਫ ਨੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ। ਇਸ ਮੌਕੇ ਸ੍ਰੀਮਤੀ ਕਿਰਨਜੀਤ ਕੌਰ ਵਲੰਟੀਅਰ- ਯੁਵਾ ਕੇਂਦਰ ਸੰਗਠਨ ਅੰਡਰ ਦਾ ਮਨਿਸਟਰੀ ਆਫ ਯੂਥ ਅਫੇਅਰਜ਼ ਐਂਡ ਸਪੋਰਟਸ, ਗੌਰਮਿੰਟ ਆਫ ਇੰਡੀਆ ਦੇ ਸਹਿਯੋਗ ਨਾਲ ਕਾਲਜ ਵਿੱਚ ਛਾਂਦਾਰ ਅਤੇ ਫਲਦਾਰ ਬੂਟੇ ਲਗਾਏ। ਵਲੰਟੀਅਰਜ਼ ਵੱਲੋਂ ਇਸ ਸਾਲ ਦੇ ਥੀਮ ÷ਕੁਦਰਤ ਤੋਂ ਪ੍ਰੇਰਿਤ। ਮੌਸਮੀ ਤਬਦੀਲੀ ਲਈ। ਸਾਡੇ ਭਵਿੱਖ ਲਈ।÷ ਦੇ ਅਨੁਸਾਰ ਸਹੁੰ ਚੁੱਕੀ ਗਈ ਕਿ ਉਹ ਵਾਤਾਵਰਨ ਨੂੰ ਸੰਭਾਲਣ ਹਿੱਤ ਆਪਣਾ ਪੂਰਾ ਯੋਗਦਾਨ ਦੇਣਗੇ। ਇਸ ਮੌਕੇ ਪ੍ਰਿੰਸੀਪਲ ਵੱਲੋਂ ਵਿਦਿਆਰਥਣਾਂ ਨੂੰ ਵੱਧ ਤੋਂ ਵੱਧ ਬੂਟੇ ਲਗਾ ਕੇ ਵਾਤਾਵਰਨ ਦੀ ਸੰਭਾਲ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਦੇ ਹੋਏ ਵਾਤਾਵਰਣ ਸੰਤੁਲਨ ਬਣਾਈ ਰੱਖਣ, ਜਲਵਾਯੂ ਪਰਿਵਰਤਨ ਨਾਲ ਨਜਿੱਠਣ ਅਤੇ ਟਿਕਾਊ ਭਵਿੱਖ ਨੂੰ ਯਕੀਨੀ ਬਣਾਉਣ ਵਿੱਚ ਰੁੱਖਾਂ ਦੀ ਮਹੱਤਤਾ ਉਤੇ ਜੋਰ ਦਿੱਤਾ। ਡਾ.ਸੁਨੀਤਾ ਕੌਸ਼ਲ ਨੇ ਵਿਦਿਆਰਥਣਾਂ ਨੂੰ ਸੰਬੋਧਨ ਹੁੰਦੇ ਹੋਏ ਕਿਹਾ ਕਿ ਕੁਦਰਤ ਅਤੇ ਧਰਤੀ ਦੀ ਰੱਖਿਆ ਕਰਨ ਅਤੇ ਵਾਤਾਵਰਨ ਲਈ ਸਕਾਰਾਤਮਕ ਉਪਰਾਲੇ ਕਰਨ ਦੇ ਮਕਸਦ ਹਿੱਤ ਹੀ ਸੰਸਾਰ ਭਰ ਵਿੱਚ ਜਾਗਰੁਕਤਾ ਪੈਦਾ ਕਰਨ ਲਈ ਹਰ ਸਾਲ ਵਾਤਾਵਰਨ ਦਿਵਸ ਮਨਾਇਆ ਜਾਂਦਾ ਹੈ।

# ਅਮਨ ਅਰੋੜਾ ਨੇ 43 ਪਿੰਡਾਂ ਨੂੰ 69 ਵਿਕਾਸ ਕਾਰਜਾਂ ਲਈ 2.50 ਕਰੋੜ ਰੁਪਏ ਦੇ ਮਨਜ਼ੂਰੀ ਪੱਤਰ ਵੰਡੇ



**ਸੁਨਾਮ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਅਰਬਨ ਕਰੇਵ, ਸੁਨਾਮ ਵਿਖੇ ਕਰਵਾਏ ਇੱਕ ਵਿਸ਼ੇਸ਼ ਸਮਾਗਮ ਦੌਰਾਨ ਹਲਕਾ ਸੁਨਾਮ ਦੇ 43 ਪਿੰਡਾਂ ਨੂੰ 69 ਵਿਕਾਸ ਕਾਰਜਾਂ ਲਈ ਕਰੀਬ 2.50 ਕਰੋੜ ਰੁਪਏ ਦੇ ਮਨਜ਼ੂਰੀ ਪੱਤਰ ਵੰਡੇ। ਇਨ੍ਹਾਂ ਵਿਕਾਸ ਕਾਰਜਾਂ ਵਿੱਚ ਪਿੰਡਾਂ ਦੀਆਂ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਦੀਆਂ ਰੋਜ਼ਾਨਾ ਲੋੜਾਂ ਨਾਲ ਸਬੰਧਤ ਕੰਮਾਂ ਨੂੰ ਤਰਜੀਹ ਦਿੱਤੀ ਗਈ ਹੈ।

ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਅਤੇ ਸ਼ਹਿਰਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ ਅਤੇ ਇਸੇ ਉਦੇਸ਼ ਤਹਿਤ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਲਈ ਫੰਡ ਜਾਰੀ ਕੀਤੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਮਨਜ਼ੂਰ ਕੀਤੇ ਗਏ ਵਿਕਾਸ ਕਾਰਜਾਂ ਦੇ ਮੁਕੰਮਲ ਹੋਣ ਨਾਲ ਪਿੰਡਾਂ ਦੇ ਵਸਨੀਕਾਂ ਨੂੰ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ ਅਤੇ ਪਿੰਡਾਂ ਦੀ ਸਮੁੱਚੀ ਤਸਵੀਰ ਵਿੱਚ ਵੀ ਸੁਧਾਰ ਆਵੇਗਾ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਕੰਮ ਨਿਰਧਾਰਿਤ ਸਮੇਂ ਅੰਦਰ ਅਤੇ ਉੱਚ ਗੁਣਵੱਤਾ ਨਾਲ ਮੁਕੰਮਲ ਕਰਵਾਏ ਜਾਣ ਤਾਂ ਜੋ ਲੋਕਾਂ ਨੂੰ ਇਨ੍ਹਾਂ ਦਾ ਵੱਧ ਤੋਂ ਵੱਧ ਲਾਭ ਮਿਲ ਸਕੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਪ੍ਰੋਜੈਕਟਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਪਿੰਡਾਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਕਾਰਜਾਂ ਦੀ ਨਿਗਰਾਨੀ ਕਰਕੇ ਪਾਰਦਰਸ਼ਤਾ ਅਤੇ ਗੁਣਵੱਤਾ ਨੂੰ ਯਕੀਨੀ ਬਣਾਉਣ ਅਤੇ ਸਮੇਂ ਸਿਰ ਵਿਕਾਸ ਕਾਰਜ ਪੂਰੇ ਕੀਤੇ ਜਾਣ।

ਇਸ ਮੌਕੇ ਵੱਖ ਵੱਖ ਅਧਿਕਾਰੀ, ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚ, ਪੰਚਾਇਤੀ ਨੁਮਾਇੰਦੇ, ਪਾਰਟੀ ਆਗੂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਬੂਟੇ ਲਗਾ ਕੇ ਕਰੇਗੀ ਉਹਨਾਂ ਦੀ ਸਾਂਭ ਸੰਭਾਲ: ਐਸ ਪੀ ਸਵਰਨਜੀਤ ਕੌਰ

**ਪਟਿਆਲਾ, 9 ਜੂਨ/ਪਰਮਿੰਦਰ**
**-ਕੌਮੀ ਪੱਤ੍ਰਿਕਾ ਬਿਊਰੋ-**




ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਪਟਿਆਲਾ ਜ਼ਿਲ੍ਹੇ ਦੀ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਵਿਸ਼ਵ ਵਾਤਾਵਰਣ ਦਿਵਸ ਮੌਕੇ ਦੂਸ਼ਿਤ ਹੁੰਦੇ ਜਾ ਰਹੇ ਵਾਤਾਵਰਣ ਨੂੰ ਬਚਾਉਣ ਲਈ ਪੁਲਿਸ ਲਾਈਨ ਦੇ ਪਾਰਕ ਵਿੱਚ ਬੂਟੇ ਡਾਇਰੈਕਟਰ ਜਨਰਲ ਆਫ਼ ਪੁਲਿਸ ਗੋਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਾਮਊਨਿਟੀ ਅਫੇਅਰ ਡਵੀਜ਼ਨ ਪੰਜਾਬ ਗੁਰਪ੍ਰੀਤ ਕੌਰ ਦਿਓ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ, ਐਸ ਪੀ ਹੈਡਕੁਆਰਟਰ -ਕਮ-ਜ਼ਿਲ੍ਹਾ ਕਾਮਊਨਟੀ ਅਫੇਅਰ ਅਫਸਰ ਵੈਭਵ ਚੋਧਰੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲਗਾਏ ਗਏ। ਜਿਸ ਵਿੱਚ ਮੁੱਖ ਮਹਿਮਾਨ ਐਸ ਪੀ (ਪੀ.ਬੀ.ਆਈ) ਸਵਰਨਜੀਤ ਕੌਰ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦਾ ਉਦਘਾਟਨ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਕੀਤਾ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਬਰ ਵੂਮੈਨ ਕੋਸਲਿੰਗ ਸੈਲ ਪਟਿਆਲਾ ਪੁਲਿਸ ਨੇ ਕੀਤੀ। ਵਿਸ਼ੇਸ਼ ਤੌਰ ਤੇ ਇੰਸਪੈਕਟਰ ਗੁਰਜੀਤ ਕੌਰ ਰੀਡਰ ਐਸ ਪੀ ਪੀ.ਬੀ.ਆਈ ,ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਵਰਿੰਦਰ ਸਿੰਘ ਖਰੋੜ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ,ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ,ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਹਰਵਿੰਦਰ ਚਲੈਲਾ, ਗਗਨਪ੍ਰੀਤ ਕੋਰ, ਖੁਸ਼ਪ੍ਰੀਤ ਕੋਰ,ਭਿੰਦਰ ਜਲਵੇੜਾ, ਹਰਮਨਜੀਤ ਸਿੰਘ ਰੰਧਾਵਾ ਨੇ ਭਰਪੂਰ ਸਹਿਯੋਗ ਦਿੱਤਾ। ਇਸ ਮੌਕੇ ਐਸ ਪੀ ਪੀ.ਬੀ.ਆਈ ਸਵਰਨਜੀਤ ਕੌਰ ਨੇ ਕਿਹਾ ਕਿ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਅਤੇ ਹੋਰ ਸਮਾਜ ਸੇਵੀ ਸੰਸਥਾਵਾਂ ਨਾਲ ਮਿਲਕੇ ਬੂਟੇ ਲਗਾਕੇ ਉਹਨਾਂ ਦੀ ਸਾਭ ਸੰਭਾਲ ਕਰੇਗੀ।ਉਹਨਾਂ ਕਿਹਾ ਕਿ ਹਰ ਸਾਲ ਅਨੇਕਾਂ ਰੁੱਖ ਲਗਾਏ ਜਾਂਦੇ ਹਨ, ਪ੍ਰੰਤੂ ਉਹਨਾਂ ਦੀ ਸਾਭ ਸੰਭਾਲ ਬਹੁਤ ਘੱਟ ਹੁੰਦੀ ਹੈ ਜਿਸ ਨਾਲ ਅਨੇਕਾਂ ਬੂਟੇ ਖਤਮ ਹੋ ਜਾਂਦੇ ਹਨ, ਇਸ ਉਹਨਾਂ ਸਮਾਜ ਸੇਵੀ ਸੰਸਥਾਵਾਂ ਅਤੇ ਹੋਰ ਵਿਭਾਗਾਂ ਨੂੰ ਵੀ ਅਪੀਲ ਕੀਤੀ ਕਿ ਉਹੋ ਬੂਟੇ ਬੇਸ਼ੱਕ ਘੱਟ ਲਗਾਉਣ ਪ੍ਰੰਤੂ ਉਹਨਾਂ ਦੀ ਸਾਭ ਸੰਭਾਲ ਜ਼ਰੂਰ ਕਰਨ। ਉਹਨਾਂ ਕਿਹਾ ਕਿ ਹਰ ਮਨੁੱਖ ਨੂੰ ਜ਼ਿੰਦਗੀ ਵਿਚ ਪੰਜ ਰੁੱਖ ਲਗਾਕੇ ਉਹਨਾਂ ਦੀ ਸਾਭ ਸੰਭਾਲ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਅੱਜ ਹਰ ਦਿਨ ਵੱਧਦੇ ਤਾਪਮਾਨ ਲਈ ਇੰਨਸਾਨ ਖੁਦ ਜ਼ਿੰਮੇਵਾਰ ਹੈ ਮਨੁੱਖ ਨੇ ਆਪਣੀਆਂ ਲੋੜਾਂ ਪੂਰੀਆਂ ਕਰਨ ਲਈ ਰੁੱਖਾਂ ਨੂੰ ਕੱਟਣਾ ਸ਼ੁਰੂ ਕਰ ਦਿੱਤਾ ਅਤੇ ਨਵੇਂ ਬੂਟੇ ਨਹੀਂ ਲਗਾਏ ਜਿਸ ਕਾਰਨ ਗੋਲਬਲ ਵਾਰਮਿਗ ਕਾਰਨ ਮਨੁੱਖ ਨੂੰ ਕੀਤੇ ਅੱਜ ਹੜਾ,ਸੋਕਾ,ਕੀਤੇ ਭਿਆਨਕ ਗਰਮੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਹਨਾਂ ਕਿਸਾਨ ਭਰਾਵਾਂ ਨੂੰ ਵੀ ਅਪੀਲ ਕੀਤੀ ਕਿ ਉਹੋ ਖੇਤਾ ਵਿੱਚ ਅੱਗ ਲਗਾਉਣੀ ਬੰਦ ਕਰਨ ਨਹੀਂ ਤਾਂ ਕੁਦਰਤ ਆਪਣਾ ਪ੍ਰਕੋਪ ਜ਼ਰੂਰ ਦਿਖਾਵੇਗੀ । ਉਹਨਾਂ ਪਬਲਿਕ ਨੂੰ ਵੀ ਅਪੀਲ ਕੀਤੀ ਕਿ ਦੂਸ਼ਿਤ ਹੁੰਦੇ ਵਾਤਾਵਰਨ ਨੂੰ ਬਚਾਉਣ ਲਈ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਬੂਟੇ ਲਗਾਕੇ ਉਹਨਾਂ ਦੀ ਸਾਭ ਸੰਭਾਲ ਕਰਨੀ ਵੀ ਜ਼ਰੂਰੀ ਹੈ ਉਨ੍ਹਾਂ ਕਿਹਾ ਕਿ ਹਰ ਇਨਸਾਨ ਨੂੰ ਆਪਣੇ ਘਰ ਵਿਚ ਜਨਮ ਲੈ ਲਗਾਕੇ ਉਹਨਾਂ ਦੀ ਸਾਭ ਸੰਭਾਲ ਕਰਨੀ ਚਾਹੀਦੀ ਹੈ ਤਾਂ ਹੀ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸ਼ੁੱਧ ਵਾਤਾਵਰਨ ਦੇ ਸਕਾਂਗੇ। ਇਸ ਮੌਕੇ ਪੁਲਿਸ ਲਾਈਨ ਦੇ ਪਾਰਕ ਵਿਖੇ ਤ੍ਰਿਵੈਣੀ ਅਤੇ ਛਾਂਦਾਰ ਬੂਟੇ ਲਗਾਏ ਗਏ।

# ਮਿੱਟੀ ਤੋਂ ਸੋਨਾ ਉਪਜਾਉਣ ਵਾਲੀਆਂ ਛੇ ਸ਼ਖ਼ਸੀਅਤਾਂ



## ਖੇਤੀ ਵਿਰਾਸਤ ਦਾ ਝੰਡਾ ਬਰਦਾਰ
## ਪਦਮਸ਼੍ਰੀ ਜਗਜੀਤ ਸਿੰਘ ਹਾਰਾ

*ਜਗਜੀਤ ਸਿੰਘ ਹਾਰਾ ਦਰਜਨਾਂ ਰਾਸ਼ਟਰੀ ਤੇ ਅੰਤਰਰਾਸ਼ਟਰੀ ਕਾਨਫਰੰਸਾਂ 'ਚ ਹਿੱਸਾ ਲੈ ਚੁੱਕੇ ਹਨ। ਅਨੇਕਾਂ ਵੱਡੀਆਂ ਹਸਤੀਆਂ ਤੇ ਨਾਮਵਰ ਖੇਤੀ ਵਿਗਿਆਨੀ ਉਨ੍ਹਾਂ ਦੇ 'ਹਾਰਾ ਬੀਜ ਫਾਰਮ' 'ਤੇ ਆਏ, ਜਿਸ ਨੂੰ ਉਨ੍ਹਾਂ ਨੇ 'ਵਿਜ਼ਿਟਰ ਬੁੱਕ' ਸਿਰਲੇਖ ਅਧੀਨ ਕਲਮਬੱਧ ਕੀਤਾ ਹੈ। ਇੱਥੋਂ ਤਕ ਕਿ ਮਸ਼ਹੂਰ ਖੇਤੀ ਵਿਗਿਆਨੀ ਨੋਬਲ ਪੁਰਸਕਾਰ ਜੇਤੂ ਡਾ. ਨਾਰਮਨ ਈ ਬੋਰਲਾਗ ਨੇ ਵੀ ਉਨ੍ਹਾਂ ਦੀ ਸ਼ਲਾਘਾ ਕੀਤੀ...*

ਜਗਜੀਤ ਸਿੰਘ ਹਾਰਾ ਖੇਤੀਬਾੜੀ ਦੇ ਖੇਤਰ 'ਚ ਸਤਿਕਾਰਤ ਨਾਂ ਹੈ। ਉਨ੍ਹਾਂ ਦੇ ਚਾਚਾ ਸਰਦਾਰ ਬਹਾਦਰ ਲਾਲ ਸਿੰਘ ਨੇ ਪੰਜਾਬ ਨੂੰ ਬਾਗ਼ਬਾਨੀ ਦੇ ਖੇਤਰ 'ਚ ਨਵੀਆਂ ਲੀਹਾਂ ਉੱਪਰ ਤੋਰਨ 'ਚ ਅਹਿਮ ਭੂਮਿਕਾ ਨਿਭਾਈ। ਜਗਜੀਤ ਸਿੰਘ ਹਾਰ ਨੇ ਆਪਣੇ ਪਿਤਾ ਸਰਦਾਰ ਰਾਮ ਸਿੰਘ ਪਾਸੋਂ ਖੇਤੀ ਤਕਨੀਕਾਂ ਹਾਸਲ ਕੀਤੀਆਂ। ਸਰਦਾਰ ਰਾਮ ਸਿੰਘ ਨੂੰ ਆਜ਼ਾਦੀ ਤੋਂ ਪਹਿਲਾਂ ਮੁਲਤਾਨ ਜ਼ਿਲ੍ਹੇ 'ਚ ਸਰਕਾਰ ਵੱਲੋਂ 25 ਏਕੜ ਬੰਜਰ ਜ਼ਮੀਨ ਆਬਾਦ ਕਰਨ ਲਈ ਅਲਾਟ ਕੀਤੀ ਗਈ ਸੀ। ਜਿਸ ਨੂੰ ਉਨ੍ਹਾਂ ਨੇ ਸਿਰੜ ਤੇ ਸਿਦਕ ਨਾਲ ਲਹਿਲਹਾਉਂਦੀ ਬਣਾਇਆ ਸੀ। ਖੇਤੀ ਦੀ ਇਸ ਵਿਰਾਸਤ ਨੂੰ ਅੱਜ ਜਗਜੀਤ ਸਿੰਘ ਹਾਰਾ ਉਸੇ ਲਗਨ ਨਾਲ ਅੱਗੇ ਤੋਰ ਰਹੇ ਹਨ।



ਉਨ੍ਹਾਂ ਦਾ ਜਨਮ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਨੰਦਪੁਰ ਵਿਖੇ ਹੋਇਆ। ਉਨ੍ਹਾਂ ਦੇ ਫਾਰਮ ਦੀਆਂ ਮੁੱਖ ਫ਼ਸਲਾਂ ਕਣਕ, ਝੋਨਾ, ਖਰਬੂਜ਼ਾ, ਆਲੂ ਆਦਿ ਹਨ। ਉਨ੍ਹਾਂ ਦਾ ਫਾਰਮ ਇਨ੍ਹਾਂ ਫ਼ਸਲਾਂ ਦੇ ਬੀਜਾਂ ਲਈ ਪੰਜਾਬ ਵਿਚ ਹੀ ਨਹੀਂ ਸਗੋਂ ਸਾਰੇ ਭਾਰਤ ਵਿਚ ਮਸ਼ਹੂਰ ਹੈ। ਉਨ੍ਹਾਂ ਦੀਆਂ ਖੇਤੀ ਵਿਚ ਪ੍ਰਾਪਤੀਆਂ ਕਰਕੇ ਉਨ੍ਹਾਂ ਨੂੰ ਕਈ ਸੂਬਾਈ, ਰਾਸ਼ਟਰੀ ਅਤੇ ਕੌਮਾਂਤਰੀ ਪੱਧਰ ਦੇ ਇਨਾਮ-ਸਨਮਾਨ ਮਿਲ ਚੁੱਕੇ ਹਨ। ਉਹ ਕਈ ਸਲਾਹਕਾਰ ਕਮੇਟੀਆਂ ਦੇ ਮੈਂਬਰ ਵੀ ਰਹੇ ਹਨ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਉਨ੍ਹਾਂ ਨੂੰ ਪਹਿਲੀ ਵਾਰ 1977 ਵਿਚ ਸਨਮਾਨਤ ਕੀਤਾ ਗਿਆ।

ਖੇਤੀ ਸਬੰਧੀ ਨਵੀਆਂ ਤਕਨੀਕਾਂ ਅਤੇ ਨਵੀਨਤਮ ਗਿਆਨ ਪ੍ਰਾਪਤ ਕਰਨ ਲਈ ਉਹ ਕਈ ਦੇਸ਼ਾਂ ਦਾ ਦੌਰਾ ਕਰ ਚੁੱਕੇ ਹਨ। ਉਹ ਖੇਤੀ ਯੂਨੀਵਰਸਿਟੀ ਦੀ ਕਿਸਾਨ ਸਲਾਹਕਾਰ ਕਮੇਟੀ ਦੇ ਮੈਂਬਰ ਵੀ ਰਹੇ ਅਤੇ ਕਿਸਾਨਾਂ ਨੂੰ ਪੇਸ਼ ਆਉਂਦੀਆਂ ਤਕਨੀਕੀ ਮੁਸ਼ਕਿਲਾਂ ਨੂੰ ਖੇਤੀ ਮਾਹਿਰਾਂ ਸਾਹਮਣੇ ਬੜੇ ਸੁਚੱਜੇ ਢੰਗ ਨਾਲ ਪੇਸ਼ ਕਰਦੇ ਰਹੇ। ਮਨੀਲਾ ਸਥਿਤ ਅੰਤਰਰਾਸ਼ਟਰੀ ਝੋਨਾ ਖੋਜ ਕੇਂਦਰ ਨੇ 1985 ਵਿਚ ਆਪਣੇ ਸਿਲਵਰ ਜੁਬਲੀ ਸਮਾਗਮ ਮੌਕੇ ਦੁਨੀਆ ਦੇ 14 ਉੱਤਮ ਝੋਨਾ ਉਤਪਾਦਕਾਂ ਨੂੰ 'ਆਊਟਸਟੈਂਡਿੰਗ ਫਾਰਮਰ ਆਫ ਦਿ ਵਰਲਡ' ਦਾ ਸਨਮਾਨ ਦਿੱਤਾ ਗਿਆ, ਜਿਨ੍ਹਾਂ ਵਿੱਚੋਂ ਜਗਜੀਤ ਸਿੰਘ ਹਾਰਾ ਵੀ ਇਕ ਸਨ। ਉਹ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ 'ਵਿਜ਼ਟਿੰਗ ਫਾਰਮਰ ਪ੍ਰੋਫੈਸਰ' ਵੀ ਰਹੇ। ਮਾਸਕੋ ਸਟੇਟ ਐਗਰੋ ਇੰਜੀਨੀਅਰਿੰਗ ਯੂਨੀਵਰਸਿਟੀ ਵੱਲੋਂ 1993 ਵਿਚ ਉਨ੍ਹਾਂ ਨੂੰ 'ਪ੍ਰੋਫੈਸਰ ਆਫ ਆਨਰ' ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। 1992 ਵਿਚ ਭਾਰਤ ਸਰਕਾਰ ਵੱਲੋਂ ਉਨ੍ਹਾਂ ਨੂੰ 'ਪਦਮਸ਼੍ਰੀ' ਦੇ ਕੇ ਸਨਮਾਨਤ ਕੀਤਾ ਗਿਆ। ਇਹ ਇਨਾਮ ਹਾਸਲ ਕਰਨ ਵਾਲੇ ਉਹ ਸਭ ਤੋਂ ਛੋਟੀ ਉਮਰ ਦੇ ਨੌਜਵਾਨ ਸਨ। •

*ਮਹਿੰਦਰ ਸਿੰਘ ਗਰੇਵਾਲ ਨੇ ਛੋਟੀ ਕਿਸਾਨੀ ਦੇ ਬਾਵਜੂਦ ਵੱਡਾ ਨਾਮਣਾ ਖੱਟਿਆ ਹੈ। ਉਨ੍ਹਾਂ ਨੂੰ 5 ਅੰਤਰਰਾਸ਼ਟਰੀ, 7 ਰਾਸ਼ਟਰੀ ਅਤੇ 16 ਸੂਬਾ ਪੱਧਰੀ ਇਨਾਮਾਂ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ...*

## ਫਸਟ ਫੈਲੋ ਫਾਰਮਰ
## ਮਹਿੰਦਰ ਸਿੰਘ ਗਰੇਵਾਲ

ਕਿਸਾਨ ਮਹਿੰਦਰ ਸਿੰਘ ਗਰੇਵਾਲ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਕੰਗਣਵਾਲ ਦੇ ਵਸਨੀਕ ਹਨ। ਉਨ੍ਹਾਂ ਨੇ ਸੱਤ ਸਾਲ ਨੇਵੀ ਦੀ ਨੌਕਰੀ ਕਰਨ ਪਿੱਛੋਂ 1966 ਵਿਚ ਖੇਤੀ ਦਾ ਧੰਦਾ ਸ਼ੁਰੂ ਕੀਤਾ ਤੇ ਅੱਜ ਉਨ੍ਹਾਂ ਕੋਲ 53 ਸਾਲ ਦਾ ਖੇਤੀ ਤਜ਼ਰਬਾ ਹੈ। ਉਨ੍ਹਾਂ ਨੇ ਛੇ ਏਕੜ ਜ਼ਮੀਨ ਤੋਂ ਖੇਤੀ ਕਰਨੀ ਸ਼ੁਰੂ ਕੀਤੀ ਤੇ ਖੇਤੀ ਮਾਹਿਰਾਂ ਦੀ ਮਦਦ ਨਾਲ ਅਨੇਕਾਂ ਤਜ਼ਰਬੇ ਕੀਤੇ ਆਪਣੇ ਅਣਥੱਕ ਯਤਨਾਂ ਨਾਲ ਸਾਲ ਵਿਚ 3 ਤੋਂ 5 ਫ਼ਸਲਾਂ ਲੈਣ ਲੱਗੇ। ਬਹੁ-ਫ਼ਸਲੀ ਚੱਕਰ ਨੂੰ ਅਪਣਾ ਕੇ ਉਨ੍ਹਾਂ ਨੇ ਆਪਣੀ ਆਮਦਨ ਵਿਚ ਵਾਧਾ ਹੀ ਨਹੀਂ ਕੀਤਾ ਸਗੋਂ ਆਪਣੇ ਖੇਤੀ ਖ਼ਰਚੇ ਵੀ ਘਟਾ ਲਏ। ਇਸ ਨਾਲ ਖਾਦ ਦੀ ਵਰਤੋਂ ਘਟੀ, ਵਹਾਈ ਦਾ ਖ਼ਰਚਾ ਘਟਿਆ, ਖੇਤਾਂ ਵਿੱਚੋਂ ਨਦੀਨਾਂ ਦੀ ਮੁਸ਼ਕਿਲ ਦੂਰ ਹੋਈ ਅਤੇ ਜ਼ਮੀਨ ਦੀ ਤਾਕਤ ਵਿਚ ਵੀ ਵਾਧਾ ਹੋਇਆ।



ਮਹਿੰਦਰ ਸਿੰਘ ਗਰੇਵਾਲ ਨੇ ਖੇਤੀ ਦੇ ਨਾਲ-ਨਾਲ ਸ਼ਹਿਦ ਮੱਖੀਆਂ ਪਾਲਣਾ, ਫਲਦਾਰ ਬੂਟਿਆਂ ਦੀ ਨਰਸਰੀ ਲਗਾਉਣ, ਸਬਜ਼ੀਆਂ ਦੀ ਕਾਸ਼ਤ ਵਰਗੇ ਖੇਤੀ ਸਹਾਇਕ ਧੰਦਿਆਂ ਨੂੰ ਵੀ ਅਪਣਾਇਆ। ਛੋਟੀ ਕਿਸਾਨੀ ਦੇ ਬਾਵਜੂਦ ਉਨ੍ਹਾਂ ਨੇ ਖੇਤੀ ਦੇ ਖੇਤਰ ਵਿਚ ਵੱਡੀਆਂ ਪ੍ਰਾਪਤੀਆਂ ਕੀਤੀਆਂ ਅਤੇ ਪੰਜਾਬ ਸਰਕਾਰ ਵੱਲੋਂ ਰਾਸ਼ਟਰੀ ਪੱਧਰ ਦੇ ਐਗਰੀਕਲਚਰ ਕਮਿਸ਼ਨ ਦੇ ਮੈਂਬਰ ਬਣੇ। ਉਹ ਕਈ ਹੋਰ ਸੂਬਾ ਪੱਧਰੀ ਅਤੇ ਰਾਸ਼ਟਰੀ ਪੱਧਰ ਦੀਆਂ ਸੰਸਥਾਵਾਂ ਦੇ ਵੀ ਮੈਂਬਰ ਵੀ ਰਹੇ ਹਨ। ਬਹੁਤ ਸਾਰੇ ਭਾਰਤੀ ਅਤੇ ਵਿਦੇਸ਼ੀ ਕਿਸਾਨ ਉਨ੍ਹਾਂ ਦੇ ਫਾਰਮ ਨੂੰ ਵੇਖਣ ਲਈ ਆਉਂਦੇ ਹਨ ਤੇ ਉਹ ਕਿਸੇ ਵੀ ਵੇਲੇ ਸਲਾਹ ਮਸ਼ਵਰੇ ਲਈ ਹਾਜ਼ਰ ਰਹਿੰਦੇ ਹਨ। ਉਨ੍ਹਾਂ ਨੂੰ 5 ਅੰਤਰਰਾਸ਼ਟਰੀ, 7 ਰਾਸ਼ਟਰੀ ਅਤੇ 16 ਸੂਬਾ ਪੱਧਰੀ ਇਨਾਮਾਂ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। ਮਹਿੰਦਰ ਸਿੰਘ ਗਰੇਵਾਲ ਬਤੌਰ 'ਵਿਗਿਆਨਕ ਕਿਸਾਨ' ਅਮਰੀਕਾ, ਕੈਨੇਡਾ, ਮੈਕਸੀਕੋ, ਥਾਈਲੈਂਡ, ਇੰਗਲੈਂਡ ਅਤੇ ਪਾਕਿਸਤਾਨ ਆਦਿ ਦੇਸ਼ਾਂ ਦਾ ਦੌਰਾ ਕਰ ਚੁੱਕੇ ਹਨ। ਉਹ ਕਈ ਸਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਕਿਸਾਨ ਕਲੱਬ ਦੇ ਪ੍ਰਧਾਨ ਵੀ ਰਹੇ। ਸਾਲ 2016-17 ਵਿਚ ਉਨ੍ਹਾਂ ਨੂੰ ਪੀਏਯੂ ਲੁਧਿਆਣਾ ਦੇ ਪਹਿਲੇ 'ਫੈਲੋ ਫਾਰਮਰ' ਹੋਣ ਦਾ ਮਾਣ ਹਾਸਲ ਹੋਇਆ ਹੈ। •





## ਵਿਗਿਆਨਕ ਲੀਹਾਂ ਦਾ ਪਾਂਧੀ
## ਜਗਤਾਰ ਸਿੰਘ ਬਰਾੜ

*ਜਗਤਾਰ ਸਿੰਘ ਬਰਾੜ ਨੇ ਆਪਣੇ ਖੇਤਾਂ ਵਿਚ ਫ਼ਸਲੀ ਚੱਕਰ ਨੂੰ ਇਸ ਢੰਗ ਨਾਲ ਅਪਣਾਇਆ ਹੈ ਕਿ ਉਨ੍ਹਾਂ ਨੇ 300 ਫ਼ੀਸਦੀ ਤੋਂ ਵੱਧ ਫ਼ਸਲੀ ਘਣਤਾ ਅਪਣਾਈ ਹੈ। 1999 ਵਿਚ ਜਿਸ ਸਮੇਂ ਜ਼ਿਆਦਾਤਰ ਕਿਸਾਨਾਂ ਨੂੰ ਪੌਲੀ ਹਾਊਸ ਬਾਰੇ ਜਾਣਕਾਰੀ ਵੀ ਨਹੀਂ ਸੀ, ਉਸ ਸਮੇਂ ਉਨ੍ਹਾਂ ਨੇ ਖ਼ੁਦ ਇਸ ਨੂੰ ਤਿਆਰ ਕੀਤਾ ਸੀ...*

58 ਵਰ੍ਹਿਆਂ ਦੇ ਜਗਤਾਰ ਸਿੰਘ ਬਰਾੜ ਨੇ ਆਪਣੀ 40 ਏਕੜ ਜ਼ਮੀਨ ਤੋਂ ਇਲਾਵਾ 35 ਏਕੜ ਜ਼ਮੀਨ ਠੇਕੇ 'ਤੇ ਲਈ ਹੋਈ ਹੈ। ਸਾਲ 1977 ਤੋਂ ਉਨ੍ਹਾਂ ਨੇ ਆਲੂਆਂ ਦੀ ਕਾਸ਼ਤ ਕਰਨੀ ਸ਼ੁਰੂ ਕੀਤੀ ਤੇ ਇਲਾਕੇ ਦੇ ਕਿਸਾਨਾਂ ਲਈ ਚਾਨਣ-ਮੁਨਾਰਾ ਬਣ ਕੇ ਉੱਭਰੇ ਹਨ। ਸਖ਼ਤ ਮਿਹਨਤ ਅਤੇ ਲਗਨ ਨਾਲ ਉਨ੍ਹਾਂ ਨੇ ਆਪਣੇ ਫ਼ਸਲੀ-ਚੱਕਰ ਨੂੰ ਇਸ ਤਰ੍ਹਾਂ ਵਿਉਂਤਿਆ ਹੈ ਕਿ ਆਪਣੇ ਖੇਤਾਂ ਵਿਚ ਉਨ੍ਹਾਂ ਨੇ 300 ਫ਼ੀਸਦੀ ਤੋਂ ਵੀ ਵੱਧ ਫ਼ਸਲੀ ਘਣਤਾ ਅਪਣਾਈ ਹੈ।

ਸਾਲ 1996 ਵਿਚ ਉਨ੍ਹਾਂ ਨੇ ਮਿਰਚਾਂ ਦੀ ਕਾਸ਼ਤ ਸ਼ੁਰੂ ਕੀਤੀ ਤੇ ਅੱਜ 15 ਏਕੜ ਰਕਬੇ 'ਚ ਮਿਰਚਾਂ ਦੀ ਸਫਲ ਕਾਸ਼ਤ ਕਰ ਰਹੇ ਹਨ। ਉਸਾਰੂ ਸੋਚ ਦੇ ਮਾਲਕ ਜਗਤਾਰ ਸਿੰਘ ਬਰਾੜ ਨੇ 1999 ਵਿਚ ਖ਼ੁਦ ਡਿਜ਼ਾਈਨ ਕਰ ਕੇ ਪੌਲੀ-ਹਾਊਸ ਤਿਆਰ ਕੀਤਾ। ਇਹ ਉਹ ਸਮਾਂ ਸੀ ਜਦੋਂ ਪੰਜਾਬ ਵਿਚ ਅਜੇ ਕਿਸਾਨਾਂ ਨੂੰ ਪੌਲੀ ਹਾਊਸ ਤਕਨੀਕ ਬਾਰੇ ਵਧੇਰੇ ਜਾਣਕਾਰੀ ਨਹੀਂ ਸੀ। ਇਸ ਪੌਲੀ ਹਾਊਸ ਵਿਚ ਉਹ ਆਪਣੇ ਤੇ ਆਪਣੇ ਸਾਥੀਆਂ ਲਈ ਸਬਜ਼ੀਆਂ ਦੀ ਪਨੀਰੀ ਤਿਆਰ ਕਰਦੇ ਹਨ। ਉਨ੍ਹਾਂ ਨੇ ਨਵੀਆਂ ਖੇਤੀ ਤਕਨੀਕਾਂ ਤੇ ਵਿਗਿਆਨਕ ਜਾਣਕਾਰੀ ਪ੍ਰਾਪਤ ਕਰਨ ਤੇ ਖੇਤੀ ਨੂੰ ਤਰੱਕੀ ਦੇ ਰਾਹ ਤੋਰਨ ਲਈ ਦੇਸ਼ ਦੇ ਵੱਖ-ਵੱਖ ਅਦਾਰਿਆਂ ਪਾਸੋਂ ਸਿਖਲਾਈ ਪ੍ਰਾਪਤ ਕੀਤੀ ਤੇ ਇਨ੍ਹਾਂ ਤਕਨੀਕਾਂ ਨੂੰ ਆਪਣੇ ਖੇਤਾਂ ਵਿਚ ਸਾਕਾਰ ਰੂਪ ਦਿੱਤਾ।



ਉਹ ਯੂਨੀਵਰਸਿਟੀ ਦੀਆਂ ਸਿਫਾਰਸ਼ਾਂ ਅਤੇ ਕੀੜਿਆਂ ਦੇ ਆਰਥਿਕ ਕਗਾਰ ਅਨੁਸਾਰ ਕੀਟ ਨਾਸ਼ਕਾਂ ਦੀ ਸੰਜਮੀ ਵਰਤੋਂ ਕਰਦੇ ਹਨ ਅਤੇ ਖੇਤਾਂ ਵਿਚ ਮਿੱਟੀ ਦੀ ਪਰਖ ਦੇ ਆਧਾਰ 'ਤੇ ਲੋੜ ਅਨੁਸਾਰ ਖਾਦਾਂ ਦੀ ਵਰਤੋਂ ਕਰਦੇ ਹਨ। ਇਸ ਨਾਲ ਜਿੱਥੇ ਕੀਟਨਾਸ਼ਕਾਂ ਉੱਪਰ ਹੋਣ ਵਾਲੇ ਖ਼ਰਚੇ 'ਚ ਗਿਰਾਵਟ ਆਉਂਦੀ ਹੈ, ਉੱਥੇ ਇਨ੍ਹਾਂ ਜ਼ਹਿਰਾਂ ਕਾਰਨ ਕਦਰਤੀ ਵਸੀਲਿਆਂ ਤੇ ਮਨੁੱਖੀ ਸਿਹਤ ਨੂੰ ਪੁੱਜਣ ਵਾਲੇ ਨੁਕਸਾਨ ਤੋਂ ਵੀ ਬਚਾਅ ਰਹਿੰਦਾ ਹੈ। ਉਹ ਝੋਨੇ ਵਿਚ ਪੱਤਾ ਰੰਗ ਚਾਰਟ ਅਤੇ ਟੈਂਸ਼ੀਓਮੀਟਰ ਦੀ ਵਰਤੋਂ ਕਰਦੇ ਹਨ ਅਤੇ ਉਸ ਅਨੁਸਾਰ ਹੀ ਖਾਦਾਂ ਤੇ ਪਾਣੀ ਦੀ ਵਰਤੋਂ ਕਰਦੇ ਹਨ। ਜਗਤਾਰ ਸਿੰਘ ਆਪਣੀ ਜਿਣਸ ਦੀ ਦਰਜਾਬੰਦੀ ਕਰ ਕੇ ਖ਼ੁਦ ਮੰਡੀਕਰਨ ਕਰਦੇ ਹਨ। ਪੰਜਾਬ ਦੇ ਕਿਸਾਨਾਂ ਲਈ ਚਾਨਣ ਮੁਨਾਰਾ ਬਣਨ ਵਾਲੇ ਜਗਤਾਰ ਸਿੰਘ ਬਰਾੜ ਬਠਿੰਡਾ ਜ਼ਿਲ੍ਹੇ ਦੇ ਪਿੰਡ ਮਹਿਮਾ ਸਿਰਜਾ ਨਾਲ ਸਬੰਧ ਰੱਖਦੇ ਹਨ ਅਤੇ ਉਨ੍ਹਾਂ ਨੇ ਐੱਮਏ ਅੰਗਰੇਜ਼ੀ ਤਕ ਦੀ ਤਾਲੀਮ ਹਾਸਲ ਕੀਤੀ ਹੈ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੀਆਂ ਖੇਤੀ ਤਕਨੀਕਾਂ ਅਤੇ ਖੇਤੀ ਸਹਾਇਕ ਧੰਦਿਆਂ ਨੂੰ ਅਪਨਾਉਣ ਵਾਲੇ ਜਗਤਾਰ ਸਿੰਘ ਨੂੰ ਖੇਤੀ ਦੇ ਖੇਤਰ 'ਚ ਪਏ ਅਹਿਮ ਯੋਗਦਾਨ ਲਈ ਇਸ ਸਾਲ 'ਮੁੱਖ ਮੰਤਰੀ ਪੁਰਸਕਾਰ' ਨਾਲ ਸਨਮਾਨਿਤ ਕੀਤਾ ਗਿਆ ਹੈ। •

## ਘਾਹ ਨੂੰ ਨੋਟਾਂ 'ਚ ਬਦਲਣ ਵਾਲਾ ਕਿਸਾਨ
## ਰਜਿੰਦਰ ਸਿੰਘ ਧਾਲੀਵਾਲ

ਨਵੀਂ ਸੋਚ ਦੇ ਧਾਰਨੀ ਰਜਿੰਦਰ ਸਿੰਘ ਧਾਲੀਵਾਲ ਪਿੰਡ ਆਬੂਵਾਲ, ਜ਼ਿਲ੍ਹਾ ਲੁਧਿਆਣਾ ਦੇ ਨਿਵਾਸੀ ਹਨ ਅਤੇ ਵਿਗਿਆਨਕ ਲੀਹਾਂ 'ਤੇ ਖੇਤੀਬਾੜੀ ਕਰਨ ਵਾਲੇ ਅਗਾਂਹਵਧੂ ਕਿਸਾਨ ਹਨ। ਰਜਿੰਦਰ ਸਿੰਘ ਕਣਕ-ਝੋਨੇ ਦੇ ਰਵਾਇਤੀ ਫ਼ਸਲੀ ਚੱਕਰ ਨੂੰ ਤਿਆਗ ਕੇ ਘਾਹ ਦੀ ਖੇਤੀ ਕਰ ਰਹੇ ਹਨ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਫਲੋਰੀਕਲਚਰ ਅਤੇ ਲੈਂਡਸਕੇਪਿੰਗ ਵਿਭਾਗ ਦੇ ਮਾਹਿਰਾਂ ਦੇ ਸਹਿਯੋਗ ਨਾਲ ਸਾਲ 2006 ਦੌਰਾਨ ਉਨ੍ਹਾਂ ਨੇ ਇਕ ਏਕੜ ਰਕਬੇ ਤੋਂ ਘਾਹ ਦੀ ਖੇਤੀ ਸ਼ੁਰੂ ਕੀਤੀ ਅਤੇ ਇਸ ਤੋਂ ਬਾਅਦ ਨਦੀਨਾਂ ਤੋਂ ਮੁਕਤ ਉੱਤਮ ਕਿਸਮ ਦੇ ਘਾਹ ਦੇ ਰੋਲ ਤਿਆਰ ਕੀਤੇ, ਜਿਨ੍ਹਾਂ ਨੂੰ ਪੰਜਾਬ ਭਰ ਦੀਆਂ ਨਰਸਰੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ।



ਰਜਿੰਦਰ ਸਿੰਘ ਆਪਣੀ ਪੰਜ ਏਕੜ ਅਤੇ ਠੇਕੇ 'ਤੇ ਲਈ 12 ਏਕੜ ਜ਼ਮੀਨ ਉੱਪਰ ਸੱਤ ਕਿਸਮਾਂ ਦਾ ਘਾਹ ਪੈਦਾ ਕਰ ਰਹੇ ਹਨ। ਉਨ੍ਹਾਂ ਨੇ ਇਸ ਕਿੱਤੇ ਨੂੰ ਅਪਣਾ ਕੇ ਚੰਗਾ ਮੁਨਾਫ਼ਾ ਅਤੇ ਨਾਮਣਾ ਖੱਟਿਆ ਹੈ। ਕੰਪਿਊਟਰ ਅਤੇ ਇੰਟਰਨੈੱਟ ਵਰਗੀਆਂ ਆਧੁਨਿਕ ਤਕਨੀਕਾਂ ਦੇ ਸਹਾਰੇ ਉਹ ਘਾਹ ਦਾ ਖ਼ੁਦ ਮੰਡੀਕਰਨ ਕਰਦੇ ਹਨ। ਰਜਿੰਦਰ ਸਿੰਘ ਨੇ ਆਪਣੀ ਵੈੱਬਸਾਈਟ ਵੀ ਬਣਾਈ ਹੋਈ ਹੈ।।ਜ਼ਮੀਨ ਦੀ ਸਿਹਤ ਨੂੰ ਬਰਕਰਾਰ ਰੱਖਣ ਲਈ ਉਹ ਦੇਸੀ ਰੂੜੀ ਦੀ ਵਰਤੋਂ ਕਰਦੇ ਹਨ। ਵਾਤਾਵਰਨ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਰਸਾਇਣਾਂ ਦੀ ਬੇਹੱਦ ਸੰਜਮ ਨਾਲ ਵਰਤੋਂ ਕਰਦੇ ਹਨ। ਜਲ-ਸੋਮਿਆਂ ਦੀ ਸਾਂਭ-ਸੰਭਾਲ ਹੋ ਸਕੇ, ਇਸ ਦੇ ਲਈ ਉਹ ਘਾਹ ਦੀ ਫ਼ਸਲ ਨੂੰ ਫੁਹਾਰਿਆਂ ਰਾਹੀਂ ਸਿੰਚਾਈ ਕਰਦੇ ਹਨ।

*ਰਜਿੰਦਰ ਸਿੰਘ ਧਾਲੀਵਾਲ ਨੇ ਕਣਕ ਅਤੇ ਝੋਨੇ ਦੇ ਰਵਾਇਤੀ ਫ਼ਸਲੀ ਚੱਕਰ ਨੂੰ ਨਾ ਅਪਣਾ ਕੇ ਘਾਹ ਦੀ ਖੇਤੀ ਦਾ ਰਸਤਾ ਅਪਣਾਇਆ ਅਤੇ ਅੱਜ ਉਹ 17 ਏਕੜ ਰਕਬੇ ਵਿਚ ਸੱਤ ਕਿਸਮਾਂ ਦਾ ਘਾਹ ਉਗਾ ਰਹੇ ਹਨ...*

ਉਹ ਕਿਸਾਨ ਕਲੱਬ ਦੇ ਮੈਂਬਰ ਹਨ ਅਤੇ ਪੰਜਾਬ ਭਰ ਦੇ ਕਿਸਾਨ ਉਨ੍ਹਾਂ ਦੇ ਇਸ ਵਿਲੱਖਣ ਉਪਰਾਲੇ ਤੋਂ ਪ੍ਰੇਰਿਤ ਹਨ। ਰਜਿੰਦਰ ਸਿੰਘ ਨੂੰ ਘਾਹ ਉਤਪਾਦਨ ਵਿਚ ਚੰਗੀ ਕਾਰਗੁਜ਼ਾਰੀ ਵਿਖਾਉਣ ਲਈ 'ਬਾਰਲਾਗ ਫਾਰਮਰਜ਼ ਐਸੋਸੀਏਸ਼ਨ ਫਾਰ ਸਾਊਥ ਏਸ਼ੀਆ', 'ਨਿਊਫੀਲਡ ਆਸਟ੍ਰੇਲੀਆ ਫਾਰਮਿੰਗ ਸਕਾਲਰਜ਼' ਸਮੇਤ ਕਈ ਕੌਮੀ ਅਤੇ ਵਿਦੇਸ਼ੀ ਸੰਸਥਾਵਾਂ ਵੱਲੋਂ ਸਨਮਾਨਿਤ ਕੀਤਾ ਜਾ ਚੁੱਕਾ ਹੈ। ਬਾਗ਼ਬਾਨੀ ਨੂੰ ਵਿਸ਼ੇਸ਼ ਹੁਲਾਰਾ ਦੇਣ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਉਨ੍ਹਾਂ ਨੂੰ ਮੁੱਖ ਮੰਤਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। •





## ਸਬਜ਼ੀਆਂ ਦਾ ਸਰਤਾਜ
## ਵਿੰਦਰ ਸਿੰਘ

ਵਿੰਦਰ ਸਿੰਘ ਨੇ ਕਣਕ ਅਤੇ ਝੋਨੇ ਦੇ ਰਵਾਇਤੀ ਚੱਕਰ ਨੂੰ ਛੱਡ ਕੇ ਸਬਜ਼ੀਆਂ ਦੀ ਪੈਦਾਵਾਰ ਨੂੰ ਅਪਣਾਇਆ ਅਤੇ ਖੇਤੀ ਵਿਭਿੰਨਤਾ ਨੂੰ ਵਿਸ਼ੇਸ਼ ਹੁਲਾਰਾ ਦੇਣ ਵਾਲੇ ਅਗਾਂਹਵਧੂ ਕਿਸਾਨ ਬਣੇ। ਸਾਲ 1996 ਵਿਚ ਸਿਰਫ਼ ਇਕ ਏਕੜ ਜ਼ਮੀਨ ਉੱਪਰ ਮਿਰਚਾਂ ਦੀ ਠੇਕੇ 'ਤੇ ਕਾਸ਼ਤ ਕਰਨ ਵਾਲੇ ਵਿੰਦਰ ਸਿੰਘ ਨੇ ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਤੋਂ ਹਾਈਬ੍ਰਿਡ ਬੀਜਾਂ ਦੇ ਉਤਪਾਦਨ ਦੀ ਸਿਖਲਾਈ ਪ੍ਰਾਪਤ ਕੀਤੀ ਅਤੇ।ਅੱਜ ਉਹ ਆਪਣੀ ਅੱਠ ਏਕੜ ਜ਼ਮੀਨ ਤੋਂ ਇਲਾਵਾ ਠੇਕੇ 'ਤੇ ਲਈ ਸੱਤ ਏਕੜ ਜ਼ਮੀਨ ਉੱਤੇ ਮਿਰਚਾਂ ਦੀਆਂ ਹਾਈਬ੍ਰਿਡ ਕਿਸਮਾਂ ਦੇ ਬੀਜ ਅਤੇ ਅਗੇਤੀਆਂ ਸਬਜ਼ੀਆਂ ਦਾ ਸਫਲਤਾ-ਪੂਰਵਕ ਉਤਪਾਦਨ ਕਰ ਰਹੇ ਹਨ।



ਅਗੇਤੀਆਂ ਸਬਜ਼ੀਆਂ ਪੈਦਾ ਕਰਨ ਲਈ ਵਿੰਦਰ ਸਿੰਘ ਜਿੱਥੇ ਲੋਅ-ਟਨਲ ਵਿਧੀ ਦੀ ਵਰਤੋਂ ਕਰਦੇ ਹਨ ਉੱਥੇ ਬੀਜ ਰਹਿਤ ਖੀਰਾ, ਸ਼ਿਮਲਾ ਮਿਰਚ ਅਤੇ ਟਮਾਟਰਾਂ ਦੀ ਕਾਸ਼ਤ ਲਈ ਪੌਲੀ-ਨੈੱਟ ਹਾਊਸ ਦੀ ਵਰਤੋਂ ਕਰ ਰਹੇ ਹਨ। ਸੰਯੁਕਤ ਪਰਿਵਾਰ ਵਿਚ ਰਹਿਣ ਵਾਲੇ ਵਿੰਦਰ ਸਿੰਘ ਸਬਜ਼ੀਆਂ ਦੀਆਂ ਫ਼ਸਲਾਂ ਦੀ ਗਰੇਡਿੰਗ ਅਤੇ ਡੱਬਾਬੰਦੀ ਕਰ ਕੇ ਉਨ੍ਹਾਂ ਦਾ ਖ਼ੁਦ ਮੰਡੀਕਰਨ ਕਰ ਕੇ ਚੰਗਾ ਮੁਨਾਫ਼ਾ ਕਮਾ ਰਹੇ ਹਨ। ਉਨ੍ਹਾਂ ਦਾ ਮੰਨਣਾ ਹੈ ਕਿ ਜਦ ਤਕ ਅਸੀਂ ਨਵੀਨਤਮ ਤੇ ਵਿਗਿਆਨਕ ਖੇਤੀ ਤਕਨੀਕਾਂ ਨੂੰ ਨਹੀਂ ਅਪਣਾਉਂਦੇ, ਤਦ ਤਕ ਖੇਤੀ ਸਬੰਧੀ ਪੈਦਾ ਹੋ ਰਹੀਆਂ ਮੁਸ਼ਕਿਲਾਂ ਤੋਂ ਛੁਟਕਾਰਾ ਨਹੀਂ ਪਾਇਆ ਜਾ ਸਕਦਾ।

*ਵਿੰਦਰ ਸਿੰਘ ਲੋਅ ਟਨਲ, ਪੌਲੀ ਨੈੱਟ ਅਤੇ ਹੋਰ ਵਿਗਿਆਨਕ ਤਕਨੀਕਾਂ ਨੂੰ ਅਪਣਾ ਕੇ ਅਗੇਤੀਆਂ ਸਬਜ਼ੀਆਂ ਦੀ ਪੈਦਾਵਾਰ ਕਰਦੇ ਹਨ। ਇਨ੍ਹਾਂ ਤਕਨੀਕਾਂ ਨੇ ਉਨ੍ਹਾਂ ਨੂੰ ਮੁੱਖ ਮੰਤਰੀ ਖੇਤੀ ਪੁਰਸਕਾਰ ਤਕ ਪਹੁੰਚਾਇਆ ਹੈ...*

ਸੰਗਰੂਰ ਜ਼ਿਲ੍ਹੇ ਦੇ ਪਿੰਡ ਚੱਠਾ ਨਨਹੇੜਾ ਦੇ ਰਹਿਣ ਵਾਲੇ ਵਿੰਦਰ ਸਿੰਘ ਵੱਲੋਂ ਰਵਾਇਤੀ ਖੇਤੀ ਤੋਂ ਹਟ ਕੇ ਕੀਤੇ ਗਏ ਇਸ ਅਹਿਮ ਉਪਰਾਲੇ ਨੇ ਉਨ੍ਹਾਂ ਨੂੰ ਅੱਜ 'ਸਬਜ਼ੀਆਂ ਦਾ ਸਿਰਤਾਜ' ਬਣਾ ਦਿੱਤਾ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਡੇਅਰੀ, ਖੁੰਭ ਉਤਪਾਦਨ ਅਤੇ ਸ਼ਹਿਦ ਮੱਖੀਆਂ ਪਾਲਣ ਦੇ ਸਹਾਇਕ ਧੰਦਿਆਂ ਨੂੰ ਵੀ ਅਪਣਾਇਆ ਹੋਇਆ ਹੈ। ਇਹ ਸਹਾਇਕ ਧੰਦੇ ਉਨ੍ਹਾਂ ਦੀ ਪਰਿਵਾਰਕ ਆਮਦਨ ਵਿਚ ਕਾਫ਼ੀ ਵਾਧਾ ਕਰ ਰਹੇ ਹਨ।

ਪੀਏਯੂ ਵੱਲੋਂ ਪ੍ਰਕਾਸ਼ਿਤ ਹੁੰਦੇ ਮਹੀਨਾਵਾਰ ਰਸਾਲੇ 'ਚੰਗੀ ਖੇਤੀ' ਅਤੇ ਹੋਰ ਖੇਤੀ ਪ੍ਰਕਾਸ਼ਨਾਵਾਂ ਰਾਹੀਂ ਉਹ ਆਪਣੇ ਆਪਣੇ ਗਿਆਨ ਵਿਚ ਜਿੱਥੇ ਨਿਰੰਤਰ ਵਾਧਾ ਕਰਦੇ ਰਹਿੰਦੇ ਹਨ, ਉੱਥੇ ਖੇਤੀ ਮੇਲਿਆਂ ਅਤੇ ਸੈਮੀਨਾਰਾਂ ਤੇ ਵਰਕਸ਼ਾਪਾਂ ਵਿਚ ਵੀ ਸਰਗਰਮੀ ਨਾਲ ਹਿੱਸਾ ਲੈਂਦੇ ਹਨ। ਵਿੰਦਰ ਸਿੰਘ ਆਪਣੇ ਖੇਤਾਂ ਵਿਚ ਕ੍ਰਿਸ਼ੀ ਵਿਗਿਆਨ ਕੇਂਦਰ ਅਤੇ ਫਾਰਮ ਸਲਾਹਕਾਰ ਸੇਵਾ ਕੇਂਦਰ ਦੇ ਸਹਿਯੋਗ ਨਾਲ ਖੇਤ ਦਿਵਸ ਵੀ ਮਨਾਉਂਦੇ ਹਨ ਅਤੇ ਖੇਤ ਪ੍ਰਦਰਸ਼ਨੀਆਂ ਲਗਾ ਕੇ ਇਲਾਕੇ ਦੇ ਕਿਸਾਨਾਂ ਨੂੰ ਵੀ ਨਵੀਨਤਮ ਖੇਤੀ ਤਕਨੀਕਾਂ ਨੂੰ ਅਪਨਾਉਣ ਲਈ ਜਾਗਰੂਕ ਵੀ ਕਰਦੇ ਹਨ। ਬਾਗ਼ਬਾਨੀ ਨੂੰ ਉਤਸ਼ਾਹਿਤ ਕਰਨ ਅਤੇ ਖੇਤੀ ਵਿਭਿੰਨਤਾ ਨੂੰ ਸਫਲਤਾ-ਪੂਰਵਕ ਅਪਨਾਉਣ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਉਨ੍ਹਾਂ ਨੂੰ ਮੁੱਖ ਮੰਤਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। •

## ਇਸਤਰੀ ਸ਼ਕਤੀ ਦੀ ਜਗਦੀ ਮਸ਼ਾਲ
## ਸ਼ਹਿਨਾਜ਼

ਸ਼ਹਿਨਾਜ਼ ਮਹਿਜ਼ ਇਕ ਨਾਂ ਨਾ ਹੋ ਕੇ ਅੱਜ ਇਕ ਮਸ਼ਾਲ ਦਾ ਰੂਪ ਧਾਰਨ ਕਰ ਚੁੱਕਾ ਹੈ, ਜਿਸ ਨਾਲ ਸੈਂਕੜੇ ਹੋਰਨਾਂ ਔਰਤਾਂ ਦੀ ਜ਼ਿੰਦਗੀ ਵਿਚ ਵੀ ਚਾਨਣ ਦਾ ਪਸਾਰ ਹੋ ਰਿਹਾ ਹੈ। ਸ਼ਹਿਨਾਜ ਨੇ ਗਰੈਜੂਏਸ਼ਨ ਤੋਂ ਇਲਾਵਾ ਬੀਐੱਡ, ਐੱਮਏ ਅਤੇ ਐੱਮਐੱਸਸੀ (ਫੈਸ਼ਨ ਡਿਜ਼ਾਈਨਿੰਗ) ਕਰ ਕੇ ਬਠਿੰਡਾ ਜ਼ਿਲ੍ਹੇ ਦੇ ਮਹਿਮਾ ਸਿਰਜਾ ਪਿੰਡ ਵਿਚ ਫਾਰਮਰਜ਼ ਸੈਲਪ ਹੈਲਪ ਗਰੁੱਪ ਅਤੇ ਵੈਲਫੇਅਰ ਗਰੁੱਪ ਦੀ ਸ਼ੁਰੂਆਤ ਕੀਤੀ ਅਤੇ ਆਪਣੇ ਕਰੀਅਰ ਨੂੰ ਨਵੀਂ ਦਿਸ਼ਾ ਦੇਣ ਦੇ ਨਾਲ-ਨਾਲ ਦੂਸਰੀਆਂ ਔਰਤਾਂ ਨੂੰ ਆਤਮ ਨਿਰਭਰ ਬਣਾਉਣ 'ਚ ਵੀ ਅਹਿਮ ਭੂਮਿਕਾ ਨਿਭਾਈ ਹੈ।

*ਮਾਤਾ-ਪਿਤਾ ਦੀ ਬਿਮਾਰੀ ਕਾਰਨ ਸ਼ਹਿਨਾਜ਼ ਨੇ ਮਹਿਸੂਸ ਕੀਤਾ ਕਿ ਜੇ ਬਿਮਾਰੀ ਦਾ ਕਾਰਨ ਭੋਜਨ ਹੋ ਸਕਦਾ ਹੈ ਤਾਂ ਸਹੀ ਭੋਜਨ ਇਸ ਨੂੰ ਠੀਕ ਵੀ ਕਰ ਸਕਦਾ ਹੈ। ਇਸ ਖ਼ਿਆਲ ਨੇ ਉਨ੍ਹਾਂ ਨੂੰ ਖ਼ੁਰਾਕੀ ਪਦਾਰਥਾਂ ਦੇ ਕਿੱਤੇ ਵੱਲ ਪ੍ਰੇਰਿਤ ਕੀਤਾ...*

ਸ਼ਹਿਨਜ਼ 2012 ਤੋਂ ਕ੍ਰਿਸ਼ੀ ਵਿਗਿਆਨ ਕੇਂਦਰ ਅਤੇ ਫਾਰਮ ਸਲਾਹਕਾਰ ਕੇਂਦਰ ਬਠਿੰਡਾ ਦੇ ਮਾਹਿਰਾਂ ਨਾਲ ਜੁੜੇ ਹੋਏ ਹਨ। ਉਨ੍ਹਾਂ ਨੇ 2014 ਵਿਚ ਕੇਵੀਕੇ ਬਠਿੰਡਾ ਤੋਂ ਸ਼ਹਿਦ ਮੱਖੀਆਂ ਪਾਲਣ ਦੀ ਸਿਖਲਾਈ ਫਿਰ ਫਲਾਂ ਅਤੇ ਸਬਜ਼ੀਆਂ ਦੀ ਪੈਦਾਵਾਰ, ਸਾਂਭ-ਸੰਭਾਲ, ਉਚਿਤ ਰੱਖ ਰਖਾਓ, ਡੱਬਾਬੰਦੀ ਅਤੇ ਮਾਰਕੀਟਿੰਗ ਬਾਰੇ ਸਿਖਲਾਈ ਪ੍ਰਾਪਤ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਆਨਲਾਈਨ ਵਸੀਲਿਆਂ ਤੋਂ ਫੂਡ ਪ੍ਰੋਸੈਸਿੰਗ ਦੀ ਸਿਖਲਾਈ ਲੈ ਕੇ ਅਚਾਰ, ਚਟਣੀ ਅਤੇ ਮੁਰੱਬੇ, ਸਕੁਐਸ਼ ਆਦਿ ਖ਼ੁਰਾਕੀ ਪਦਾਰਥ ਬਣਾ ਕੇ ਵੇਚਣੇ ਸ਼ੁਰੂ ਕੀਤੇ। ਉਨ੍ਹਾਂ ਦੀਆਂ ਤਿਆਰ ਕੀਤੀਆਂ ਵਸਤਾਂ ਨੂੰ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵੱਲੋਂ ਲਗਾਏ ਜਾਂਦੇ ਮੇਲਿਆਂ ਵਿਚ ਗਾਹਕਾਂ ਦਾ ਭਰਵਾਂ ਹੁੰਗਾਰਾ ਮਿਲਿਆ ਅਤੇ ਉਨ੍ਹਾਂ ਨੇ ਇਸ ਨੂੰ ਵੱਡੇ ਪੱਧਰ 'ਤੇ ਸ਼ੁਰੂ ਕੀਤਾ। ਅੱਜ ਉਹ ਅਜਿਹੇ ਅਨੇਕਾਂ ਖ਼ੁਰਾਕੀ ਪਦਾਰਥਾਂ ਨੂੰ ਖ਼ੁਦ ਤਿਆਰ ਕਰ ਕੇ, ਖ਼ੁਦ ਪੈਕੇਜਿੰਗ ਅਤੇ ਮੰਡੀਕਰਨ ਕਰ ਕੇ 10 ਲੱਖ ਰੁਪਏ ਤੋਂ ਵੱਧ ਆਮਦਨ ਕਮਾ ਰਹੇ ਹਨ।



ਔਰਤਾਂ ਨੂੰ ਆਤਮ ਨਿਰਭਰ ਬਣਾਉਣ ਲਈ ਉਹ ਉਨ੍ਹਾਂ ਲਈ ਜਾਗਰੂਕਤਾ ਮੁਹਿੰਮ ਵੀ ਚਲਾ ਰਹੇ ਹਨ ਅਤੇ ਉਨ੍ਹਾਂ ਵੱਲੋਂ ਟੀਵੀ, ਰੇਡੀਓ ਅਤੇ ਅਖ਼ਬਾਰਾਂ ਜ਼ਰੀਏ ਕਿਸਾਨ ਬੀਬੀਆਂ ਨੂੰ ਸਹਾਇਕ ਧੰਦਿਆਂ ਬਾਰੇ ਜਾਣਕਾਰੀ ਵੀ ਦਿੱਤੀ ਜਾਂਦੀ ਹੈ। ਇਨ੍ਹਾਂ ਖ਼ੁਰਾਕੀ ਪਦਾਰਥਾਂ ਨੂੰ ਤਿਆਰ ਕਰਨ ਤੋਂ ਇਲਾਵਾ ਉਨ੍ਹਾਂ ਵੱਲੋਂ ਕਾਲਜਾਂ 'ਚ ਪੜ੍ਹਦੇ ਵਿਦਿਆਰਥੀਆਂ ਲਈ ਟਿਫਨ ਸਰਵਿਸ ਦਾ ਕੰਮ ਵੀ ਕੀਤਾ ਜਾਂਦਾ ਹੈ।।ਇਸ ਜ਼ਰੀਏ ਉਨ੍ਹਾਂ ਨੇ ਇਲਾਕੇ ਦੀਆਂ ਕਈ ਔਰਤਾਂ ਨੂੰ ਰੁਜ਼ਗਾਰ ਵੀ ਮੁਹੱਈਆ ਕਰਵਾਇਆ ਹੈ। ਸਾਲ 2015 ਦੌਰਾਨ ਸਹਾਇਕ ਖੇਤੀ ਧੰਦਿਆਂ ਪ੍ਰਤੀ ਸ਼ਲਾਘਾਯੋਗ ਉੱਦਮ ਕਰਨ ਲਈ ਫੂਡ ਪ੍ਰੋਸੈਸਿੰਗ ਮੰਤਰਾਲਾ ਵੱਲੋਂ ਉਨ੍ਹਾਂ ਨੂੰ ਮੁਕਤਸਰ ਸਾਹਿਬ ਵਿਖੇ ਸਨਮਾਨਿਤ ਕੀਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਵੀ ਉਨ੍ਹਾਂ ਨੂੰ 'ਜਗਬੀਰ ਕੌਰ ਗਰੇਵਾਲ ਯਾਦਗਾਰੀ ਪੁਰਸਕਾਰ' ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। •



# ਹਿੰਦੂ ਸੰਗਠਨਾਂ ਦੇ ਇੱਕ ਵੱਡੇ ਇਕੱਠ ਵੱਲੋਂ ਪਟਿਆਲਾ ਦੇ ਪ੍ਰਸਿੱਧ ਸ਼੍ਰੀ ਕਾਲੀ ਮਾਤਾ ਮੰਦਰ ਵਿੱਚ ਇੱਕ ਵਿਸ਼ਾਲ ਹਵਨ ਯੱਗ ਦਾ ਆਯੋਜਨ

ਪਟਿਆਲਾ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਸਮੂਹ ਹਿੰਦੂ ਸੰਗਠਨਾਂ ਦੇ ਇੱਕ ਵੱਡੇ ਇਕੱਠ ਨੇ ਪਟਿਆਲਾ ਦੇ ਪ੍ਰਸਿੱਧ ਸ਼੍ਰੀ ਕਾਲੀ ਮਾਤਾ ਮੰਦਰ ਵਿੱਚ ਇੱਕ ਵਿਸ਼ਾਲ ਹਵਨ ਯੱਗ ਦਾ ਆਯੋਜਨ ਕੀਤਾ, ਜਿਸ ਵਿੱਚ ਪੰਜਾਬ ਪੁਲਿਸ, ਸੀਆਰਪੀਐਫ, ਬੀਐਸਐਫ ਅਤੇ ਭਾਰਤੀ ਫੌਜ ਦੇ ਬਹਾਦਰ ਸੈਨਿਕਾਂ ਅਤੇ ਅਧਿਕਾਰੀਆਂ ਸਮੇਤ ਪੰਜਾਬ ਦੇ 35,000 ਬਹਾਦਰ ਹਿੰਦੂਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ, ਅਤੇ 9 ਜੂਨ, 1984 ਨੂੰ ਆਪ੍ਰੇਸ਼ਨ ਬਲੂ ਸਟਾਰ ਤੋਂ ਪਹਿਲਾਂ, ਦੌਰਾਨ ਅਤੇ ਬਾਅਦ ਵਿੱਚ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਦੇਸ਼ ਦੇ ਸੁਰੱਖਿਆ ਬਲਾਂ ਦੇ ਨਾਲ ਨਾਲ ਉਨ੍ਹਾਂ ਰਾਸ਼ਟਰਵਾਦੀ ਸਿੱਖ ਭਰਾਵਾਂ ਨੂੰ ਵੀ ਸ਼ਰਧਾਂਜਲੀ ਦਿੱਤੀ ਗਈ, ਜਿਨ੍ਹਾਂ ਨੇ ਅੱਤਵਾਦ ਦੇ ਖਿਲਾਫ ਲੜਦੇ ਹੋਏ ਆਪਣੀ ਕੁਰਬਾਨੀ ਦਿੱਤੀ। ਇਹ ਸਮਾਗਮ ਸ਼ਿਵ ਸੈਨਾ ਹਿੰਦੁਸਤਾਨ, ਹਿੰਦੂ ਸੁਰੱਖਿਆ ਸਮਿਤੀ, ਸ਼੍ਰੀ ਹਿੰਦੂ ਤਖ਼ਤ, ਵਿਸ਼ਵ ਹਿੰਦੂ ਸੁਰੱਖਿਆ ਪ੍ਰੀਸ਼ਦ ਅਤੇ ਹੋਰ ਹਿੰਦੂ ਸੰਗਠਨਾਂ ਵਲੋਂ ਸਾਂਝੇ ਤੌਰ 'ਤੇ ਆਯੋਜਿਤ ਕੀਤਾ ਗਿਆ ਸੀ। ਅੱਜ, ਪਟਿਆਲਾ ਦੀ ਪਰੰਪਰਾ ਅਨੁਸਾਰ, ਹਿੰਦੂ ਭਾਈਚਾਰਾ ਵੱਡੀ ਗਿਣਤੀ ਵਿੱਚ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਖਾਲਿਸਤਾਨੀ ਅੱਤਵਾਦ ਵਿਰੁੱਧ ਲੜਦੇ ਹੋਏ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਨੂੰ ਯਾਦ ਕਰਨ ਲਈ ਇਕੱਠਾ ਹੋਇਆ। ਇਹ ਵਿਸ਼ਾਲ ਹਵਨ



ਯੱਗ ਉਨ੍ਹਾਂ ਦੇ ਸਨਮਾਨ ਵਿੱਚ ਆਯੋਜਿਤ ਕੀਤਾ ਗਿਆ ਸੀ।

ਪੰਡਿਤ ਬਦਰੀ ਪ੍ਰਸਾਦ ਜੀ ਨੇ ਆਪਣੇ ਸਾਥੀ ਧਾਰਮਿਕ ਸਹਿਯੋਗੀਆਂ ਦੀ ਮਦਦ ਨਾਲ ਸਨਾਤਨ ਧਰਮ ਦੇ ਗ੍ਰੰਥਾਂ ਦੇ ਮੰਤਰਾਂ ਰਾਹੀਂ ਇਸ ਹਵਨ ਯੱਗ ਨੂੰ ਸੰਪੂਰਨ ਕੀਤਾ। ਇਸ ਵਿਸ਼ਾਲ ਹਵਨ ਯੱਗ ਦੀ ਵਿਸ਼ੇਸ਼ਤਾ ਇਹ ਸੀ ਕਿ ਅੱਜ ਵੱਖ-ਵੱਖ ਹਿੰਦੂ ਸੰਗਠਨਾਂ ਦੀ ਅਪੀਲ 'ਤੇ, ਨਾਰੀ ਸ਼ਕਤੀ ਨੇ ਵੀ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ ਅਤੇ ਰਾਸ਼ਟਰ ਦੇ ਇਨ੍ਹਾਂ ਮਹਾਨ ਸਪੂਤਾਂ ਨੂੰ ਆਪਣੀ ਭਾਵੁਕ ਸ਼ਰਧਾਂਜਲੀ ਭੇਟ ਕੀਤੀ।

ਪੰਜਾਬ ਵਿੱਚ ਇਸ ਪਰੰਪਰਾ ਦੀ ਸ਼ੁਰੂਆਤ ਕਰਨ ਵਾਲੀ ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਸ੍ਰੀ ਪਵਨ ਗੁਪਤਾ ਦੀ ਪਹਿਲਕਦਮੀ 'ਤੇ, ਅੱਜ ਪਟਿਆਲਾ ਦੇ ਸਾਰੇ ਹਿੰਦੂ ਸੰਗਠਨ ਇੱਕ ਪਲੇਟਫਾਰਮ 'ਤੇ ਇਕੱਠੇ ਹੋਏ ਅਤੇ ਪੰਜਾਬ ਦੇ ਇਨ੍ਹਾਂ ਸਾਰੇ ਮਹਾਨ ਸ਼ਹੀਦਾਂ ਨੂੰ ਸਮੂਹਿਕ ਤੌਰ 'ਤੇ ਸ਼ਰਧਾਂਜਲੀ ਭੇਟ ਕੀਤੀ, ਜਿਨ੍ਹਾਂ ਨੇ ਰਾਸ਼ਟਰਵਾਦ ਦੀ ਵਿਚਾਰਧਾਰਾ ਦੀ ਰਾਖੀ ਕਰਦੇ ਹੋਏ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਲੜਾਈ ਲੜੀ। ਭਾਵੇਂ ਉਹ ਕਿਸੇ ਵੀ ਧਰਮ, ਜਾਤ ਜਾਂ ਸਮਾਜ ਨਾਲ ਸਬੰਧਤ ਹੋਣ।

ਵਿਸ਼ਾਲ ਹਵਨ ਯੱਗ ਦੀ ਸਮਾਪਤੀ ਤੋਂ ਬਾਅਦ, ਹਿੰਦੂ ਸੁਰੱਖਿਆ ਸਮਿਤੀ ਦੇ ਰਾਸ਼ਟਰੀ ਪ੍ਰਧਾਨ, ਸ਼੍ਰੀ ਰਾਜੇਸ਼ ਕੇਹਰ ਨੇ ਆਪਣੇ ਸੰਗਠਨ ਵੱਲੋਂ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਇਹ ਸਾਡਾ ਰਾਸ਼ਟਰੀ ਫਰਜ਼ ਹੈ ਕਿ ਅਸੀਂ ਉਨ੍ਹਾਂ ਲੋਕਾਂ ਨੂੰ ਯਾਦ ਰੱਖੀਏ ਜਿਨ੍ਹਾਂ ਨੇ ਪੰਜਾਬ ਵਿੱਚ ਸ਼ਾਂਤੀ, ਸਦਭਾਵਨਾ ਅਤੇ ਭਾਈਚਾਰਾ ਸਥਾਪਤ ਕਰਨ ਲਈ ਆਪਣੇ ਆਪ ਨੂੰ ਅਤੇ ਆਪਣੇ ਪਰਿਵਾਰਾਂ ਨੂੰ ਕੁਰਬਾਨ ਕਰ ਦਿੱਤਾ। ਇਸ ਲਈ, ਸਾਰੇ ਹਿੰਦੂ ਸੰਗਠਨ ਇੱਕ ਪਲੇਟਫਾਰਮ 'ਤੇ ਇਕੱਠੇ ਹੋਏ ਹਨ ਅਤੇ ਪੰਜਾਬ ਦੀ ਪਵਿੱਤਰ ਧਰਤੀ 'ਤੇ, ਖਾਸ ਕਰਕੇ ਸ਼ਕਤੀ ਸਵਰੂਪ ਸ਼੍ਰੀ ਕਾਲੀ ਮਾਤਾ ਮੰਦਰ ਦੇ ਵਿਹੜੇ ਵਿੱਚ, ਸਾਡੇ ਸਨਾਤਨ ਧਰਮ ਰਾਹੀਂ ਉਨ੍ਹਾਂ ਨੂੰ ਸ਼ਰਧਾਂਜਲੀ ਦੇ ਰਹੇ ਹਨ।

ਮਹਾਮੰਡਲੇਸ਼ਵਰ ਸ਼੍ਰੀ ਬ੍ਰਹਮਾਨੰਦ ਗਿਰੀ ਜੀ ਨੇ ਸ਼ਰਧਾਂਜਲੀ ਸਮਾਰੋਹ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਡਾ ਪ੍ਰੋਗਰਾਮ ਕਿਸੇ ਖਾਸ ਜਾਤੀ ਜਾਂ ਧਰਮ ਦੇ ਵਿਰੁੱਧ ਨਹੀਂ ਹੈ; ਅਸੀਂ ਉਨ੍ਹਾਂ ਸ਼ਹੀਦਾਂ ਨੂੰ ਨਮਨ ਕਰਦੇ ਹਾਂ ਜਿਨ੍ਹਾਂ ਨੇ ਪੰਜਾਬ ਦੀ ਸ਼ਾਂਤੀ, ਸ਼ਾਂਤੀ ਅਤੇ ਭਾਈਚਾਰੇ ਲਈ ਆਪਣਾ ਸਭ ਕੁਝ ਕੁਰਬਾਨ ਕਰ ਦਿੱਤਾ ਅਤੇ ਅੱਤਵਾਦ ਵਿਰੁੱਧ ਬਹਾਦਰੀ ਨਾਲ ਲੜਿਆ। ਨਤੀਜਾ ਪੰਜਾਬ ਵਿੱਚ ਸ਼ਾਂਤੀ, ਸਦਭਾਵਨਾ ਅਤੇ ਭਾਈਚਾਰਾ ਸਥਾਪਤ ਹੋਇਆ। ਇਸ ਲਈ, ਉਨ੍ਹਾਂ ਸ਼ਹੀਦਾਂ ਪ੍ਰਤੀ ਸਾਡਾ ਰਾਸ਼ਟਰੀ ਫਰਜ਼ ਹੈ ਕਿ ਅਸੀਂ ਉਨ੍ਹਾਂ ਦੀਆਂ ਕੀਮਤੀ ਕੁਰਬਾਨੀਆਂ ਲਈ ਉਨ੍ਹਾਂ ਨੂੰ ਹਮੇਸ਼ਾ ਯਾਦ ਰੱਖੀਏ।

ਸ਼੍ਰੀ ਸਵਤੰਤਰ ਰਾਜ ਪਾਸੀ ਸ਼ਿਵ ਸ਼ਕਤੀ ਲੰਗਰ ਕਮੇਟੀ ਨੇ ਕਿਹਾ ਕਿ ਅੱਤਵਾਦ ਕਦੇ ਵੀ ਕਿਸੇ ਨੂੰ ਲਾਭ ਨਹੀਂ ਪਹੁੰਚਾਉਂਦਾ। ਦੇਸ਼ ਦੇ ਸੁਰੱਖਿਆ ਬਲਾਂ ਨੇ ਪੰਜਾਬ ਵਿੱਚ ਸ਼ਾਂਤੀ ਬਣਾਈ ਰੱਖਣ ਲਈ ਆਪਣੀਆਂ ਕੀਮਤੀ ਜਾਨਾਂ ਕੁਰਬਾਨ ਕੀਤੀਆਂ ਹਨ ਅਤੇ ਉਨ੍ਹਾਂ ਦੀ ਕੁਰਬਾਨੀ ਹਮੇਸ਼ਾ ਸਾਡੇ ਦਿਲਾਂ ਵਿੱਚ ਰਹੇਗੀ।

ਵਿਸ਼ਵ ਹਿੰਦੂ ਸੁਰੱਖਿਆ ਪ੍ਰੀਸ਼ਦ ਦੇ ਰਾਸ਼ਟਰੀ ਸੰਗਠਨ ਮੰਤਰੀ, ਨੌਜਵਾਨ ਆਗੂ ਸਾਹਿਲ ਗੋਇਲ ਨੇ ਵੀ ਆਪਣੀ ਦਿਲੋਂ ਸ਼ਰਧਾਂਜਲੀ ਭੇਟ ਕੀਤੀ।

ਵਿਸ਼ਾਲ ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦਿਆਂ, ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਸ਼੍ਰੀ ਪਵਨ ਗੁਪਤਾ, ਜਿਨ੍ਹਾਂ ਨੇ ਕਈ ਸਾਲ ਪਹਿਲਾਂ ਪੰਜਾਬ ਵਿੱਚ ਇਸ ਸ਼ਰਧਾਂਜਲੀ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਸੀ, ਨੇ ਕਿਹਾ ਕਿ ਪੰਜਾਬ ਇੱਕ ਪਵਿੱਤਰ ਧਰਤੀ ਹੈ ਅਤੇ ਇਸਨੇ ਹਮੇਸ਼ਾ ਅੱਤਵਾਦ ਵਿਰੁੱਧ ਲੜਨ ਵਾਲੇ ਬਹਾਦਰ ਯੋਧੇ ਪੈਦਾ ਕੀਤੇ ਹਨ। ਪੰਜਾਬ ਵਿੱਚ ਅੱਤਵਾਦ ਅਤੇ ਅੱਤਵਾਦ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਗਿਆ। ਇਸ ਲਈ, ਜਦੋਂ ਖਾਲਿਸਤਾਨੀ ਅੱਤਵਾਦੀਆਂ ਨੇ ਪੰਜਾਬ ਵਿੱਚ ਮਾਸੂਮ ਪੰਜਾਬੀਆਂ ਨੂੰ ਮਾਰਿਆ, ਤਾਂ ਪੰਜਾਬ ਦੇ ਬਹਾਦਰ ਹਿੰਦੂਆਂ ਅਤੇ ਸਿੱਖਾਂ ਨੇ ਜ਼ੋਰਦਾਰ ਵਿਰੋਧ ਕੀਤਾ। ਇਸੇ ਕ੍ਰਮ ਵਿੱਚ, ਪੰਜਾਬ ਪੁਲਿਸ, ਸੀਆਰਪੀਐਫ, ਬੀਐਸਐਫ ਅਤੇ ਭਾਰਤੀ ਫੌਜ ਦੇ ਬਹਾਦਰ ਸੈਨਿਕਾਂ ਅਤੇ ਅਧਿਕਾਰੀਆਂ ਨੇ ਤਨਖਾਹ ਲਈ ਆਪਣੀ ਲੜਾਈ ਤਿਆਗ ਕੇ, ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਲੜਾਈ ਲੜੀ, ਨਾ ਸਿਰਫ ਆਪਣੀਆਂ ਜਾਨਾਂ ਸਗੋਂ ਆਪਣੇ ਪਰਿਵਾਰਾਂ ਦੇ ਮਹੱਤਵਪੂਰਨ ਮੈਂਬਰਾਂ ਦੀਆਂ ਕੀਮਤੀ ਜਾਨਾਂ ਵੀ ਕੁਰਬਾਨ ਕਰ ਦਿੱਤੀਆਂ। ਤਦ ਹੀ ਪੰਜਾਬ ਵਿੱਚ ਸ਼ਾਂਤੀ, ਸਦਭਾਵਨਾ ਅਤੇ ਭਾਈਚਾਰਾ ਸਥਾਪਤ ਹੋਇਆ ਹੈ। ਇਹ ਨਹੀਂ ਭੁੱਲਿਆ ਜਾ ਸਕਦਾ ਕਿ 35,000 ਹਿੰਦੂਆਂ ਅਤੇ ਰਾਸ਼ਟਰਵਾਦੀ ਸਿੱਖਾਂ ਨੇ ਇਸ ਪੰਜਾਬ ਦੀ ਸ਼ਾਂਤੀ ਅਤੇ ਭਾਈਚਾਰੇ ਲਈ ਅੱਤਵਾਦ ਵਿਰੁੱਧ ਲੜਦੇ ਹੋਏ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਹਨ। ਇਸੇ ਲਈ ਸ਼ਿਵ ਸੈਨਾ ਹਿੰਦੁਸਤਾਨ ਨੇ ਕਈ ਸਾਲ ਪਹਿਲਾਂ ਪੰਜਾਬ ਭਰ ਵਿੱਚ ਇਸ ਸ਼ਰਧਾਂਜਲੀ ਲੜੀ ਦੀ ਸ਼ੁਰੂਆਤ ਪੰਜਾਬ ਦੇ ਲੋਕਾਂ ਦੀਆਂ ਕੁਰਬਾਨੀਆਂ ਅਤੇ ਸ਼ਹਾਦਤਾਂ ਦਾ ਸਨਮਾਨ ਕਰਨ ਲਈ ਕੀਤੀ ਸੀ।

# ਮਿਸਲ ਸਤਲੁਜ ਵੱਲੋਂ ਸਹਾਇਕ ਲਾਈਨਮੈਨ ਅਪ੍ਰੈਂਟਿਸ ਨੌਜਵਾਨਾਂ ਤੇ ਲਾਠੀਚਾਰਜ ਦੀ ਨਿਖੇਧੀ

ਪਟਿਆਲਾ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਮਿਸਲ ਸਤਲੁਜ ਜਥੇਬੰਦੀ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਦੇ ਮੁੱਖ ਦਫ਼ਤਰ ਸਾਹਮਣੇ ਸ਼ਾਂਤਮਈ ਧਰਨਾ ਦੇ ਰਹੇ ਸਹਾਇਕ ਲਾਈਨਮੈਨ ਅਪ੍ਰੈਂਟਿਸ ਨੌਜਵਾਨਾਂ ਉੱਪਰ ਕੀਤੇ ਗਏ ਪੁਲਿਸ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਨੂੰ ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਸੰਵਿਧਾਨਕ ਹੱਕਾਂ ਉੱਪਰ ਸਿੱਧਾ ਹਮਲਾ ਕਰਾਰ ਦਿੱਤਾ ਹੈ।

ਇਸ ਸਬੰਧੀ ਜਾਰੀ ਇੱਕ ਬਿਆਨ ਵਿੱਚ ਮਿਸਲ ਸਤਲੁਜ ਦੇ ਮਹਿਲਾ ਵਿੰਗ ਦੀ ਪ੍ਰਧਾਨ ਬੀਬੀ ਜਸਮੀਤ ਕੌਰ ਛੀਨਾ ਅਤੇ 'ਪੂਰਾ ਪੰਜਾਬ ਲਹਿਰ' ਦੇ ਕਨਵੀਨਰ ਅਮਰਿੰਦਰ ਸਿੰਘ ਤੂਰ ਨੇ ਕਿਹਾ ਕਿ ਆਪਣੇ ਭਵਿੱਖ ਅਤੇ ਰੁਜ਼ਗਾਰ ਦੀ ਮੰਗ ਲਈ ਸੰਘਰਸ਼ ਕਰ ਰਹੇ ਨੌਜਵਾਨਾਂ ਦੀ ਗੱਲ ਸੁਣਨ ਦੀ ਥਾਂ ਉਨ੍ਹਾਂ ਉੱਤੇ ਲਾਠੀਆਂ ਵਰ੍ਹਾਉਣਾ ਸਰਕਾਰ ਦੀ ਅਸਫਲਤਾ ਨੂੰ ਬੇਨਕਾਬ ਕਰਦਾ ਹੈ। ਉਨ੍ਹਾਂ ਧਰਨਾਕਾਰੀ ਨੌਜਵਾਨਾਂ ਨਾਲ ਇਕਜੁੱਟਤਾ ਪ੍ਰਗਟ ਕਰਦਿਆਂ ਭਰੋਸਾ ਦਿੱਤਾ ਕਿ ਮਿਸਲ ਸਤਲੁਜ ਇਸ ਇਨਸਾਫ਼ ਦੀ ਲੜਾਈ ਵਿੱਚ ਹਰ ਪੜਾਅ ਉੱਤੇ ਉਨ੍ਹਾਂ ਦੇ ਨਾਲ ਖੜ੍ਹੀ ਰਹੇਗੀ।

ਆਗੂਆਂ ਨੇ ਕਿਹਾ ਕਿ ਪੰਜਾਬ ਦਾ ਨੌਜਵਾਨ ਅੱਜ ਰੁਜ਼ਗਾਰ ਦੀ ਭਾਲ ਲਈ ਮਜਬੂਰ ਹੈ। ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੱਖਾਂ ਨੌਕਰੀਆਂ ਦੇਣ ਦੇ ਵਾਅਦੇ ਕੀਤੇ ਸਨ, ਪਰ ਅੱਜ ਹਾਲਾਤ ਇਹ ਹਨ ਕਿ ਨੌਕਰੀਆਂ ਮੰਗਣ ਵਾਲੇ ਨੌਜਵਾਨਾਂ ਤੇ ਲਾਠੀਚਾਰਜ ਕੀਤਾ ਜਾ ਰਿਹਾ ਹੈ ਇਹ ਸਥਿਤੀ ਸੂਬੇ ਦੇ ਭਵਿੱਖ ਲਈ ਚਿੰਤਾਜਨਕ ਹੈ।

ਆਗੂਆਂ ਨੇ ਕਿਹਾ ਕਿ ਮੌਜੂਦਾ ਸਰਕਾਰ ਆਪਣੇ ਚੋਣ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਬੁਰੀ ਤਰ੍ਹਾਂ ਅਸਫਲ ਰਹੀ ਹੈ। ਔਰਤਾਂ ਨੂੰ ਹਰ ਮਹੀਨੇ ਇੱਕ ਹਜ਼ਾਰ ਰੁਪਏ ਦੇਣ, ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਸਿਰਫ਼ ਚੋਣੀ ਨਾਅਰੇ ਸਾਬਤ ਹੋਏ ਹਨ। ਪੰਜਾਬ ਦੀ ਜਨਤਾ ਹੁਣ ਸਰਕਾਰ ਦੇ ਦਾਵਿਆਂ ਅਤੇ ਹਕੀਕਤ ਵਿਚਲੇ ਫ਼ਰਕ ਨੂੰ ਸਪੱਸ਼ਟ ਤੌਰ 'ਤੇ ਮਹਿਸੂਸ ਕਰ ਰਹੀ ਹੈ।

ਮਿਸਲ ਸਤਲੁਜ ਦੇ ਆਗੂਆਂ ਨੇ ਪੰਜਾਬ ਦੇ ਬਿਜਲੀ ਖੇਤਰ ਵਿੱਚ ਕੀਤੀਆਂ ਜਾ ਰਹੀਆਂ ਨਿਯੁਕਤੀਆਂ ਉੱਤੇ ਵੀ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਸੂਬੇ ਦੇ ਯੋਗ ਅਤੇ ਤਜਰਬੇਕਾਰ ਅਧਿਕਾਰੀਆਂ ਨੂੰ ਨਜ਼ਰਅੰਦਾਜ਼ ਕਰਕੇ ਬਾਹਰਲੇ ਵਿਅਕਤੀਆਂ ਨੂੰ ਅਹਿਮ ਅਹੁਦਿਆਂ ਉੱਤੇ ਬਿਠਾਉਣਾ ਪੰਜਾਬ ਦੇ ਹਿੱਤਾਂ ਦੇ ਵਿਰੁੱਧ ਹੈ। ਆਗੂਆਂ ਨੇ ਕਿਹਾ ਕਿ ਖ਼ਾਸ ਕਰਕੇ ਬਿਜਲੀ ਖੇਤਰ ਵਰਗੇ ਮਹੱਤਵਪੂਰਨ ਵਿਭਾਗ ਵਿੱਚ ਪੰਜਾਬ ਦੇ ਹਾਲਾਤ ਅਤੇ ਲੋੜਾਂ ਨਾਲ ਜਾਣੂ ਵਿਅਕਤੀਆਂ ਨੂੰ ਨਿਯੁਕਤ ਕਰਨਾ ਚਾਹੀਦਾ ਹੈ।

ਜਥੇਬੰਦੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਹਾਇਕ ਲਾਈਨਮੈਨ ਅਪ੍ਰੈਂਟਿਸਾਂ ਉੱਪਰ ਦਰਜ ਕੀਤੇ ਗਏ ਮਾਮਲੇ ਤੁਰੰਤ ਰੱਦ ਕੀਤੇ ਜਾਣ, ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਮੰਨਿਆ ਜਾਵੇ ਅਤੇ ਰੁਜ਼ਗਾਰ ਦੇ ਮੌਕਿਆਂ ਨੂੰ ਯਕੀਨੀ ਬਣਾਇਆ ਜਾਵੇ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਨੌਜਵਾਨਾਂ ਦੀਆਂ ਮੰਗਾਂ ਪ੍ਰਤੀ ਆਪਣਾ ਰਵੱਈਆ ਨਾ ਬਦਲਿਆ ਅਤੇ ਦਮਨ ਦੀ ਨੀਤੀ ਜਾਰੀ ਰੱਖੀ ਤਾਂ ਮਿਸਲ ਸਤਲੁਜ ਪੰਜਾਬ ਭਰ ਦੀਆਂ ਸਮਾਜਿਕ, ਕਿਸਾਨ, ਮੁਲਾਜ਼ਮ ਅਤੇ ਨੌਜਵਾਨ ਜਥੇਬੰਦੀਆਂ ਨੂੰ ਨਾਲ ਲੈ ਕੇ ਸੰਘਰਸ਼ ਨੂੰ ਹੋਰ ਵਿਸ਼ਾਲ ਰੂਪ ਦੇਵੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।

# ਜ਼ਿਲ੍ਹਾ ਚੋਣ ਅ.ਫ਼ਸਰ ਵੱਲੋਂ ਸਪੈਸ਼ਲ ਇੰਟੈਂਸਿਵ ਰਵੀਜਨ ਲਈ ਵੋਟਰ ਸੂਚੀਆਂ ਦੀ ਮੈਪਿੰਗ ਦਾ ਜਾਇਜ਼ਾ



ਪਟਿਆਲਾ, 9 ਜੂਨ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਪਟਿਆਲਾ ਜ਼ਿਲ੍ਹੇ ਅੰਦਰ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਤੋਂ ਪਹਿਲਾਂ ਚੱਲ ਰਹੀ ਮੌਜੂਦਾ ਵੋਟਰ ਸੂਚੀਆਂ ਦੀ 2003 ਦੀਆਂ ਵੋਟਰ ਸੂਚੀਆਂ ਨਾਲ ਮੈਪਿੰਗ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਅੰਦਰ 84 ਫ਼ੀਸਦੀ ਮੈਪਿੰਗ ਹੋ ਚੁੱਕੀ ਹੈ ਅਤੇ ਬਾਕੀ ਰਹਿੰਦੀ ਮੈਪਿੰਗ ਜਲਦ ਖ਼ਤਮ ਕਰਨ ਲਈ ਜ਼ਿਲ੍ਹੇ ਭਰ ਦੇ ਸਾਰੇ ਬੂਥਾਂ 'ਤੇ 7 ਜੂਨ ਐਤਵਾਰ ਨੂੰ ਸਪੈਸ਼ਲ ਕੈਂਪ ਵੀ ਲੱਗਣਗੇ। ਏ.ਡੀ.ਸੀਜ਼ ਅਨੁਪ੍ਰਿਤਾ ਜੌਹਲ, ਨਵਰੀਤ ਕੌਰ ਸੇਖੋਂ, ਸਾਰੇ ਐਸ.ਡੀ.ਐਮਜ਼-ਕਮ-ਈ.ਆਰ.ਓਜ਼ ਤੇ ਚੋਣ ਤਹਿਸੀਲਦਾਰ ਸਮੇਤ ਸੁਪਰਵਾਈਜ਼ਰਾਂ ਤੇ ਬੀ.ਐਲ.ਓਜ਼ ਨਾਲ ਬੈਠਕ ਕਰਦਿਆਂ ਜ਼ਿਲ੍ਹਾ ਚੋਣ ਅਫ਼ਸਰ ਨੇ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਡਿਊਟੀ ਨੂੰ ਵਾਧੂ ਡਿਊਟੀ ਨਾ ਸਮਝਿਆ ਜਾਵੇ, ਕਿਉਂਕਿ ਵੋਟਰ ਸੂਚੀਆਂ ਦੀ ਸੁਧਾਈ ਵੀ ਸਰਕਾਰੀ ਮੁਲਾਜਮਾਂ ਦੀ ਆਮ ਡਿਊਟੀ ਦਾ ਹੀ ਹਿਸਾ ਹੈ। ਉਨ੍ਹਾਂ ਕਿਹਾ ਕਿ ਬੇਸ਼ੱਕ ਇਹ ਕਾਫ਼ੀ ਔਖਾ ਕੰਮ ਹੈ ਪਰੰਤੂ ਅਸੰਭਵ ਨਹੀਂ ਹੈ, ਇਸ ਲਈ ਮੈਪਿੰਗ ਦੇ ਕੰਮ ਨੂੰ 100 ਫੀਸਦੀ ਮੁਕੰਮਲ ਕਰਨ ਲਈ ਇਸ ਵਿੱਚ ਗ਼ਲਤੀਆਂ (ਅਨਾਮਲੀਜ਼) ਖ਼ਤਮ ਕੀਤੀਆਂ ਜਾਣ ਅਤੇ ਮੈਪਿੰਗ ਵਧਾਈ ਜਾਵੇ। ਡਾ. ਹਿਮਾਂਸ਼ੂ ਅਗਰਵਾਲ ਨੇ ਹਰ ਹਲਕੇ ਵਾਈਜ਼ ਜਾਇਜ਼ਾ ਲੈਂਦਿਆਂ ਹਦਾਇਤ ਕੀਤੀ ਕਿ ਭਾਰਤ ਚੋਣ ਕਮਿਸ਼ਨ ਦੇ ਕੰਮ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਸਾਰਾ ਪ੍ਰੋਫ਼ਾਰਮਾ ਧਿਆਨ ਨਾਲ ਭਰਿਆ ਜਾਵੇ, ਕਿਉਂਕਿ ਸੀਨੀਅਰ ਅਧਿਕਾਰੀਆਂ ਤੇ ਚੋਣ ਕਮਿਸ਼ਨ ਵੱਲੋਂ ਕਿਸੇ ਵੀ ਗ਼ਲਤੀ ਦਾ ਗੰਭੀਰ ਨੋਟਿਸ ਲਿਆ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ 8 ਹਲਕਿਆਂ ਵਿੱਚ ਇਸ ਵੇਲੇ 1520190 ਵੋਟਰਾਂ ਵਿੱਚੋਂ 1268487 ਵੋਟਰਾਂ ਦੀ ਸਾਲ 2003 ਦੀ ਵੋਟਰ ਸੂਚੀਆਂ ਨਾਲ ਮੈਪਿੰਗ ਹੋ ਚੁੱਕੀ ਹੈ ਅਤੇ ਬਕਾਇਆ ਕੰਮ ਤੇਜੀ ਨਾਲ ਕੀਤਾ ਜਾ ਰਿਹਾ ਹੈ।

# ਪਟਿਆਲਾ ਸਵੀਪ ਟੀਮ ਨੇ ਮਾਤਾ ਖੀਵੀ ਓਲਡ ਏਜ ਹੋਮ 'ਚ ਐਸ ਆਈ ਆਰ ਬਾਰੇ ਜਾਣਕਾਰੀ ਦਿੱਤੀ

ਪਟਿਆਲਾ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਸਵੀਪ ਦੇ ਜ਼ਿਲ੍ਹਾ ਨੋਡਲ ਅਫ਼ਸਰ ਡਾ. ਸਵਿੰਦਰ ਸਿੰਘ ਰੇਖੀ ਦੀ ਅਗਵਾਈ ਹੇਠ ਟੀਮ ਨੇ ਵੋਟਰ ਜਾਗਰੂਕਤਾ ਮੁਹਿੰਮ ਦੇ ਹਿੱਸੇ ਵਜੋਂ, ਮਾਤਾ ਖੀਵੀ ਓਲਡ ਏਜ ਹੋਮ, ਪਿੰਡ ਸੂਲਰ ਵਿਖੇ ਪ੍ਰਬੰਧਕਾ ਅਤੇ ਬਜ਼ੁਰਗ ਨਾਗਰਿਕਾਂ ਨਾਲ ਗੱਲਬਾਤ ਕਰਦਿਆਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ ਆਈ ਆਰ) ਅਭਿਆਸ ਬਾਰੇ ਜਾਣੂ ਕਰਵਾਇਆ। ਡਾ. ਰੇਖੀ ਨੇ ਇਸ ਦੌਰਾਨ ਵੋਟਰ ਮੈਪਿੰਗ ਅਤੇ ਵੋਟਰ ਵੈਰੀਫਿਕੇਸ਼ਨ ਦੀ ਸਹੂਲਤ ਲਈ 7 ਜੂਨ, ਨੂੰ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਲਗਾਏ ਜਾ ਰਹੇ ਵਿਸ਼ੇਸ਼ ਇੰਟੈਂਸਿਵ ਰਿਵੀਜ਼ਨ (ਐਸ ਆਈ ਆਰ) ਕੈਂਪ ਬਾਰੇ ਜਾਣਕਾਰੀ ਵੀ ਦਿੱਤੀ।ਉਨ੍ਹਾਂ ਨੇ ਸਾਰੇ ਯੋਗ ਵੋਟਰਾਂ ਨੂੰ ਆਪਣੇ ਚੋਣ ਵੇਰਵਿਆਂ ਦੀ ਪੁਸ਼ਟੀ ਕਰਨ ਅਤੇ ਲੋੜ ਪੈਣ 'ਤੇ ਚੋਣ ਅਧਿਕਾਰੀਆਂ ਤੋਂ ਸਹਾਇਤਾ ਲੈਣ ਲਈ ਉਤਸ਼ਾਹਿਤ ਕੀਤਾ। ਡਾ. ਰੇਖੀ ਨੇ ਕਿਹਾ ਕਿ ਬੂਥ ਲੈਵਲ ਅਫ਼ਸਰ (ਬੀ.ਐਲ.ਓ.) ਨਾਗਰਿਕਾਂ ਨੂੰ ਉਨ੍ਹਾਂ ਦੇ ਚੋਣ ਵੇਰਵਿਆਂ ਦੀ ਪੁਸ਼ਟੀ ਕਰਨ ਅਤੇ ਵੋਟਰ ਸੂਚੀ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ ਵਿੱਚ ਸਹਾਇਤਾ ਕਰਨਗੇ। ਨਾਗਰਿਕਾਂ ਨੂੰ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕਰਦੇ ਹੋਏ, ਡਾ. ਰੇਖੀ ਨੇ ਜ਼ੋਰ ਦੇ ਕੇ ਕਿਹਾ ਕਿ ਸਹੀ ਵੋਟਰ ਸੂਚੀਆਂ ਇੱਕ ਮਜ਼ਬੂਤ ਅਤੇ ਜੀਵੰਤ ਲੋਕਤੰਤਰ ਦੀ ਨੀਂਹ ਹਨ।

# ਸਰਕਾਰੀ ਨਰਸਿੰਗ ਸਕੂਲ ਪਟਿਆਲਾ ਵਿਖੇ SIR ਸਬੰਧੀ ਜਾਗਰੂਕਤਾ ਪ੍ਰੋਗਰਾਮ

ਪਟਿਆਲਾ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ, ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਵੀਪ ਗਤੀਵਿਧੀਆਂ ਤਹਿਤ ਨਰਸਿੰਗ ਸਕੂਲ ਮਾਤਾ ਕੁਸ਼ੀਆਲਾ ਸਰਕਾਰੀ ਹਸਪਤਾਲ ਪਟਿਆਲਾ ਵਿਖੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਡਾ. ਸਵਿੰਦਰ ਸਿੰਘ ਰੇਖੀ ਵੱਲੋਂ ਸਪੈਸ਼ਲ ਇੰਟੈਂਸਿਵ ਰੀਵਿਜ਼ਨ ਸਬੰਧੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।

ਇਸ ਮੌਕੇ ਡਾ. ਰੇਖੀ ਨੇ ਹਾਜ਼ਰ ਵਿਦਿਆਰਥੀਆਂ ,ਸਟਾਫ ਨੂੰ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰੀਵਿਜ਼ਨ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਅਤੇ ਪ੍ਰੀ ਐਸ.ਆਈ.ਆਰ.ਦੌਰਾਨ ਵੋਟਰਾਂ ਨੂੰ ਮੈਪਿੰਗ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ।



ਉਹਨਾਂ ਨੇ ਦੱਸਿਆ ਕਿ ਵੋਟਰ ਮੈਪਿੰਗ ਅਤੇ ਵੈਰੀਫਿਕੇਸ਼ਨ ਦੀ ਸਹੂਲਤ ਲਈ ਪੰਜਾਬ ਭਰ ਵਿੱਚ 7 ਜੂਨ, 2026 ਨੂੰ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਇੰਟੈਂਸਿਵ ਰਿਵੀਜ਼ਨ (ਐਸਆਈਆਰ) ਕੈਂਪ ਲਗਾਇਆ ਜਾਵੇਗਾ। ਜਿਸ ਵਿੱਚ ਬੂਥ ਲੈਵਲ ਅਫ਼ਸਰ (ਬੀ.ਐਲ.ਓਜ਼) ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ 'ਤੇ ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਨਾਗਰਿਕਾਂ ਨੂੰ ਉਨ੍ਹਾਂ ਦੇ ਚੋਣਵੇਂ ਵੇਰਵਿਆਂ ਦੀ ਤਸਦੀਕ ਕਰਨ ਅਤੇ ਵੋਟਰ ਸੂਚੀ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ ਵਿੱਚ ਸਹਾਇਤਾ ਕਰਨ ਲਈ ਮੌਜੂਦ ਰਹਿਣਗੇ।

ਵੋਟਰ ਸੂਚੀਆਂ ਦੀ ਵੱਧ ਤੋਂ ਵੱਧ ਸ਼ੁੱਧਤਾ ਅਤੇ ਸੰਪੂਰਨਤਾ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਤੀਬਰ ਸੁਧਾਈ ਦੇ ਹਿੱਸੇ ਵਜੋਂ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ।

ਡਾ: ਰੇਖੀ ਨੇ ਸਾਰੇ ਯੋਗ ਵੋਟਰਾਂ ਨੂੰ ਆਪਣੇ ਪੋਲਿੰਗ ਸਟੇਸ਼ਨਾਂ 'ਤੇ ਪਹੁੰਚ ਕੇ ਕੈਂਪ ਦਾ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਹੀ ਵੋਟਰ ਸੂਚੀਆਂ ਇੱਕ ਮਜ਼ਬੂਤ ਅਤੇ ਜੀਵੰਤ ਲੋਕਤੰਤਰ ਦੀ ਨੀਂਹ ਹਨ ਅਤੇ ਚੋਣ ਪ੍ਰਕਿਰਿਆ ਦੀ ਅਖੰਡਤਾ ਨੂੰ ਬਣਾਈ ਰੱਖਣ ਲਈ ਸਰਗਰਮ ਜਨਤਕ ਭਾਗੀਦਾਰੀ ਜ਼ਰੂਰੀ ਹੈ।

# ਟੈਕਨੀਸ਼ੀਅਨ ਬਲਜਿੰਦਰ ਸਿੰਘ ਨੂੰ ਸੇਵਾ ਮੁਕਤੀ ਮੌਕੇ ਦਿੱਤੀ ਸ਼ਾਨਦਾਰ ਵਿਦਾਇਗੀ ਪਾਰਟੀ



ਸਮਰਾਲਾ 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਪੀ. ਡਬਲਯੂ. ਡੀ. ਫੀਲਡ ਅਤੇ ਵਰਕਸ਼ਾਪ ਵਰਕ ਯੂਨੀਅਨ ਜੋਨ ਖੰਨਾ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਿੱਚ ਢੀਂਡਸਾ ਵਿਖੇ ਬਤੌਰ ਟੈਕਨੀਸ਼ੀਅਨ ਦੀ ਡਿਊਟੀ ਨਿਭਾ ਰਹੇ ਬਲਜਿੰਦਰ ਸਿੰਘ ਨੂੰ ਉਨ੍ਹਾਂ ਦੁਆਰਾ 30 ਸਾਲ ਦੀ ਸਰਕਾਰੀ ਸੇਵਾ ਕਰਨ ਉਪਰੰਤ ਵਿਭਾਗ ਵੱਲੋਂ ਸੇਵਾ ਮੁਕਤੀ ਮੌਕੇ ਸ਼ਾਨਦਾਰ ਰਿਟਾਇਰਮੈਂਟ ਪਾਰਟੀ ਸਥਾਨਕ ਮਾਲਵਾ ਪੈਲੇਸ ਵਿਖੇ ਦਿੱਤੀ ਗਈ। ਇਸ ਮੌਕੇ ਵੱਖ ਬੁਲਾਰਿਆਂ ਨੇ ਟੈਕਨੀਸ਼ੀਅਨ ਬਲਜਿੰਦਰ ਸਿੰਘ ਵਿੱਕੀ ਦੁਆਰਾ ਨਿਭਾਈਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਬੁਲਾਰਿਆਂ ਵਿੱਚ ਜਗਜੀਵਨ ਸਿੰਘ ਖੀਰਨੀਆਂ ਸਾਬਕਾ ਵਿਧਾਇਕ, ਕ੍ਰਿਸ਼ਨ ਲਾਲ ਐਸ. ਡੀ. ਓ., ਹਰਪ੍ਰੀਤ ਸਿੰਘ ਗਰੇਵਾਲ ਜ਼ਿਲ੍ਹਾ ਪ੍ਰਧਾਨ, ਜੰਗ ਸਿੰਘ ਪ੍ਰਧਾਨ, ਡਾ. ਹਰਜਿੰਦਰਪਾਲ ਸਿੰਘ ਸਮਰਾਲਾ ਪ੍ਰਧਾਨ ਡੈਮੋਕਰੈਟਿਕ ਫਰੰਟ, ਲਖਬੀਰ ਸਿੰਘ ਬਲਾਲਾ ਗੁਰਮਤਿ ਪ੍ਰਚਾਰ ਸਭਾ ਨੇ ਕਿਹਾ ਕਿ ਬਲਜਿੰਦਰ ਸਿੰਘ ਨੇ ਆਪਣੀ ਸਰਕਾਰੀ ਸੇਵਾ ਦੌਰਾਨ ਆਪਣੀ ਜਿੰਮੇਂਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਇਆ। ਹਰ ਤਰ੍ਹਾਂ ਦੇ ਕੰਮ ਪਹਿਲ ਦੇ ਅਧਾਰ ਤੇ ਕਰਨ ਪ੍ਰਤੀ ਆਪਣੀ ਜਿੰਮੇਵਾਰੀ ਸਮਝਦਾ ਰਿਹਾ ਹੈ।

ਹਰੇਕ ਅਦਾਰੇ ਵਿੱਚ ਕੁਝ ਮੁਲਾਜਮ ਅਜਿਹੇ ਵੀ ਹੁੰਦੇ ਹਨ, ਜੋ ਸਮੁੱਚੇ ਦਾ ਦਫ਼ਤਰ ਦਾ ਕੰਮ ਆਪਣੇ ਮੌਢਿਆਂ ਤੇ ਚੁੱਕ ਕੇ ਵੀ ਹਮੇਸ਼ਾਂ ਖੁਸ਼ੀ ਮਹਿਸੂਸ ਕਰਦਾ ਹੈ, ਅਜਿਹੇ ਹੀ ਮਿਹਨਤੀ ਅਤੇ ਕਰਮਯੋਗੀ ਅਧਿਕਾਰੀ ਬਲਜਿੰਦਰ ਸਿੰਘ ਵਿੱਕੀ ਵਰਗੇ ਵਿਰਲੇ ਹੀ ਹੁੰਦੇ ਹਨ, ਜਿਨ੍ਹਾਂ ਨੇ ਬਤੌਰ ਪਬਲਿਕ ਸਰਵੈਂਟ ਆਪਣੀ ਡਿਊਟੀ ਇੰਨੇ ਵਧੀਆ ਅਤੇ ਯੋਗ ਢੰਗ ਨਾਲ ਨਿਭਾਈ ਹੈ, ਜਿਸਦੀ ਜਿੰਨੀ ਤਾਰੀਫ ਕੀਤੀ ਜਾਵੇ ਥੋੜੀ ਹੈ। ਸਮੂਹ ਦਫਤਰੀ ਸਟਾਫ ਅਤੇ ਮਿੱਤਰ ਦੋਸਤਾਂ ਵੱਲੋਂ ਬਲਜਿੰਦਰ ਸਿੰਘ ਵਿੱਕੀ ਨੂੰ ਵਧੀਆ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰ ਵੀ ਬੁਲਾਰਿਆਂ ਨੇ ਉਨ੍ਹਾਂ ਵੱਲੋਂ ਨਿਭਾਈ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕੀਤੀ। ਰਿਟਾਇਰਮੈਂਟ ਦੀ ਪਾਰਟੀ ਮੌਕੇ ਉਨ੍ਹਾਂ ਦੀ ਅਗਲੀ ਜ਼ਿੰਦਗੀ ਲਈ ਤਰੱਕੀ ਅਤੇ ਤੰਦਰੁਸਤੀ ਦੀ ਕਾਮਨਾ ਕੀਤੀ। ਸੇਵਾ ਮੁਕਤੀ ਪਾਰਟੀ ਮੌਕੇ ਮੇਘ ਰਾਜ ਸੀਵਰੇਜ ਬੋਰਡ, ਮਨਪ੍ਰੀਤ ਸਿੰਘ ਜੇ. ਈ., ਮੈਡਮ ਨਰਿੰਦਰ ਕੌਰ ਸਬ ਡਵੀਜਨ ਸਮਰਾਲਾ, ਜਸਵੀਰ ਸਿੰਘ ਢਿੱਲੋਂ ਸਾਬਕਾ ਪ੍ਰਧਾਨ ਨਗਰ ਕੌਂਸਲ ਸਮਰਾਲਾ, ਚੰਦ ਸਿੰਘ ਰਸੂਲੜਾ, ਸੁਖਵੀਰ ਸਿੰਘ ਸਾਬਕਾ ਚੇਅਰਮੈਨ, ਗੁਰਮੀਤ ਸਿੰਘ ਪ੍ਰਧਾਨ, ਗੁਰਜੀਤ ਸਿੰਘ ਗਗੜਾ ਸੀਨੀਅਰ ਆਗੂ, ਦਵਿੰਦਰ ਸਿੰਘ, ਅਵਤਾਰ ਸਿੰਘ, ਮਦਨ ਲਾਲ ਸੀਨੀਅਰ ਆਗੂ, ਗੇਜਾ ਰਾਮ, ਜੀਤ ਰਾਮ, ਜਸਵੀਰ ਸਿੰਘ ਸੰਮਤੀ ਮੈਂਬਰ ਮਾਛੀਵਾੜਾ, ਲਾਲਾ ਮੰਗਤ ਰਾਏ ਐਮ. ਸੀ., ਸ਼ੰਟੀ ਬੇਦੀ ਸਾਬਕਾ ਕੌਂਸਲਰ, ਮਿੰਟੂ ਕੁੱਲੇਵਾਲ, ਨਵਰੂਪ ਧਾਲੀਵਾਲ, ਥਾਣੇਦਾਰ ਮਨਜੀਤ ਸਿੰਘ ਢੀਂਡਸਾ, ਗੁਰਜੀਤ ਸਿੰਘ ਮਾਂਗਟ, ਬਿਕਰਮਜੀਤ ਸਿੰਘ ਲਖਣਪੁਰ ਰਿਟਾ: ਕਾਨੂੰਨਗੋ, ਸਿਕੰਦਰ ਸਿੰਘ ਬਾਠ ਆਦਿ ਤੋਂ ਇਲਾਵਾ ਦਫਤਰੀ ਸਟਾਫ਼ ਅਤੇ ਮਹਿਕਮੇ ਦੇ ਰਿਟਾਇਰਡ ਮੁਲਾਜ਼ਮ ਵੀ ਹਾਜ਼ਰ ਸਨ। ਮੰਚ ਸੰਚਾਲਕ ਦੀ ਭੂਮਿਕਾ ਗੁਰਮੁੱਖ ਸਿੰਘ ਕੂਹਲੀ ਦੁਆਰਾ ਨਿਭਾਈ ਗਈ।

# ਵਿਸ਼ਵ ਵਾਤਾਵਰਨ ਦਿਵਸ ਮੌਕੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਸ਼੍ਰੇਆਂਸ ਇੰਡਸਟਰੀਜ਼ ਵਿੱਚ 100 ਪੌਦੇ ਲਗਾਏ ਗਏ



ਮਲੇਰਕੋਟਲਾ, 9 ਜੂਨ
-ਰਾਜੇਸ਼ ਸ਼ਰਮਾ-
-ਕੌਮੀ ਪੱਤ੍ਰਿਕਾ ਬਿਊਰੋ-

ਵਿਸ਼ਵ ਵਾਤਾਵਰਨ ਦਿਵਸ 2026 ਦੇ ਮੌਕੇ 'ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀ.ਪੀ.ਸੀ.ਬੀ.) ਦੇ ਖੇਤਰੀ ਦਫ਼ਤਰ ਵੱਲੋਂ ਮਿਸ਼ਨ ਲਾਈਫ ਅਤੇ ਏਕ ਪੇੜ ਮਾਂ ਕੇ ਨਾਮ ਮੁਹਿੰਮ ਤਹਿਤ ਐਮ/ਐਸ ਸ਼੍ਰੇਆਂਸ ਇੰਡਸਟਰੀਜ਼ ਲਿਮਟਿਡ, ਅਹਿਮਦਗੜ੍ਹ (ਜ਼ਿਲ੍ਹਾ ਮਾਲੇਰਕੋਟਲਾ) ਦੇ ਸਹਿਯੋਗ ਨਾਲ ਵਿਸ਼ੇਸ਼ ਰੁੱਖ ਲਗਾਉਣ ਮੁਹਿੰਮ ਦਾ ਆਯੋਜਨ ਕੀਤਾ ਗਿਆ।

ਇਸ ਮੌਕੇ ਉਦਯੋਗਿਕ ਇਕਾਈ ਦੇ ਵਿਹੜੇ ਵਿੱਚ ਵੱਖ-ਵੱਖ ਦੇਸੀ ਅਤੇ ਵਾਤਾਵਰਨ ਅਨੁਕੂਲ ਪ੍ਰਜਾਤੀਆਂ ਦੇ 100 ਪੌਦੇ ਲਗਾਏ ਗਏ। ਇਸ ਮੁਹਿੰਮ ਦਾ ਮੁੱਖ ਉਦੇਸ਼ ਜ਼ਿਲ੍ਹੇ ਵਿੱਚ ਹਰਿਆਵਲ ਨੂੰ ਵਧਾਉਣਾ, ਵਾਤਾਵਰਨ ਸੰਭਾਲ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਮੌਸਮੀ ਤਬਦੀਲੀ ਦੇ ਪ੍ਰਭਾਵਾਂ ਨੂੰ ਘਟਾਉਣ ਲਈ ਸਾਂਝੇ ਯਤਨਾਂ ਨੂੰ ਉਤਸ਼ਾਹਿਤ ਕਰਨਾ ਸੀ।

ਰੁੱਖ ਲਗਾਉਣ ਮੁਹਿੰਮ ਵਿੱਚ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਇੰਜੀਨੀਅਰ ਗੁਰਮੇਹਰ ਸਿੰਘ, ਐਸ.ਡੀ.ਓ., ਇੰਜੀਨੀਅਰ ਰੁਪਿੰਦਰ ਸਿੰਘ, ਜੇ.ਈ.ਈ. ਅਤੇ ਰਾਜੇਸ਼ ਗੋਇਲ, ਸੀਨੀਅਰ ਅਸਿਸਟੈਂਟ ਨੇ ਸਰਗਰਮ ਭਾਗੀਦਾਰੀ ਨਿਭਾਈ।

ਅਧਿਕਾਰੀਆਂ ਨੇ ਇਸ ਮੌਕੇ ਕਿਹਾ ਕਿ ਰੁੱਖ ਧਰਤੀ ਦੇ ਫੇਫੜੇ ਹਨ ਅਤੇ ਵਾਤਾਵਰਨ ਦੀ ਸੁਰੱਖਿਆ ਲਈ ਹਰ ਵਿਅਕਤੀ ਨੂੰ ਘੱਟੋ-ਘੱਟ ਇੱਕ ਪੌਦਾ ਲਗਾ ਕੇ ਉਸ ਦੀ ਸੰਭਾਲ ਕਰਨ ਦਾ ਸੰਕਲਪ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮਿਸ਼ਨ ਲਾਈਫ ਅਤੇ ਏਕ ਪੇੜ ਮਾਂ ਕੇ ਨਾਮ ਵਰਗੀਆਂ ਮੁਹਿੰਮਾਂ ਵਾਤਾਵਰਨ ਸੁਰੱਖਿਆ ਪ੍ਰਤੀ ਸਮਾਜ ਵਿੱਚ ਸਕਾਰਾਤਮਕ ਸੋਚ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਹਨ।

ਇਸ ਮੌਕੇ ਸ਼੍ਰੇਆਂਸ ਇੰਡਸਟਰੀਜ਼ ਦੇ ਅਮਿਤ ਅਰੋੜਾ, ਸੀਨੀਅਰ ਜਨਰਲ ਮੈਨੇਜਰ ਅਤੇ ਨਵੀਨ ਕੁਮਾਰ ਸ਼ਰਮਾ, ਡਿਪਟੀ ਜਨਰਲ ਮੈਨੇਜਰ ਸਮੇਤ ਉਦਯੋਗ ਦੇ ਹੋਰ ਕਰਮਚਾਰੀਆਂ ਨੇ ਵੀ ਪੂਰੇ ਉਤਸ਼ਾਹ ਨਾਲ ਇਸ ਮੁਹਿੰਮ ਵਿੱਚ ਹਿੱਸਾ ਲਿਆ।

# ਦੀ ਇੰਟਰਨੈਸ਼ਨਲ ਆਕਸਫੋਰਡ ਸਕੂਲ ਸੁਨਾਮ ਵੱਲੋਂ ਸਮਰ ਕੈਂਪ 25 ਜੂਨ ਤੋਂ ਸ਼ੁਰੂ

ਸੁਨਾਮ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਸ਼ਹਿਰ ਦੇ ਪ੍ਰਸਿੱਧ ਵਿਦਿਅਕ ਅਦਾਰੇ ਦੀ ਇੰਟਰਨੈਸ਼ਨਲ ਆਕਸਫੋਰਡ ਸਕੂਲ, ਸੁਨਾਮ ਵੱਲੋਂ ਬੱਚਿਆਂ ਦੀਆਂ ਗਰਮੀਆਂ ਦੀਆਂ ਛੁੱਟੀਆਂ ਨੂੰ ਰਚਨਾਤਮਕ ਅਤੇ ਮਨੋਰੰਜਕ ਬਣਾਉਣ ਲਈ 25 ਜੂਨ ਤੋਂ 30 ਜੂਨ 2026 ਤੱਕ ਵਿਸ਼ੇਸ਼ ਸਮਰ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸਕੂਲ ਪ੍ਰਬੰਧਕਾਂ ਅਨੁਸਾਰ ਇਹ ਸਮਰ ਕੈਂਪ 3 ਤੋਂ 10 ਸਾਲ ਦੇ ਬੱਚਿਆਂ ਲਈ ਸਵੇਰੇ 9:00 ਵਜੇ ਤੋਂ ਦੁਪਹਿਰ 12:00 ਵਜੇ ਤੱਕ ਚੱਲੇਗਾ। ਕੈਂਪ ਦੌਰਾਨ ਸਾਰੇ ਬੱਚਿਆਂ ਲਈ ਡਾਂਸ ਕਲਾਸਾਂ ਵੀ ਲਗਾਈਆਂ ਜਾਣਗੀਆਂ।

ਕੈਂਪ ਵਿੱਚ ਬੱਚੇ ਆਪਣੀ ਪਸੰਦ ਦੀਆਂ ਕਿਸੇ ਵੀ ਦੋ ਗਤੀਵਿਧੀਆਂ ਦੀ ਚੋਣ ਕਰ ਸਕਣਗੇ। ਇਨ੍ਹਾਂ ਵਿੱਚ ਕੁਕਿੰਗ, ਮੱਡ ਆਰਟ ਐਂਡ ਕਲੇ ਆਰਟ, ਮਹਿੰਦੀ ਆਰਟ, ਗੇਮਜ਼ ਐਂਡ ਫਨ ਐਕਟੀਵਿਟੀਜ਼, ਸਪੋਕਨ ਇੰਗਲਿਸ਼, ਵੈਦਿਕ ਮੈਥਸ ਅਤੇ ਸਪਲੈਸ਼ ਪੂਲ ਸ਼ਾਮਲ ਹਨ। ਸਕੂਲ ਪ੍ਰਬੰਧਨ ਵੱਲੋਂ ਦੱਸਿਆ ਗਿਆ ਕਿ ਮਾਪੇ 10 ਜੂਨ 2026 ਤੱਕ ਰਿਆਇਤੀ ਫੀਸ ਉਪਰ ਰਜਿਸਟ੍ਰੇਸ਼ਨ ਕਰਵਾ ਲੈਣ ਤਾਂ ਜੋ ਸਮਾਂ ਰਹਿੰਦੇ ਸਾਰੇ ਇੰਤਜ਼ਾਮ ਕਰੇ ਜਾ ਸਕਣ ਤਾਂ ਜੋ ਇਸ ਸਮਰ ਕੈਂਪ ਦਾ ਬੱਚਿਆਂ ਨੂੰ ਪੂਰਨ ਲਾਭ ਮਿਲ ਸਕੇ ।

# ਵਿਸ਼ਵ ਵਾਤਾਵਰਣ ਦਿਵਸ 'ਤੇ ਪਵਨ ਦੀਵਾਨ ਦਾ ਨਿਸ਼ਾਨਾ, ਲੁਧਿਆਣਾ ਦੀ ਸਫ਼ਾਈ ਤੇ ਪ੍ਰਦੂਸ਼ਣ ਕੰਟਰੋਲ ਵਿੱਚ ਨਾਕਾਮ ਰਹੇ ਨਿਗਮ ਅਤੇ ਪੀਪੀਸੀਬੀ

ਲੁਧਿਆਣਾ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਵਿਸ਼ਵ ਵਾਤਾਵਰਣ ਦਿਵਸ ਮੌਕੇ ਸੀਨੀਅਰ ਕਾਂਗਰਸੀ ਆਗੂ ਪਵਨ ਦੀਵਾਨ ਨੇ ਨਗਰ ਨਿਗਮ ਲੁਧਿਆਣਾ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ 'ਤੇ ਤਿੱਖਾ ਹਮਲਾ ਕਰਦਿਆਂ ਦੋਸ਼ ਲਾਇਆ ਕਿ ਦੋਵੇਂ ਏਜੰਸੀਆਂ ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਪ੍ਰਦੂਸ਼ਣ-ਮੁਕਤ ਬਣਾਉਣ ਵਿੱਚ ਨਾਕਾਮ ਰਹੀਆਂ ਹਨ।

ਦੀਵਾਨ ਨੇ ਕਿਹਾ ਕਿ ਲੁਧਿਆਣਾ ਵਿੱਚ ਕੂੜੇ ਦੇ ਢੇਰ, ਖਰਾਬ ਕਚਰਾ ਪ੍ਰਬੰਧਨ ਅਤੇ ਓਵਰਫਲੋ ਸੀਵਰੇਜ ਦੀ ਸਮੱਸਿਆ ਗੰਭੀਰ ਰੂਪ ਧਾਰ ਚੁੱਕੀ ਹੈ, ਜਦਕਿ ਅਧਿਕਾਰੀ ਸਿਰਫ਼ ਰਸਮੀ ਸਮਾਗਮਾਂ ਅਤੇ ਦਿਖਾਵੇਬਾਜ਼ੀ ਤੱਕ ਸੀਮਿਤ ਹਨ।



ਉਨ੍ਹਾਂ ਨੇ ਸਵੱਛ ਸਰਵੇਖਣ 2025 ਵਿੱਚ ਲੁਧਿਆਣਾ ਨੂੰ ਦੇਸ਼ ਦੇ ਸਭ ਤੋਂ ਗੰਦੇ ਸ਼ਹਿਰਾਂ ਵਿੱਚ ਸ਼ਾਮਲ ਹੋਣ ਨੂੰ ਪ੍ਰਸ਼ਾਸਨ ਦੀ ਵੱਡੀ ਨਾਕਾਮੀ ਕਰਾਰ ਦਿੱਤਾ।

ਉਨ੍ਹਾਂ ਕਿਹਾ ਕਿ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡਾ ਸ਼ੁਰੂ ਹੋਣ ਨਾਲ ਪੰਜਾਬ ਦੀ ਛਵੀ ਸੁਧਾਰਨ ਦਾ ਮੌਕਾ ਮਿਲਿਆ ਹੈ, ਪਰ ਸ਼ਹਿਰ ਦੀ ਮੌਜੂਦਾ ਸਫ਼ਾਈ ਹਾਲਤ ਇਸ ਨੂੰ ਨੁਕਸਾਨ ਪਹੁੰਚਾ ਰਹੀ ਹੈ। ਦੀਵਾਨ ਨੇ ਪੰਜਾਬ ਸਰਕਾਰ, ਨਗਰ ਨਿਗਮ ਅਤੇ ਪੀਪੀਸੀਬੀ ਨੂੰ ਜੰਗੀ ਪੱਧਰ 'ਤੇ ਕਚਰਾ ਪ੍ਰਬੰਧਨ ਅਤੇ ਸੀਵਰੇਜ ਪ੍ਰਣਾਲੀ ਸੁਧਾਰਨ ਦੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਿਰਫ਼ ਭਾਸ਼ਣ ਨਹੀਂ, ਸਗੋਂ ਜ਼ਮੀਨੀ ਪੱਧਰ 'ਤੇ ਨਤੀਜੇ ਚਾਹੀਦੇ ਹਨ ਅਤੇ ਕਾਂਗਰਸ ਸੱਤਾ ਵਿੱਚ ਆਉਣ 'ਤੇ ਪੰਜਾਬ ਦੇ ਸ਼ਹਿਰਾਂ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਬਣਾਉਣ ਲਈ ਵਿਸ਼ੇਸ਼ ਮੁਹਿੰਮ ਚਲਾਏਗੀ।

# ਸਟੀਫਨ ਇੰਟਰਨੈਸ਼ਨਲ ਸਕੂਲ ਵਿੱਚ ਇੰਟਰ-ਹਾਊਸ ਕ੍ਰਿਕਟ ਮੈਚ 2026 ਦਾ ਸਫਲ ਆਯੋਜਨ



ਸੰਗਰੂਰ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਸਟੀਫਨ ਇੰਟਰਨੈਸ਼ਨਲ ਸਕੂਲ, ਸੰਗਰੂਰ ਵਿੱਚ ਬਹੁਤ ਉਤਸ਼ਾਹ ਅਤੇ ਜੋਸ਼ ਨਾਲ ਇੰਟਰ-ਹਾਊਸ ਕ੍ਰਿਕਟ ਮੈਚ 2026 ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਆਪਣੀ ਖੇਡ ਭਾਵਨਾ, ਟੀਮਵਰਕ ਅਤੇ ਸ਼ਾਨਦਾਰ ਪ੍ਰਦਰਸ਼ਨ ਦਾ ਬੇਹਤਰੀਨ ਉਦਾਹਰਨ ਪੇਸ਼ ਕੀਤਾ।

ਟੂਰਨਾਮੈਂਟ ਵਿੱਚ ਬ੍ਰੇਵਰੀ ਹਾਊਸ, ਵਿਜ਼ਡਮ ਹਾਊਸ, ਹੋਨੈਸਟੀ ਹਾਊਸ ਅਤੇ ਵਿਕਟਰੀ ਹਾਊਸ ਵਿਚਕਾਰ ਰੋਮਾਂਚਕ ਮੁਕਾਬਲੇ ਕਰਵਾਏ ਗਏ। ਸਾਰੇ ਵਿਦਿਆਰਥੀਆਂ ਨੇ ਪੂਰੇ ਜੋਸ਼ ਅਤੇ ਖੇਡ ਭਾਵਨਾ ਨਾਲ ਭਾਗ ਲਿਆ, ਜਿਸ ਨਾਲ ਇਹ ਪ੍ਰੋਗਰਾਮ ਯਾਦਗਾਰ ਬਣ ਗਿਆ।

ਫਾਈਨਲ ਮੁਕਾਬਲਾ ਹੋਨੈਸਟੀ ਹਾਊਸ ਅਤੇ ਬ੍ਰੇਵਰੀ ਹਾਊਸ ਵਿਚਕਾਰ ਖੇਡਿਆ ਗਿਆ, ਜਿਸ ਵਿੱਚ ਹੋਨੈਸਟੀ ਹਾਊਸ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਜਿੱਤ ਹਾਸਲ ਕੀਤੀ ਅਤੇ ਚੈਂਪੀਅਨ ਬਣਨ ਦਾ ਮਾਣ ਪ੍ਰਾਪਤ ਕੀਤਾ। ਇਹ ਆਯੋਜਨ ਵਿਦਿਆਰਥੀਆਂ ਵਿੱਚ ਸ਼ਾਰੀਰਿਕ ਤੰਦਰੁਸਤੀ, ਅਨੁਸ਼ਾਸਨ, ਟੀਮਵਰਕ ਅਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਨੂੰ ਵਧਾਉਣ ਵਿੱਚ ਸਫਲ ਰਿਹਾ।

ਇਸ ਮੌਕੇ 'ਤੇ ਸਕੂਲ ਪ੍ਰਬੰਧਨ, ਡਾਇਰੈਕਟਰ ਅਤੇ ਪ੍ਰਿੰਸੀਪਲ ਸ਼੍ਰੀਮਤੀ ਮੋਨਿਕਾ ਸ਼ਰਮਾ ਜੀ ਨੇ ਸਾਰੀਆਂ ਟੀਮਾਂ ਨੂੰ ਵਧਾਈ ਦਿੱਤੀ ਅਤੇ ਜੇਤੂ ਟੀਮ ਹੋਨੈਸਟੀ ਹਾਊਸ ਦੀ ਖਾਸ ਸ਼ਲਾਘਾ ਕਰਦੇ ਹੋਏ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਹੋਰ ਵੱਧ ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਖੁਸ਼ੀ, ਜੋਸ਼ ਅਤੇ ਕ੍ਰਿਕਟ ਦੇ ਯਾਦਗਾਰ ਪਲਾਂ ਨਾਲ ਇਹ ਪ੍ਰੋਗਰਾਮ ਸਫਲਤਾਪੂਰਵਕ ਸੰਪੰਨ ਹੋਇਆ।

# ਲੁਧਿਆਣਾ ਰੇਲਵੇ ਸਟੇਸ਼ਨ 'ਤੇ ਵੱਡਾ ਹਾਦਸਾ ਟਲਿਆ, ਯਾਤਰੀ ਰੇਲਗੱਡੀ ਦਾ ਕੋਚ ਦੋ ਹਿੱਸਿਆਂ ਵਿੱਚ ਟੁੱਟਿਆ



ਲੁਧਿਆਣਾ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਲੁਧਿਆਣਾ ਰੇਲਵੇ ਸਟੇਸ਼ਨ 'ਤੇ ਸ਼ਨੀਵਾਰ ਸਵੇਰੇ ਇੱਕ ਵੱਡਾ ਰੇਲ ਹਾਦਸਾ ਹੋਣ ਤੋਂ ਵਾਲ-ਵਾਲ ਬਚ ਗਿਆ, ਜਦੋਂ ਯਾਤਰੀਆਂ ਨਾਲ ਭਰੀ ਇੱਕ ਰੇਲਗੱਡੀ ਦਾ ਸਲੀਪਰ ਕੋਚ ਅਚਾਨਕ ਦੋ ਹਿੱਸਿਆਂ ਵਿੱਚ ਟੁੱਟ ਗਿਆ। ਇਸ ਘਟਨਾ ਕਾਰਨ ਰੇਲਗੱਡੀ ਦੇ ਪਿਛਲੇ 4 ਤੋਂ 5 ਡੱਬੇ ਮੁੱਖ ਰੇਕ ਤੋਂ ਵੱਖ ਹੋ ਗਏ। ਖੁਸ਼ਕਿਸਮਤੀ ਨਾਲ ਇਹ ਹਾਦਸਾ ਟ੍ਰੇਨ ਦੇ ਸਟੇਸ਼ਨ 'ਤੇ ਖੜ੍ਹੇ ਹੋਣ ਦੌਰਾਨ ਵਾਪਰਿਆ, ਜਿਸ ਕਾਰਨ ਕਿਸੇ ਤਰ੍ਹਾਂ ਦਾ ਜਾਨੀ ਨੁਕਸਾਨ ਨਹੀਂ ਹੋਇਆ।

ਪ੍ਰਾਪਤ ਜਾਣਕਾਰੀ ਅਨੁਸਾਰ, ਇਹ ਰੇਲਗੱਡੀ ਦਿੱਲੀ ਤੋਂ ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਜਾ ਰਹੀ ਸੀ। ਟ੍ਰੇਨ ਸਵੇਰੇ ਕਰੀਬ 8:50 ਵਜੇ ਲੁਧਿਆਣਾ ਰੇਲਵੇ ਸਟੇਸ਼ਨ ਪਹੁੰਚੀ ਸੀ ਅਤੇ 9:00 ਵਜੇ ਅੱਗੇ ਰਵਾਨਾ ਹੋਣੀ ਸੀ।

ਰਵਾਨਗੀ ਤੋਂ ਪਹਿਲਾਂ ਜਦੋਂ ਟ੍ਰੇਨ ਨੂੰ ਝਟਕਾ ਦਿੱਤਾ ਗਿਆ ਤਾਂ ਇੱਕ ਸਲੀਪਰ ਕੋਚ ਬਾਥਰੂਮ ਦੇ ਨੇੜੇ ਤੋਂ ਟੁੱਟ ਕੇ ਦੋ ਹਿੱਸਿਆਂ ਵਿੱਚ ਵੰਡ ਗਿਆ।

ਘਟਨਾ ਤੋਂ ਬਾਅਦ ਸਟੇਸ਼ਨ 'ਤੇ ਹੜਕੰਪ ਮਚ ਗਿਆ ਅਤੇ ਯਾਤਰੀਆਂ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਹਾਦਸੇ ਕਾਰਨ ਟ੍ਰੇਨ ਦੀ ਆਵਾਜਾਈ ਪ੍ਰਭਾਵਿਤ ਹੋਈ ਅਤੇ ਯਾਤਰੀਆਂ ਨੂੰ ਕਾਫ਼ੀ ਸਮੇਂ ਤੱਕ ਲੁਧਿਆਣਾ ਰੇਲਵੇ ਸਟੇਸ਼ਨ 'ਤੇ ਉਡੀਕ ਕਰਨੀ ਪਈ।

ਮੁੱਢਲੀ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਕੋਚ ਦਾ ਹੇਠਲਾ ਹਿੱਸਾ ਬਾਥਰੂਮ ਦੇ ਨੇੜੇ ਤੋਂ ਕਾਫ਼ੀ ਹੱਦ ਤੱਕ ਗਲ ਚੁੱਕਾ ਸੀ, ਜਿਸ ਕਾਰਨ ਝਟਕਾ ਲੱਗਣ ਨਾਲ ਉਹ ਟੁੱਟ ਗਿਆ। ਰੇਲਵੇ ਅਧਿਕਾਰੀਆਂ ਵੱਲੋਂ ਤੁਰੰਤ ਰਾਹਤ ਅਤੇ ਮੁਰੰਮਤ ਕਾਰਜ ਸ਼ੁਰੂ ਕਰ ਦਿੱਤੇ ਗਏ ਹਨ ਅਤੇ ਘਟਨਾ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

ਰੇਲਵੇ ਮਾਹਿਰਾਂ ਦਾ ਮੰਨਣਾ ਹੈ ਕਿ ਜੇਕਰ ਇਹ ਘਟਨਾ ਚੱਲਦੀ ਰੇਲਗੱਡੀ ਨਾਲ ਵਾਪਰਦੀ ਤਾਂ ਨਤੀਜੇ ਬਹੁਤ ਗੰਭੀਰ ਹੋ ਸਕਦੇ ਸਨ।

ਇਸ ਕਾਰਨ ਇਸ ਘਟਨਾ ਨੂੰ ਇੱਕ ਵੱਡੀ ਚੇਤਾਵਨੀ ਵਜੋਂ ਵੀ ਦੇਖਿਆ ਜਾ ਰਿਹਾ ਹੈ।

# ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ (ਸੁਨਾਮ) ਵਿਖੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ

ਸੁਨਾਮ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ (ਸੁਨਾਮ) ਵਿਖੇ ਪ੍ਰਿੰਸੀਪਲ ਡੀ.ਡੀ.ਓ. ਸ੍ਰੀ ਸ਼ਾਮ ਸੁੰਦਰ ਸ਼ਰਮਾ ਦੀ ਰਹਿਨੁਮਾਈ ਹੇਠ ਐਨ.ਐਸ.ਐਸ. ਵਿਭਾਗ ਵੱਲੋਂ ਲਾਈਨਜ਼ ਕਲੱਬ 63 (ਪ੍ਰਾਈਸ) ਅਤੇ ਜੰਗਲਾਂਤ ਵਿਭਾਗ ਸਨਾਮ ਅਤੇ ਸੰਗਰੂਰ ਦੇ ਸਹਿਯੋਗ ਨਾਲ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਡਾਕਟਰ ਅੰਚਲਾ ਅਤੇ ਐਨ.ਐਸ.ਐਸ. ਵਿਭਾਗ ਪ੍ਰੋਗਰਾਮ ਅਫਸਰ ਪ੍ਰੋਫੈਸਰ ਗੁਰਪ੍ਰੀਤ ਸਿੰਘ, ਡਾਕਟਰ ਮਨੀਤਾ ਜੋਸ਼ੀ, ਪ੍ਰੋਫੈਸਰ ਕਾਲਾ ਸਿੰਘ, ਡਾਕਟਰ ਮਨਪ੍ਰੀਤ ਹਾਂਡਾ ਨੇ ਪਹੁੰਚੇ ਮਹਿਮਾਨਾਂ ਦਾ ਸਵਾਗਤ ਕੀਤਾ। ਜੰਗਲਾਤ ਵਿਭਾਗ ਤੋਂ ਬਲਾਕ ਅਫਸਰ ਮੈਡਮ ਗੁਰਪ੍ਰੀਤ ਕੌਰ ਅਤੇ ਲਾਈਨਸ ਕਲੱਬ (ਪ੍ਰਾਈਸ) ਤੇ ਪ੍ਰਧਾਨ ਪਵਿੱਤਰ ਸਿੰਗਲਾ ਜੀ ਨੇ ਵਲੰਟੀਅਰਜ ਨੂੰ ਵਾਤਾਵਰਨ ਦਿਵਸ ਦੀ ਵਧਾਈ ਦਿੰਦੇ ਹੋਏ, ਵਾਤਾਵਰਨ ਵਿੱਚ ਵੱਧ ਤੋਂ ਵੱਧ



ਬੂਟੇ ਲਗਾਉਣ ਲਈ ਪ੍ਰੇਰਿਤ ਕਰਦੇ ਹੋਏ, ਅੱਜ ਦੇ ਦਿਨ ਦੀ ਮਹੱਤਤਾ ਬਾਰੇ ਵੀ ਜਾਣੂ ਕਰਵਾਇਆ। ਇਸ ਮੌਕੇ ਜਿੱਥੇ ਜੰਗਲਾਤ ਵਿਭਾਗ ਵੱਲੋਂ ਕਾਲਜ ਦੇ ਵੱਖ-ਵੱਖ ਪਾਰਕਾਂ ਵਿੱਚ ਬੂਟੇ ਲਗਾਏ ਗਏ ਉੱਥੇ ਹੀ ਲਾਈਨ ਕਲੱਬ (ਪ੍ਰਾਈਸ) ਨੇ ਪੌਦਿਆਂ ਦੇ ਨਾਲ ਨਾਲ ਐਨ.ਐਸ.ਐਸ. ਵਿਭਾਗ ਨੂੰ ਪਾਣੀ ਦੀ ਪਾਈਪ ਦੇ ਦਿੱਤੀ ਤਾਂ ਜੋ ਇਨਾ ਲਗਾਏ ਗਏ ਬੂਟਿਆਂ ਨੂੰ ਬਾਅਦ ਵਿੱਚ ਇਹਨਾਂ ਦੀ ਸੰਭਾਲ ਕੀਤੀ ਜਾਵੇ। ਇਸ ਪ੍ਰੋਗਰਾਮ ਦੇ ਆਖਿਰ ਵਿੱਚ ਜਸਪ੍ਰੀਤ ਕੌਰ, ਖੁਸ਼ਕਰਨ ਸਿੰਘ (ਬੇਦੀ) ਨੂੰ ਲਗਾਈ ਗਈ ਟ੍ਰੇਨਿੰਗ ਲਈ ਸਨਮਾਨਿਤ ਕੀਤਾ। ਨਾਲ ਹੀ ਪੋਸਟਰ ਮੇਕਿੰਗ ਮੁਕਾਬਲੇ ਦੇ ਜੇਤੂ ਵਲੰਟੀਅਰਜ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਲਾਈਨਸ ਕਲੱਬ ਤੋਂ ਪਵਿੱਤਰ ਸਿੰਗਲਾ, ਅੰਕੁਰ ਜਖਮੀ , ਰਾਕੇਸ਼ ਬੱਬੂ, ਰੁਪਿੰਦਰ, ਜੰਗਲਾਤ ਵਿਭਾਗ ਤੋਂ ਮੈਡਮ ਗੁਰਪ੍ਰੀਤ ਕੌਰ, ਰੁਪਿੰਦਰ ਸਿੰਘ, ਸੁਖਚੈਨ ਸਿੰਘ, ਮਨਪ੍ਰੀਤ ਸਿੰਘ ਅਤੇ ਕਾਲਜ ਵਿੱਚ ਡਾਕਟਰ ਪਰਮਿੰਦਰ ਕੌਰ, ਡਾਕਟਰ ਕੁਲਦੀਪ ਸਿੰਘ ਵਾਹਿਆ, ਕੁਲਦੀਪ ਸਿੰਘ ਸ਼ਾਮਿਲ ਹੋਏ।

**ਅਮੀਰ ਤੋਂ ਅਮੀਰ ਅਤੇ ਸਧਾਰਨ ਤੋਂ ਸਧਾਰਨ ਬੰਦਾ ਵਿਖਾਵੇ ਦੀ ਲਪੇਟ ਵਿਚ ਆ ਰਿਹਾ ਹੈ। ਇਸ ਪੂੰਜੀਵਾਦੀ ਨਿਜ਼ਾਮ ਵਿਚ ਹਰ ਚੀਜ਼ ਉਪਲੱਬਧ ਹੈ, ਬੱਸ ਤੁਹਾਡੇ ਕੋਲ ਪੈਸਾ ਹੋਣਾ ਚਾਹੀਦਾ ਹੈ ਇਸ ਨੂੰ ਖ਼ਰੀਦਣ ਲਈ ਬੇਸ਼ੱਕ ਇਹ ਪੈਸਾ ਤੁਸੀਂ ਕਰਜ਼ ਹੀ ਕਿਉਂ ਨਾ ਲਿਆ ਹੋਵੇ।**

# ਵਿਖਾਵੇ ਦੀ ਹੋੜ ’ਚ ਪਿਆ ਮਨੁੱਖ

ਪ੍ਰੋ. ਨਵ ਸੰਗੀਤ ਸਿੰਘ

ਆਧੁਨਿਕ ਯੁੱਗ ਪ੍ਰਤੀਯੋਗਤਾ ਦਾ ਯੁੱਗ ਹੈ। ਪ੍ਰਤੀਯੋਗਤਾ ਦੇ ਇਸ ਦੌਰ ਵਿਚ ਹਰ ਕੋਈ ਇਕ ਦੂਜੇ ਤੋਂ ਵੱਧ ਕੇ ਵਿਖਾਵਾ ਕਰਨਾ ਲੋਚਦਾ ਹੈ, ਚਾਹੇ ਇਸ ਦੇ ਲਈ ਉਹ ਨੂੰ ਕਰਜ਼ਾ ਵੀ ਕਿਉਂ ਨਾ ਚੁੱਕਣਾ ਪਵੇ। ਅਮੀਰ ਤੋਂ ਅਮੀਰ ਤੇ ਸਧਾਰਨ ਤੋਂ ਸਧਾਰਨ ਬੰਦਾ ਵੀ ਇਸ ਵਿਖਾਵੇ ਦੀ ਲਪੇਟ ਵਿਚ ਆ ਗਿਆ ਹੈ। ਇਸ ਪੂੰਜੀਵਾਦੀ ਨਿਜ਼ਾਮ ਵਿਚ ਹਰ ਚੀਜ਼ ਉਪਲੱਬਧ ਹੈ, ਬੱਸ ਤੁਹਾਡੇ ਕੋਲ ਪੈਸਾ ਹੋਣਾ ਚਾਹੀਦਾ ਹੈ। ਇਸ ਲੇਖ ਵਿਚ ਅਸੀਂ ਸਿਰਫ਼ ਵਿਆਹਾਂ ’ਤੇ ਹੁੰਦੀਆਂ ਫ਼ਜ਼ੂਲ-ਖ਼ਰਚੀਆਂ ਬਾਰੇ ਗੱਲ ਕਰਾਂਗੇ। ਮੈਂ ਆਪਣੇ ਵਿਆਹ ਦੀ ਗੱਲ ਦੱਸਦਾ ਹਾਂ। ਮੈਂ ਵਿਆਹ ਤੇ ਵਿਖਾਵੇ ਦੀ ਕੋਈ ਚੀਜ਼ ਨਹੀਂ ਸੀ ਕੀਤੀ। ਨਾ ਬੈਂਡ-ਵਾਜਾ ਲੈ ਕੇ ਗਿਆ ਤੇ ਨਾ ਹੀ ਵੀਡੀਓ ਜਾਂ ਫੋਟੋਗ੍ਰਾਫਰ। ਮੇਰੇ ਵੱਲੋਂ ਆਪਣੇ ਵਿਆਹ ਵਿਚ ਸਧਾਰਨਤਾ ਨੂੰ ਪਹਿਲ ਦਿੱਤੀ ਗਈ ਤੇ ਅਸੀਂ ਸਿਰਫ਼ ਇੱਕੀ ਮੈਂਬਰ ਵਿਆਹ ਵਿਚ ਸ਼ਾਮਲ ਹੋਏ। ਇਸ ਸਧਾਰਨਤਾ ਕਰਕੇ ਮੇਰੇ ਸਹੁਰੇ-ਪਰਿਵਾਰ ਵਾਲੇ ਬਹੁਤ ਸਾਰੀਆਂ ਵਿਖਾਵੇ ਦੀਆਂ ਰਸਮਾਂ ਕਰਨ ਤੋਂ ਵੀ ਵਾਂਝੇ ਰਹਿ ਗਏ। ਮੈਨੂੰ ਸ਼ਹਿਰੀ ਸਮਝ ਕੇ ਲੜਕੀ ਵਾਲਿਆਂ ਵੱਲੋਂ ਮੇਰਾ ਵਿਆਹ ਹੋਟਲ ਵਿਚ ਰੱਖਿਆ ਗਿਆ, ਜਦਕਿ ਪਿੰਡ ਵਿਚ ਮੇਰੇ ਸਹੁਰੇ-ਪਰਿਵਾਰ ਦਾ ਕਾਫ਼ੀ ਖੁੱਲ੍ਹਾ- ਡੁੱਲ੍ਹਾ ਘਰ ਸੀ ਜਿੱਥੇ ਬੜੇ ਆਰਾਮ ਨਾਲ ਬਰਾਤ ਤੇ ਮੈਂਬਰਾਂ ਦੀ ਆਓ-ਭਗਤ ਕੀਤੀ ਜਾ ਸਕਦੀ ਸੀ।

ਇਹੋ ਜਿਹੀ ਹੀ ਇਕ ਹੋਰ ਝਾਕੀ ਬੀਤੇ ਦਿਨੀਂ ਮੈਨੂੰ ਵੇਖਣ ਨੂੰ ਮਿਲੀ। ਮੇਰੀ ਇਕ ਵਿਦਿਆਰਥਣ ਦੀ ਸ਼ਾਦੀ ਸੀ। ਉਹਨੇ ਮੈਨੂੰ ਸ਼ਾਦੀ ਦਾ ਕਾਰਡ ਦਿੱਤਾ ਤੇ ਸ਼ਾਦੀ ’ਤੇ ਪਹੁੰਚਣ ਦੀ ਤਾਕੀਦ ਕੀਤੀ ਸੀ। ਉਂਞ ਤਾਂ ਮੈਂ ਵਿਆਹਾਂ-ਸ਼ਾਦੀਆਂ ਦੇ ਸਮਾਗਮਾਂ ਵਿਚ ਘੱਟ ਹੀ ਜਾਂਦਾ ਹਾਂ ਪਰ ਲੜਕੀ ਦੇ ਵਾਰ-ਵਾਰ ਕਹਿਣ ਤੇ ਮਜਬੂਰਨ ਮੈਨੂੰ ਜਾਣਾ ਪਿਆ। ਹਾਲਾਂਕਿ ਮੇਰੇ ਵਰਗੇ ਬੰਦੇ ਲਈ ਉੱਥੇ ਕੁਝ ਨਹੀਂ ਹੁੰਦ, ਖੈਰ...।

ਲੜਕੀ ਵਾਲਿਆਂ ਵੱਲੋਂ ਘਰ ਵਿਚ ਹੀ ਬਰਾਤ ਦਾ ਸਵਾਗਤ ਕੀਤਾ ਜਾਣਾ ਸੀ, ਜਿਸ ਦਾ ਜ਼ਿਕਰ ਕਾਰਡ ਵਿਚ ਵੀ ਕੀਤਾ ਹੋਇਆ ਸੀ ਪਰ ਐਨ ਮੌਕੇ ’ਤੇ ਮੌਸਮ ਖ਼ਰਾਬ ਹੋਣ ਕਰਕੇ (ਮੀਂਹ ਪੈਣ ਕਰਕੇ) ਲੜਕੀ ਵਾਲਿਆਂ ਨੇ ਨੇੜੇ ਦਾ ਇਕ ਮੈਰਿਜ ਪੈਲੇਸ ਖੜ੍ਹੇ ਪੈਰ ਮਹਿੰਗੇ ਮੁੱਲ ’ਤੇ ਬੁੱਕ ਕਰਵਾ ਲਿਆ। ਹਾਲਾਂਕਿ ਇਹਦੀ ਕੋਈ ਲੋੜ ਨਹੀਂ ਸੀ। ਵਿਆਹ ਵਾਲੀ ਲੜਕੀ ਦੀਆਂ ਕੁਝ ਸਹੇਲੀਆਂ (ਮੇਰੀਆਂ ਹੋਰ ਵਿਦਿਆਰਥਣਾਂ) ਵੀ ਵਿਆਹ ਵਿਚ ਪੂਰਾ ਸਜ-ਧੱਜ ਕੇ ਪੁੱਜੀਆਂ ਹੋਈਆਂ ਸਨ। ਠੰਢ ਬਹੁਤ ਪੈ ਰਹੀ ਸੀ ਤੇ ਉੱਤੋਂ ਮੀਂਹ ਵੀ ਪੈਣ ਲੱਗਾ ਪਰ ਮੈਂ ਇਹ ਵੇਖ ਕੇ ਹੈਰਾਨ ਰਹਿ ਗਿਆ ਕਿ ਵਿਆਹ ਵਾਲੀ ਲੜਕੀ, ਜੋ ਉਂਜ ਵੀ ਨਾਜ਼ੁਕ/ ਪਤਲੀ ਜਿਹੀ ਸੀ, ਨੇ ਲਹਿੰਗਾ ਪਹਿਨਿਆ ਹੋਇਆ ਸੀ ਤੇ ਉਤੋਂ ਟਾਪ, ਬਿਨਾਂ ਬਾਹਵਾਂ ਦਾ। ਉਹਦੀਆਂ ਹੋਰ ਸਹੇਲੀਆਂ ਨੇ ਵੀ ਕਢਾਈ ਵਾਲੇ ਸੂਟ ਪਹਿਨੇ ਹੋਏ ਸਨ ਤੇ ਹੇਠਾਂ ਪੈਨਸਲ-ਹੀਲ ਦੇ ਸੈਂਡਲ। ਮੀਂਹ ਤੇ ਠੰਢ ਕਾਰਨ ਲੋਕ ਕੰਬਦੇ ਜਾ ਰਹੇ ਸਨ ਪਰ ਇਨ੍ਹਾਂ ਕੁੜੀਆਂ ਵੱਲ ਵੇਖ ਕੇ ਮੈਨੂੰ ਹੈਰਾਨੀ ਹੋ ਰਹੀ ਸੀ ਕਿ ਉਨ੍ਹਾਂ ਨੇ ਦਿਖਾਵੇ ਦੀ ਖ਼ਾਤਰ ਕਿੰਨਾ ਹਾਰ-ਸ਼ਿੰਗਾਰ ਕੀਤਾ ਹੋਇਆ ਸੀ ਤੇ ਸੂਟਾਂ ਦੀ ਕਢਾਈ ਵਿਖਾਉਣ ਲਈ ਕੋਈ ਵੀ ਜੈਕਿਟ ਵਗੈਰਾ ਨਹੀਂ ਸੀ ਪਹਿਨੀ। ਮੈਂ ਬਾਅਦ ਵਿਚ ਉਨ੍ਹਾਂ ਵਿਦਿਆਰਥਣਾਂ ਤੋਂ ਇਹੋ-ਜਿਹੀ ਸ਼ਾਨੋ- ਸ਼ੌਕਤ ਕਰਨ ਦਾ ਕਾਰਨ ਪੁੱਛਿਆ ਤਾਂ ਉਨ੍ਹਾਂ ਨੇ ਬਿਨਾਂ ਝਿਜਕ ਤੋਂ ਜਵਾਬ ਦਿੱਤਾ ਸਰ, ਇਹੋ ਤਾਂ ਮੌਕੇ ਹੁੰਦੇ ਨੇ ਸੱਜਣ-ਸੰਵਰਨ ਦੇ। ਕਦੇ-ਕਦਾਈਂ ਤਾਂ ਵਿਆਹਾਂ ’ਤੇ ਜਾਈਦੈ। ਜੇ ਬੰਦਾ ਸਧਾਰਨ ਜਿਹਾ ਬਣ ਕੇ ਜਾਵੇ ਤਾਂ ਉਹਨੂੰ ਕੋਈ ਵਿੰਹਦਾ ਹੀ ਨਹੀਂ। ਮੈਂ ਸੋਚਣ ਲੱਗਿਆ ਕੀ ਇਹੋ ਸਾਡਾ ਵਿਰਸਾ ਹੈ? ਸਾਡਾ ਵਿਰਸਾ ਇੰਨਾ ਸਮਰੱਥ ਹੈ ਕਿ ਅਸੀਂ ਪੰਜਾਬੀ ਪਹਿਰਾਵਾ (ਸਲਵਾਰ-ਕਮੀਜ਼, ਬਾਗ਼, ਫੁਲਕਾਰੀ) ਪਹਿਨ ਕੇ ਵੀ ਆਪਣਾ ਹਾਰ-ਸ਼ਿੰਗਾਰ ਪ੍ਰਗਟਾ ਸਕਦੇ ਹਾਂ। ਇਹੋ ਜਿਹੇ ਹੀ ਇਕ ਹੋਰ ਵਿਆਹ ਦੀ ਮੈਨੂੰ ਯਾਦ ਆ ਰਹੀ ਹੈ, ਜਿਸ ਵਿਚ ਕੁੜੀ ਵਾਲਿਆਂ ਨੇ 65 ਪ੍ਰਕਾਰ ਦੀਆਂ ਚੀਜ਼ਾਂ ਤਿਆਰ ਕੀਤੀਆਂ ਹੋਈਆਂ ਸਨ। ਕੁੜੀ ਵਾਲੇ ਤੇ ਕੁੜੀ ਵੀ ਮੇਰੀ ਜਾਣਕਾਰ ਸੀ ਤੇ ਇਹ ਗੱਲ ਕੁੜੀ ਨੇ ਮੈਨੂੰ ਖ਼ਾਸ ਤੌਰ ’ਤੇ ਦੱਸੀ ਸੀ ਕਿ ਉਹਦੇ ਵਿਆਹ ਵਿਚ ਕਿੰਨੀਆਂ ਖਾਣ-ਪੀਣ ਦੀਆਂ ਚੀਜ਼ਾਂ ਹਨ। ਜਦ ਮੈਂ ਉਹਨੂੰ ਪੁੱਛਿਆ ਕਿ ਤੂੰ ਕਿੰਨੀਆਂ ਚੀਜ਼ਾਂ ਦਾ ਸੁਆਦ ਵੇਖਿਆ ਤਾਂ ਉਹਨੇ ਦੱਸਿਆ ਕਿ ਇਕ ਦਾ ਵੀ ਨਹੀਂ। ਫਿਰ ਮੈਂ ਜਾਣਨਾ ਚਾਹਿਆ ਕਿ ਜੇ ਤੂੰ ਇਕ ਵੀ ਚੀਜ਼ ਨਹੀਂ ਖਾਧੀ ਤਾਂ ਫਿਰ ਇੰਨੀਆਂ ਚੀਜ਼ਾਂ ਬਣਾਉਣ ਦਾ ਕੀ ਫਾਇਦਾ। ਉਹਨੇ ਮਾਣ ਨਾਲ ਕਿਹਾ ਸੀ, ‘ਬਰਾਤੀਆਂ ਨੂੰ ਤਾਂ ਦੱਸਣਾ ਸੀ, ਵਿਖਾਉਣਾ ਸੀ ਕਿ ਅਸੀਂ ਵੀ ਕੋਈ ਚੀਜ਼ ਹਾਂ।’

ਇਵੇਂ ਹੀ ਇਕ ਹੋਰ ਮਿੱਤਰ ਦੇ ਵਿਆਹ ਦੀ ਘਟਨਾ ਹੈ। ਉਹਨੇ ਦਾਜ-ਦਹੇਜ ਲੈਣ ਤੋਂ ਸਾਫ਼ ਇਨਕਾਰ ਕਰਦਿਆਂ ਕੁੜੀ ਵਾਲਿਆਂ ਨੂੰ ਇੰਨਾ ਹੀ ਕਿਹਾ ਕਿ ਮੈਨੂੰ ਕਿਸੇ ਚੀਜ਼ ਦੀ ਲੋੜ ਨਹੀਂ ਪਰ ਇੰਨਾ ਜ਼ਰੂਰ ਕਰਿਓ ਕਿ ਬਰਾਤ ਦੀ ਸੇਵਾ ਰੱਜ ਕੇ ਹੋਵੇ। ਉਹ ਵੀ ਇਹੋ ਵਿਖਾਉਣਾ ਚਾਹੁੰਦਾ ਸੀ ਕਿ ਬਰਾਤੀ ਕਿਸੇ ਗੱਲੋਂ ਨਾਰਾਜ਼ ਨਾ ਹੋ ਜਾਣ। ਮਤਲਬ ਦਾਰੂ ਵੀ ਹੋਵੇ ਤੇ ਮੁਰਗ-ਮੁਸੱਲਮ ਵੀ। ਅੱਜ ਕੱਲ੍ਹ ਦੇ ਵਿਆਹਾਂ ਦੀ ਤਾਂ ਗੱਲ ਛੱਡੋ, ਭੋਗਾਂ, ਮਰਨਿਆਂ-ਪਰਨਿਆਂ ਦੇ ਸਮਾਗਮਾਂ ਵਿਚ ਵੀ ਪੂਰਾ ਵਿਖਾਵਾ ਹੁੰਦਾ ਹੈ। ਮੌਤ ਦੇ ਭੋਗ ਤੇ ਲੱਡੂ, ਜਲੇਬੀਆਂ, ਪਕੌੜੇ ਪਰੋਸੇ ਜਾਂਦੇ ਹਨ। ਪਤਾ ਨਹੀਂ ਉਹ ਮੌਤ ਦੀ ਖ਼ੁਸ਼ੀ ਪ੍ਰਗਟ ਕਰ ਰਹੇ ਹੁੰਦੇ ਨੇ ਜਾਂ ਗ਼ਮੀ। ਜਦਕਿ ਮਰਗ ਦੇ ਭੋਗ ਤਾਂ ਬਹੁਤ ਹੀ ਸਧਾਰਨ ਹੋਣੇ ਚਾਹੀਦੇ ਹਨ, ਜਿੱਥੇ ਸਿਰਫ਼ ਬਾਹਰੋਂ ਆਏ ਮਹਿਮਾਨਾਂ ਲਈ ਹੀ ਰੋਟੀ-ਦਾਲ ਪਰੋਸੀ ਜਾਵੇ। ਵਿਆਹਾਂ ਉੱਤੇ ਮਹਿੰਗੇ ਮੈਰਿਜ ਪੈਲੇਸ, ਮਹਿੰਗੀਆਂ ਗੱਡੀਆਂ ਦੇ ਤੋਹਫ਼ੇ, ਸ਼ਰਾਬਾਂ, ਫਾਲਤੂ ਭੋਜਨ, ਖਾਣੇ ਦੀਆਂ ਸਟਾਲਾਂ, ਡੀਜੇ, ਲਾਈਟਾਂ ਦੀ ਚਕਾਚੌਂਧ, ਬੰਦੂਕਾਂ ਦੇ ਫਾਇਰ ਆਦਿ ਸਾਡੀ ਆਪ ਸਹੇੜੀ ਬਰਬਾਦੀ ਦੇ ਕਾਰਨ ਹਨ ਜਿਹਨੂੰ ਆਮ ਸ਼ਬਦਾਂ ਵਿਚ ‘ਅੱਡੀਆਂ ਚੁੱਕ ਕੇ ਫਾਹਾ ਲੈਣਾ’ ਕਿਹਾ ਜਾਂਦਾ ਹੈ। ਅਜੇ ਵੀ ਡੁੱਲ੍ਹੇ ਬੇਰਾਂ ਦਾ ਕੁਝ ਨਹੀਂ ਵਿਗੜਿਆ। ਸਾਨੂੰ ਸੁਚੇਤ ਹੋਣ ਦੀ ਲੋੜ ਹੈ। ਇਹੋ ਜਿਹੇ ਸਮਾਗਮਾਂ ਵਿਚ ਕੀਤੀ ਫ਼ਜ਼ੂਲ ਖ਼ਰਚੀ ਅਤੇ ਲੋੜ ਤੋਂ ਵੱਧ ਵਿਖਾਵਾ ਸਾਡੀ ਬਰਬਾਦੀ ਦਾ ਕਾਰਨ ਬਣ ਸਕਦੀ ਹੈ। •

94176-92015



### ਦਾਜ ਲੈਣ ਤੋਂ ਇਨਕਾਰ

*ਇਕ ਮਿੱਤਰ ਦੇ ਵਿਆਹ ਦੀ ਘਟਨਾ ਹੈ। ਉਹਨੇ ਦਾਜ-ਦਹੇਜ ਲੈਣ ਤੋਂ ਸਾਫ਼ ਇਨਕਾਰ ਕਰਦਿਆਂ ਕੁੜੀ ਵਾਲਿਆਂ ਨੂੰ ਇੰਨਾ ਹੀ ਕਿਹਾ ਕਿ ਮੈਨੂੰ ਕਿਸੇ ਚੀਜ਼ ਦੀ ਲੋੜ ਨਹੀਂ ਪਰ ਇੰਨਾ ਜ਼ਰੂਰ ਕਰਿਓ ਕਿ ਬਰਾਤ ਦੀ ਸੇਵਾ ਰੱਜ ਕੇ ਹੋਵੇ। ਉਹ ਵੀ ਇਹੋ ਵਿਖਾਉਣਾ ਚਾਹੁੰਦਾ ਸੀ ਕਿ ਬਰਾਤੀ ਕਿਸੇ ਗੱਲੋਂ ਨਾਰਾਜ਼ ਨਾ ਹੋ ਜਾਣ। ਮਤਲਬ ਦਾਰੂ ਵੀ ਹੋਵੇ ਤੇ ਮੁਰਗ-ਮੁਸੱਲਮ ਵੀ। ਦੱਸੋ ਭਲਾ ਇਹ ਕੀ ਗੱਲ ਹੋਈ। ਜੇ ਅਸਲੀਅਤ ਵਿਚ ਤੁਸੀਂ ਚਾਹੁੰਦੇ ਹੋ ਕਿ ਵਿਖਾਵਾ ਨਾ ਕੀਤਾ ਜਾਵੇ ਤਾਂ ਸੱਚ ਮੁੱਚ ਹੀ ਅਜਿਹੀਆਂ ਰਸਮਾਂ ਤੋਂ ਪ੍ਰਹੇਜ਼ ਕਰੋ ਜੋ ਖ਼ਰਚੀਲੀਆਂ ਹਨ।*

# ਇਨਸਾਨ ਜੋ ਬੀਜਦਾ ਓਹੀ ਵੱਢਦੈ

ਜੀਤ ਹਰਜੀਤ



ਸਮੇਂ ਅਤੇ ਜ਼ਿੰਦਗੀ ਵਿਚਕਾਰ ਇਕ ਸਮਾਨਤਾ ਜੋ ਮੈਨੂੰ ਨਜ਼ਰ ਆਉਂਦੀ ਹੈ ਉਹ ਇਹ ਹੈ ਕਿ ਇਹ ਦੋਨੋਂ ਕਦੇ ਕਿਸੇ ਲਈ ਰੁਕਦੇ ਨਹੀਂ ਜਾਂ ਇਹ ਕਹਿ ਲਓ ਕਿ ਰੁਕਣਾ ਇਨ੍ਹਾਂ ਦੇ ਸਭਾਅ ਵਿਚ ਹੀ ਨਹੀਂ। ਸਮੇਂ ਨੂੰ ਬੇਸ਼ੱਕ ਤਕਨੀਕੀ ਮਾਹਿਰਾਂ ਨੇ ਘੜੀਆਂ ਵਿਚ ਬੰਨ੍ਹਣ ਦੀ ਵੀ ਕੋਸ਼ਿਸ਼ ਕੀਤੀ ਪਰ ਇਸ ਨੇ ਆਪਣਾ ਸਭਾਅ ਨਹੀਂ ਬਦਲਿਆ। ਤਕਨੀਕ ਨਾਲ ਬਣੀਆਂ ਘੜੀਆਂ ਭਾਵੇਂ ਰੁੱਕ ਗਈਆਂ ਪਰ ਸਮਾਂ ਨਹੀਂ ਰੁਕਿਆ। ਇਸ ਤਰ੍ਹਾਂ ਹੀ ਜ਼ਿੰਦਗੀ ਹੈ। ਇਹ ਸਦਾ ਹੀ ਚਲਦੀ ਰਹਿੰਦੀ ਹੈ। ਕਿਸੇ ਦੇ ਜਾਣ-ਆਉਣ, ਹੋਣ ਨਾ ਹੋਣ ਦਾ ਇਸ ’ਤੇ ਕੋਈ ਅਸਰ ਨਹੀਂ ਹੁੰਦਾ। ਮਹੌਲ ਕੋਈ ਵੀ ਹੋਵੇ ਦੁੱਖ ਹੋਣ ਜਾਂ ਫਿਰ ਖ਼ੁਸ਼ੀਆਂ ਨਾਲ ਪੱਲੇ ਲੱਦੇ ਹੋਣ ਜ਼ਿੰਦਗੀ ਸਦਾ ਚਲਦੀ ਰਹਿੰਦੀ ਹੈ। ਸ਼ਾਇਦ ਇਸ ਲਈ ਹੀ ਬੁਰੇ ਵਕਤ ਵਿਚ ਹੌਸਲਾ ਦਿੰਦੇ ਹੋਏ ਸਿਆਣੇ ਕਹਿੰਦੇ ਹਨ, ‘ਕੋਈ ਨਾ ਭਾਈ ਜੇ ਦਿਨ ਉਹ ਨ੍ਹੀਂ ਰਹੇ ਤਾਂ ਰਹਿਣੇ ਇਹ ਵੀ ਨਹੀਂ ਹੌਸਲਾ ਰੱਖੋ, ਇਹ ਸਮਾਂ ਵੀ ਲੰਘ ਜਾਏਗਾ।’ ਉਨ੍ਹਾਂ ਦਾ ਇਹ ਕਥਨ ਸਦਾ ਚਲਦੇ ਰਹਿਣ ਵਾਲੇ ਸਮੇਂ ਦੇ ਸੁਭਾਅ ਦੀ ਬਾਤ ਪਾਉਂਦਾ ਹੈ। ਮੈਂ ‘ਬਾਲ ਦਿਵਸ’ ’ਤੇ ਛਪੀ ਇਕ ਰਿਪੋਰਟ ਵਿਚ ਪੜ੍ਹਿਆ ਕਿ ਜਿਨਾਂ ਨਵ-ਜੰਮਿਆਂ ਬੱਚਿਆਂ ਨੂੰ ਜੰਮਣ ਵਾਲੇ ਰੂੜੀਆਂ, ਗਲੀਆਂ, ਨਾਲੀਆਂ ’ਚ ਸੁੱਟ ਗਏ ਸੀ ਉਨ੍ਹਾਂ ਦੀ ਜ਼ਿੰਦਗੀ ਨੇ ਵੀ ਉਨ੍ਹਾਂ ਨੂੰ ਵਿਦੇਸ਼ਾਂ ਤੱਕ ਦੀਆਂ ਉਡਾਣਾਂ ਭਰਾਈਆਂ ਹਨ। ਉਨ੍ਹਾਂ ਵਿੱਚੋਂ ਕਈ ਅਜਿਹੇ ਵੀ ਸਨ ਜਿਨ੍ਹਾਂ ਦਾ ਪਾਲਣ-ਪੋਸ਼ਣ ਕਰਨ ਤੋਂ ਉਨ੍ਹਾਂ ਦੇ ਮਾਪਿਆਂ ਨੇ ਆਰਥਿਕ ਮੰਦੀ ਕਾਰਨ ਹੱਥ ਖੜ੍ਹੇ ਕਰ ਦਿੱਤੇ ਸਨ ਤੇ ਕੁਝ ਬੱਚੇ ਅਜਿਹੇ ਵੀ ਸਨ ਜੋ ਨਜ਼ਾਇਜ ਤਰੀਕਿਆਂ ਨਾਲ ਪੈਦਾ ਹੋਏ ਸਨ। ਇਸ ਰਿਪੋਰਟ ਨੇ ਮੈਨੂੰ ਬਹੁਤ ਪ੍ਰਭਾਵਿਤ ਕੀਤਾ।

ਇਕੱਲੇ ਪੰਜਾਬ ਦੀ ਗੱਲ ਕਰੀਏ ਤਾਂ ਪਿਛਲੇ ਪੰਜ ਸਾਲਾਂ ਵਿਚ ਅਜਿਹੇ ਕੇਸਾਂ ਵਿੱਚੋਂ ਚਾਰ ਸੌ ਦੇ ਕਰੀਬ ਬੱਚੇ ਆਪਣੇ ਮੁਕੱਦਰ ਕਾਰਨ ਸਿਕੰਦਰ ਬਣਨ ਵਿਚ ਕਾਮਯਾਬ ਰਹੇ। ਇਨ੍ਹਾਂ ਸਾਰਿਆਂ ਨੇ ਆਪਣੇ-ਆਪਣੇ ਲੇਖਾਂ ਦੀਆਂ ਲਿਖੀਆਂ ਮੁਤਾਬਿਕ ਕਿੱਥੋਂ ਵਿਛੜ ਕੇ ਕਿੱਥੇ ਜਾਣਾ ਸੀ ਉਸ ਬਾਰੇ ਕਿਸੇ ਨੂੰ ਨਹੀਂ ਪਤਾ ਸੀ। ਇਨ੍ਹਾਂ ਵਿੱਚੋਂ ਇਕ ਬੱਚੇ ਦੇ ਲੇਖ ਤਾਂ ਦੇਖੋ ਜਿਸ ਨੂੰ ਇਕ ਨਾਬਾਲਗ ਮਾਂ ਨੇ ਜਨਮ ਦਿੱਤਾ, ਇਸ ਤੋਂ ਪਹਿਲਾਂ ਕਿ ਉਸ ਦੇ ਮੱਥੇ ’ਤੇ ਗ਼ੈਰਕਾਨੂੰਨੀ ਹੋਣ ਦਾ ਦਾਗ਼ ਲੱਗਦਾ ਉਸ ਨੂੰ ਹਾਈਕੋਰਟ ਦੇ ਜੱਜ ਨੇ ਗੋਦ ਲੈ ਲਿਆ। ਲੁਧਿਆਣਾ ਦੇ ਰੇਲਵੇ ਸਟੇਸ਼ਨ ਲਾਗੇ ਕੂੜੇ ਦੇ ਢੇਰ ਵਿੱਚੋਂ ਜਦੋਂ ਕਿਸੇ ਬੱਚੇ ਦੇ ਰੋਣ ਦੀ ਆਵਾਜ਼ ਇਕ ਰਾਹਗੀਰ ਦੇ ਕੰਨੀ ਪਈ ਤਾਂ ਉਸ ਨੇ ਉੱਥੋਂ ਦੇ ਲੋਕਾਂ ਦੀ ਮੱਦਦ ਉਸ ਨੂੰ ਫੌਰੀ ਹਸਪਤਾਲ ਪਹੁੰਚਾਇਆ, ਜੋ ਸਿਰਫ਼ 600 ਕਿੱਲੋਗਰਾਮ ਦਾ ਸੀ ਤੇ ਅੱਜ ਕੱਲ੍ਹ ਉਹ ਪੂਰੀ ਤਰ੍ਹਾਂ ਤੰਦਰੁਸਤ ਕਰੀਬ 10 ਕਿੱਲੋ ਦਾ ਹੋ ਗਿਆ ਹੈ ਤੇ ਉਸ ਨੂੰ ਅਮਰੀਕਾ ਦੇ ਇਕ ਗੋਰੇ ਨੇ ਗੋਦ ਲੈ ਲਿਆ ਹੈ। ਅਜਿਹੇ ਹੀ ਹੋਰ ਅਨੇਕਾਂ ਕੇਸ ਸਾਹਮਣੇ ਆਏ ਹਨ ਜਿਨ੍ਹਾਂ ਨੂੰ ਜਨਮ ਦੇਣ ਵਾਲਿਆਂ ਨੇ ਨਕਾਰਿਆ ਪਰ ਉਹ ਹੁਣ ਖ਼ੁਸ਼ੀਆਂ ਭਰਿਆ ਬਚਪਨ ਬਤੀਤ ਕਰ ਰਹੇ ਹਨ। ਇਨ੍ਹਾਂ ਸਾਰਿਆਂ ਬੱਚਿਆਂ ਦਾ ਜੀਵਨ ਸਾਡੇ ਸਭ ਲਈ ਪ੍ਰੇਰਨਾ ਸਰੋਤ ਹੈ ਕਿ ਸਾਡੇ ਹੱਥਾਂ ਵਿਚ ਸਿਰਫ਼ ‘ਅੱਜ’ ਹੈ, ਜਿਸ ਨੂੰ ਵਧੀਆ ਕਰ ਕੇ ਗੁਜ਼ਾਰਾ ਸਾਡੇ ਅਸਲੀ ਫ਼ਰਜ਼ ਅਤੇ ਇਨਸਾਨੀਅਤ ਦਾ ਮੁੱਢਲਾ ਧਰਮ ਹੈ

ਪਰ ਅਫ਼ਸੋਸ ਇਸ ਗੱਲ ਦਾ ਹੈ ਕਿ ਇਸ ਸਭ ਦੇ ਉਲਟ ਦੂਸਰੇ ਪਾਸੇ ਉਹ ਲੋਕ ਹਨ ਜੋ ਸਮੱਸਿਆਵਾਂ ਕਾਰਨ ਖ਼ੂਬਸੂਰਤ ਜ਼ਿੰਦਗੀ ਤੋਂ ਨਿਰਾਸ਼ ਹੋ ਕੇ ਬੈਠ ਜਾਂਦੇ ਹਨ। ਜ਼ਿੰਦਗੀ ਦੀ ਜੰਗ ਜਿੱਤਣ ਵਾਲੇ ਇਨ੍ਹਾਂ ਬੱਚਿਆਂ ਦਾ ਜੀਵਨ ਉਨ੍ਹਾਂ ਲੋਕਾਂ ਲਈ ਖ਼ਾਸ ਤੌਰ ’ਤੇ ਪ੍ਰੇਰਨਾਦਾਇਕ ਹੈ ਜੋ ਸਭ ਕੁਝ ਹੋਣ ਦੇ ਬਾਵਜੂਦ ਵੀ ਨਿਰਾਸ਼ਾ ਭਰਿਆ ਜੀਵਨ ਬਿਤਾ ਰਹੇ ਹਨ। ਜਿਸ ਤਰ੍ਹਾਂ ਮੈਂ ਪਹਿਲਾਂ ਕਹਿ ਚੁੱਕਾ ਹਾਂ ਕਿ ਜ਼ਿੰਦਗੀ ਕਦੇ ਨਹੀਂ ਰੁਕਦੀ। ਹਾਂ ਕਈ ਵਾਰ ਇਹ ਜ਼ਰੂਰ ਹੁੰਦਾ ਹੈ ਕਿ ਕੁਝ ਤੁਹਾਡੀ ਸੋਚ ਤੋਂ ਉਲਟ ਵਾਪਰ ਜਾਂਦਾ ਹੈ ਜਿਸ ਨੂੰ ਆਪਾਂ ਮਾੜਾ ਵਕਤ ਆਖ ਲੈਂਦੇ ਹਾਂ ਪਰ ਲੰਘ ਇਹ ਮਾੜਾ ਵਕਤ ਵੀ ਜਾਂਦਾ ਹੈ ਕਿਉਂਕਿ ਜਦੋਂ ਚੰਗੇ ਸਮੇਂ ਨੂੰ ਕੋਈ ਰੋਕ ਨਹੀਂ ਸਕਿਆ ਤਾਂ ਨਹੀਂ ਰੁਕਣਾ ਮਾੜੇ ਨੇ ਵੀ ਨਹੀਂ, ਜ਼ਰੂਰਤ ਹੈ ਉਸ ਵਕਤ ਆਪਣੇ ਹੌਸਲੇ ਨੂੰ ਬਣਾ ਕੇ ਰੱਖਣ ਦੀ। ਸਾਨੂੰ ਆਪਣੇ ਮਨ ਨੂੰ ਇਸ ਕਦਰ ਕੋਮਲ ਰੱਖਣਾ ਚਾਹੀਦਾ ਹੈ ਕਿ ਜਦੋਂ ਕਦੇ ਪ੍ਰਸਥਿਤੀਆਂ ਸਾਡੀ ਸੋਚ ਦੇ ਵਿਰੁੱਧ ਬਣਨ ਅਸੀਂ ਉਨ੍ਹਾਂ ਨੂੰ ਸਹਿਣ ਕਰ ਸਕੀਏ। ਇਹ ਹੋ ਸਕਦਾ ਹੈ ਕਿ ‘ਅੱਜ’ ਤੁਹਾਡੀ ਸੋਚ ਦੇ ਹਾਣ ਦਾ ਨਾ ਹੋਵੇ ਪਰ ਇਹ ਨਹੀਂ ਹੋ ਸਕਦਾ ਕਿ ਆਉਣ ਵਾਲਾ ਸਮਾਂ ਤੁਹਾਡੀ ਸੋਚ ਮੁਤਾਬਕ ਨਹੀਂ ਹੋਵੇਗਾ। ਆਪਣੀ ਮਿੱਥੀ ਮੰਜ਼ਿਲ ਲਈ ਸਦਾ ਮਿਹਨਤ ਕਰਦੇ ਰਹੋ। ਸੱਚੀ ਲਗਨ ਇਕ ਨਾ ਇਕ ਦਿਨ ਜ਼ਰੂਰ ਤੁਹਾਨੂੰ ਤੁਹਾਡੀ ਮੰਜ਼ਿਲ ’ਤੇ ਲੈ ਪਹੁੰਚੇਗੀ।

ਨਿਰਾਸ਼ ਹੋਣਾ, ਥੱਕ ਹਾਰ ਕੇ ਬੈਠਣਾ ਇਨਸਾਨ ਹਿੱਸੇ ਨਹੀਂ ਆਉਂਦਾ। ਇਨਸਾਨ ਦਾ ਧਰਮ ਹੈ ਸਦਾ ਚਲਦੇ ਰਹਿਣਾ। ਮਾਨਸ ਜਨਮ ਬਹੁਤ ਕੀਮਤੀ ਹੈ ਇਸ ਨੂੰ ਜਾਇਆ ਨਾ ਗਵਾਓ। ਤੁਹਾਡਾ ਆਉਣ ਵਾਲਾ ਕੱਲ੍ਹ ਤੁਹਾਡੇ ਹੱਥ ਵਿਚ ਨਹੀਂ, ਅੱਜ ਜ਼ਰੂਰ ਤੁਹਾਡੇ ਕੋਲ ਹੈ। ਕਿਸੇ ਵਿਦਵਾਨ ਦਾ ਕਹਿਣਾ ਹੈ ਕਿ ਜੇ ਤੁਸੀਂ ਆਉਣ ਵਾਲਾ ਸਮਾਂ ਸੋਹਣਾ ਦੇਖਣਾ ਚਾਹੁੰਦੇ ਹੋ ਤਾਂ ਆਪਣੇ ਅੱਜ ਨੂੰ ਸੋਹਣਾ ਕਰਕੇ ਗੁਜ਼ਾਰੋ। ਹਰ ਇਨਸਾਨ ਨੂੰ ਹਰ ਰੋਜ਼ ਇਕ ਜ਼ਿੰਦਗੀ ਰੂਪੀ ਸਾਫ਼ ਕਾਗ਼ਜ਼ ਮਿਲਦਾ ਹੈ ਇਹ ਉਸ ਇਨਸਾਨ ਦੇ ਹਿੱਸੇ ਹੈ ਉਸ ਨੇ ਇਸ ਕਾਗ਼ਜ਼ ਉੱਤੇ ਕਿਹੋ ਜਿਹੀਆਂ ਲੀਕਾਂ ਵਾਹੁਣੀਆਂ ਹਨ। ਇਨਸਾਨ ਉਸ ਕਾਗ਼ਜ਼ ਉੱਤੇ ਜਿਹੋ ਜਿਹਾ ਲਿਖਦਾ ਹੈ ਓਵੇਂ ਦਾ ਹੀ ਫ਼ਲ ਉਸ ਨੂੰ ਜੀਵਨ ਦੇ ਰੂਪ ਵਿਚ ਮਿਲਦਾ ਹੈ ਜਾਂ ਇੰਝ ਵੀ ਕਹਿ ਸਕਦੇ ਹਾਂ ਕਿਇਨਸਾਨ ਜੋ ਬੀਜਦਾ ਓਹੀ ਵੱਢਦੈ। •

97816-77772



# ਔਰਤ ਲਈ ਮਾਣ ਵਾਲੀ ਗੱਲ ਹੈ ਸਿਰ ਕੱਜਣਾ

ਰਾਜਿੰਦਰ ਕੌਰ ਚੌਹਕਾ

ਇਸਤਰੀਆਂ ਲਈ ਪਰਦਾ, ਬੁਰਕਾ, ਘੁੰਡ, ਹਿਜ਼ਾਬ ਰਾਹੀਂ ਆਪਣਾ ਚਿਹਰਾ ਛੁਪਾਉਣ ਨੇ ? ਮੌਜੂਦਾ ਉਸਾਰੂ ਸੋਚ, ਤਰਕਸ਼ੀਲਤਾ ਅਤੇ ਇਸਤਰੀ ਦੀ ਮਾਣ-ਮਰਿਆਦਾ ਜਿਹੇ ਸਵਾਲਾਂ ਪ੍ਰਤੀ ਸਮਾਜ ਅੰਦਰ ਅੱਜ ! ‘ਇਸਤਰੀ ਅਧਿਕਾਰਾਂ’ ਲਈ ਇਕ ਨਵੀਂ ਚੁਣੌਤੀ ਦੇ ਪ੍ਰਤੀ ਇਕ ਨਵੀਂ ਬਹਿਸ ਛੇੜ ਦਿੱਤੀ ਹੈ ? ਸ੍ਰੀਲੰਕਾ ਵਿਚ ਦਹਿਸ਼ਤਗਰਦੀ ਦੀ ਘਟਨਾ ਤੋਂ ਬਾਅਦ ਬੁਰਕੇ ’ਤੇ ਲੱਗੀ ਪਾਬੰਦੀ ਨੇ ਭਾਰਤ ਵਿਚ ‘ਬੁਰਕਾ ਬਨਾਮ ਘੁੰਡ’ ਨੂੰ ਇਕ ਨਵੇਂ ਵਾਦ-ਵਿਵਾਦ ਨੂੰ ਜਨਮ ਦਿੱਤਾ ਹੈ ਪ੍ਰੰਤੂ ! ਬੁਰਕੇ ’ਤੇ ਪਾਬੰਦੀ ਦੇ ‘ਹੱਕ ਤੇ ਵਿਰੋਧ’ ਵਿਚ ਉੱਠੀ ਬਹਿਸ ਦੇ ਨਾਲ ‘ਆਸਕਰ-ਪੁਰਸਕਾਰ’ ਜਿਤਣ ਵਾਲੇ ਸੰਗੀਤਕਾਰ ਏਆਰਰਹਿਮਾਨ ਦੀ ਲੜਕੀ ‘ਖ਼ਦੀਜ਼ਾ’ ਦੇ ਨਕਾਬ ਪਾਏ ਜਾਣ ਤੇ ਉਸ ਦੀ ਇਹ ਵਾਇਰਲ ਹੋਈ ਤਸਵੀਰ ਨੇ ਬਹਿਸ ਦਾ ਰੁੱਖ ਹੀ ਬਦਲ ਦਿੱਤਾ ਹੈ ! ਇਹ ਸਵਾਲ ਵੀ ਉਭਰ ਕੇ ਸਾਹਮਣੇ ਆਇਆ ਕਿ ਕੀ ਪਰਦੇ ਦੇ ਰਿਵਾਜ ਤੇ ਪਾਬੰਦੀ ਉੱਪਰ ਇਸਤਰੀਆਂ ਦੇ ਅਧਿਕਾਰਾਂ ਦੀ ਉਲੰਘਣਾ ਤਾਂ ਨਹੀਂ ਹੋ ਰਹੀ ਹੈ ? ਜਿਸ ਤਰ੍ਹਾਂ ਕਿ ਪਿੱਛਲੇ ਸਾਲ ‘ਸੰਯੁਕਤ ਰਾਸ਼ਟਰ’ ਦੀ ਮਨੁੱਖੀ ਅਧਿਕਾਰ ਸੰਮਤੀ ਨੇ ਬੁਰਕੇ ਉੱਪਰ ਲਾਈ ਪਾਬੰਦੀ ਨੂੰ ਨਾ-ਬਾਜਵ ਦੱਸਦਿਆਂ ਕਿਹਾ ਸੀ ਕਿ ‘ਇਹ ਨਾ ਸਿਰਫ਼ ਇਸਤਰੀਆਂ ਦੇ ਅਧਿਕਾਰਾਂ ਦੀ ਉਲੰਘਣਾ ਹੈ ਬਲਕਿ ਉਨ੍ਹਾਂ ਦੇ ਧਾਰਮਿਕ-ਵਿਸ਼ਵਾਸ ਨੂੰ ਵੀ ਧੱਕਾ ਲੱਗਦਾ ਹੈ ? ‘ਉੱਥੇ ਹੀ ‘ਅਮੈਨੇਸਟੀ-ਇੰਟਰਨੈਸ਼ਨਲ’ ਵੀ ਬੁਰਕੇ ਦੇ ਰੋਕ ਦੇ ਵਿਰੋਧ ਵਿਚ ਹੈ! ਇਸ ਜਥੇਬੰਦੀ ਦਾ ਇਹ ਵੀ ਮੰਨਣਾ ਹੈ ਕਿ, ‘ਇਸਤਰੀਆਂ ਲਈ ਸਸ਼ਕਤੀਕਰਨ ਦਾ ਉਦੇਸ਼, ਉਨ੍ਹਾਂ ਲਈ ਮੌਜੂਦਾ ਮੌਕਿਆਂ ਨੂੰ ਵਧਾਉਣਾ ਹੈ, ਨਾ ਕਿ ਮੌਜੂਦਾ ਮੌਕਿਆਂ ਨੂੰ ਹੋਰ ਵੀ ਸੀਮਤ ਕਰ ਦੇਣਾ ਹੈ ?’

## ਔਰਤ ਦੀ ਮਰਜ਼ੀ

ਕੇਰਲ ਦੀ ਬਾਡੀ ਬਿਲਡਰ ‘ਮਜੀਜ਼ੀਆ ਭਾਨੂੰ ਦੇ ਮੁਤਾਬਿਕ’ ਜੇਕਰ ਕੋਈ ਇਸਤਰੀ ਆਪਣੇ ਸਰੀਰ ਨੂੰ ਦਿਖਾਉਣ ਲਈ ਆਜ਼ਾਦ ਹੈ ਤਾਂ ਉਸ ਨੂੰ ਆਪਣੇ ਸਰੀਰ ਨੂੰ ਢੱਕਣ ਲਈ ਵੀ ਆਜ਼ਾਦੀ ਚਾਹੀਦੀ ਹੈ ?’ ਇਸ ਤਰ੍ਹਾਂ ਪਰਦੇ ਦਾ ਅਧਿਕਾਰ ਸਿਰਫ਼ ਔਰਤ ਦੀ ਮਰਜ਼ੀ ਤੇ ਹੀ ਛੱਡ ਦੇਣਾ ਮੁਨਾਸਿਬ ਨਹੀਂ ਹੋਵੇਗਾ? ਅੱਜ ਦੇ ਇਸ ਪ੍ਰਗਤੀਸ਼ੀਲ ਸਮਾਜ ਦਾ ਭਾਵੇਂ! ਇਕ ਵਰਗ ਇਸ ਨੂੰ ਪੁਰਾਣੀ ਪਰੰਪਰਾਵਾਂ ਦੇ ਨਾਲ ਜੋੜ ਕੇ ਦੇਖ ਰਿਹਾ ਹੈ ਪਰ ਵਿਕਾਸਸ਼ੀਲ-ਭਾਰਤ ਤੇ ਅਮਰੀਕਾ ਸਮੇਤ ਕਈ ਵਿਕਸਤ ਦੇਸ਼ਾਂ ਵਿਚ ਵੀ ਉਨ੍ਹਾਂ ਇਸਤਰੀਆਂ ਦੀਆਂ ਉਦਾਹਰਣਾਂ ਸਾਡੇ ਸਾਹਮਣੇ ਹਨ, ਜਿਨ੍ਹਾਂ ਨੇ ਇਸ ਪਰੰਪਰਾ ਨੂੰ ਸਦਾ ਹੀ ਆਪਣੇ ਅਧਿਕਾਰਾਂ ਤਹਿਤ ਨਿਭਾਉਂਦੇ ਹੋਏ ਹਿਜ਼ਾਬ ਪਾ ਕੇ ਸਿਰਫ਼ ਮਾਡਲਿੰਗ ਹੀ ਨਹੀਂ ਕੀਤੀ ਸੀ ? ਬਲਕਿ, ਵਾਕਾਰੀ ‘ਬਾਡੀ ਬਿਲਡਰ ਚੈਂਪੀਅਨ ਪ੍ਰਤੀਯੋਗਤਾ’ ਵਿਚ ਵੀ ਆਪਣੀ ਬੁਲੰਦੀ ਦਾ ਝੰਡਾ ਵੀ ਗੱਡਿਆ। ਕੁਝ ਸਮੇਂ ਪਹਿਲਾਂ ਫਿਲਮ ‘ਦੰਗਲ’ ਵਿਚ ਆਪਣੀ ਭੂਮਿਕਾ ਨਿਭਾ ਚੁੱਕੀ ‘ਜਾਇਰਾ-ਵਸੀਮ’ ਨੇ ਇਹ ਕਹਿ ਕੇ, ਹਿਜ਼ਾਬ ਪਾ ਕੇ ਇਸਤਰੀਆਂ, ਖ਼ੂਬਸੂਰਤ ਅਤੇ ਸੁਤੰਤਰ ਹੁੰਦੀਆਂ ਹਨ।

ਲੋਕਾਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਕਿ ਬੁਰਕਾ, ਘੁੰਡ ਜਾਂ ਹਿਜ਼ਾਬ ਇਸਤਰੀਆਂ ਦੀ ਆਜ਼ਾਦੀ ਵਿਚ ਸ਼ਾਮਲ ਹੋਣਾ ਚਾਹੀਦਾ ਹੈ ਜਾਂ ਪਰਦੇ ਨੂੰ ਇਸਤਰੀਆਂ ਦੀ ਆਜ਼ਾਦੀ ਦੇ ਰਾਹ ਵਿਚ ਪਈਆਂ ਬੇੜੀਆਂ ਵਾਂਗ ਦੇਖਣਾ ਚਾਹੀਦਾ ਹੈ ? ਸਮੇਂ ਦੀ ਮੰਗ ਇਹ ਹੈ, ‘ਕਿ ਇਸ ਲਈ ਫ਼ੈਸਲਾ ਲੈਣ ਦਾ ਅਧਿਕਾਰ ਇਸਤਰੀ ਉੱਪਰ ਛੱਡ ਦੇਣਾ ਚਾਹੀਦਾ ਹੈ। ਆਪਣੇ ਹਾਲਾਤ ਮੁਤਾਬਿਕ ਸੋਚ ਕੇ ਉਹ ਸਭ ਕੁਝ ਤੈਅ ਕਰੇ ਕਿ, ਕੀ ਪਰਦਾ ਉਸ ਦੀ ਪੁਰਾਤਨ ਹੋ ਰਹੀ ਸੰਸਕ੍ਰਿਤੀ ਦਾ ਇਕ ਹਿੱਸਾ ਹੈ? ਜਾਂ ਉਸ ਦੀ ਆਜ਼ਾਦੀ ਜਾਂ ਉਸ ਦੇ ਵਿਅਕਤੀਤਵ ਦੇ ਰਸਤੇ ਵਿਚ ਰੋੜਾ ਹੈ ?’ ਕਿਉਂਕਿ ਭਾਰਤ ਵਿਚ ਘੁੰਡ ਜਿੱਥੇ ਇਕ ਸੰਸਕ੍ਰਿਤੀ ਨਾਲ ਜੁੜੀ ਹੋਈ ਪਰੰਪਰਾਂ ਹੀ ਨਹੀਂ? ਸਗੋਂ ਇਹ ਇਕ ਗ਼ੁਲਾਮੀ ਦਾ ਵੀ ਪ੍ਰਤੀਕ ਹੈ ?’

## ਪੀੜ੍ਹੀ-ਦਰ ਪੀੜ੍ਹੀ ਚਲਣ ਵਾਲੀ ਗ਼ੁਲਾਮੀ

ਪਰਦਾ ਪੀੜ੍ਹੀ-ਦਰ ਪੀੜ੍ਹੀ ਚਲਣ ਵਾਲੀ ‘ਗ਼ੁਲਾਮੀ’ ਦੀ ਇਕ ਲਕੀਰ ਵੀ ਹੈ, ਜੋ ਅੱਗੋਂ ਇਹੋ ਜਿਹੀ ਪਰੰਪਰਾ ਰੂਪ ਧਾਰ ਗਈ, ‘ਜਿੱਥੇ ਆਪਣੇ ਤੋਂ ਵੱਡਿਆਂ ਦਾ ਆਦਰ ਕਰਨ ਦੇ ਰੂਪ ਵਿਚ ਦੇਖਿਆ ਜਾਂਦਾ ਸੀ ਅਤੇ ਸਿਰ ਢੱਕ ਕੇ ਰੱਖਣ ਦੀ ਪਰੰਪਰਾ ਚਲਦੀ ਹੀ ਰਹੀ। ਸਾਮੰਤਵਾਦੀ ਅਤੇ ਗ਼ੁਲਾਮਦਾਰੀ ਦੌਰ ਅੰਦਰ ਕੁਝ ਇਸਤਰੀਆਂ ਦੀਆਂ ਉਦਾਹਰਣਾਂ ਵੀ ਮਿਲਦੀਆਂ ਹਨ, ਜਿੱਥੇ ਅਮੀਰ ਘਰਾਂ ਦੀਆਂ ਇਸਤਰੀਆਂ ਅਪਾਣੀ ‘ਸੁੰਦਰਤਾ ਨੂੰ ਛੁਪਾਉਣ ਤੇ ਆਬਰੂ (ਇੱਜ਼ਤ) ਬਣਾਈ ਰੱਖਣ ਲਈ ਪਰਦੇ ਦਾ ਸਹਾਰਾ ਲੈਂਦੀਆਂ ਸਨ। ਅਰਬ ਦੇਸ਼ਾਂ ਵਿਚ ਵੀ ਰੇਤਾ, ਧੂੜ ਤੇ ਧੁੱਪ ਤੋਂ ਆਪਣੇ ਵਾਲਾਂ (ਸਿਰ) ਤੇ ਚਮੜੀ ਨੂੰ ਬਚਾਉਣ ਲਈ ਇਸਤਰੀਆਂ ਸਿਰ ਤੇ ਚਿਹਰੇ ਨੂੰ ਕੱਪੜੇ ਨਾਲ ਬੰਨ੍ਹ ਕੇ ਰੱਖਦੀਆਂ ਸਨ। ਅੱਜ ਇਸ ਦਾ ਬਦਲਿਆ ਹੋਇਆ ਰੂਪ ਸਾਡੇ ਸਾਹਮਣੇ ਹੈ। ਹੱਥਾਂ ਤੇ ਚਿਹਰੇ ਦੀ ਸੁਰੱਖਿਆ ਦੇ ਤੌਰ ’ਤੇ ਹਿਜ਼ਾਬ, ਸਕਾਰਫ਼, ਚੁੰਨੀ ਜਿਹੇ ਕਪੜੇ ਪਹਿਨੇ ਦੇਖਣ ਨੂੰ ਮਿਲਦੇ ਹਨ।

## ਦਾਰਸ਼ਨਿਕ ਅਤੇ ਇਤਿਹਾਸਕਾਰ

ਗਰੀਕ ਦਾਰਸ਼ਨਿਕ ਅਤੇ ਇਤਿਹਾਸਕਾਰ ਸਤਾਬੋ ਨੇ ਵੀ ਪਹਿਲੀ ਸਦੀ ਵਿਚ ਮੱਧ ਦੁਨੀਆ ਦੇ ਦੇਸ਼ਾਂ ਵਿਚ ਇਸਤਰੀਆਂ ਵੱਲੋਂ ਆਪਣਾ ਚਿਹਰਾ ਢੱਕਣ ਦਾ ਜ਼ਿਕਰ ਕੀਤਾ ਹੈ। ਉੱਥੇ ਹੀ ਉੱਚ ਵਰਗ ਦੇ ਅਮੀਰ ਲੋਕਾਂ ਵਿਚ ਇਸਤਰੀਆਂ ਨੇ ਪਰਦੇ ਦੀ ਰੀਤ ਇੱਜ਼ਤ ਦੇ ਤੌਰ ’ਤੇ ਵੀ ਕੀਤੀ। ਕੁਝ ਵਰਗਾਂ ਵਿਚ ਚਿਹਰੇ ਨੂੰ ਠੀਕ ਤਰ੍ਹਾਂ ਬਣਾਈ ਰੱਖਣ ਲਈ ਬੜੀ ਹੀ ਸਖ਼ਤਾਈ ਨਾਲ ਮੂੰਹ ਢੱਕਣ ਦੀ ਪਾਲਣਾ ਕੀਤੀ ਗਈ। ਆਚਾਰੀਆ ਨਰਾਇਣ ਦੱਤ ਤਿਵਾਰੀ, ਸ਼ਾਸਤਰੀ, ਰਾਮ ਚਰਿਤ੍ਰਮਾਨਸ ਨੇ ਇਕ ਅਧਿਆਏ ਦਾ ਜ਼ਿਕਰ ਕਰਦਿਆਂ ਕਹਿੰਦੇ ਹਨ ਕਿ ਇਸ ਤਰ੍ਹਾਂ ਦੇ ਸਿਰ ਢੱਕਣ ਦਾ ਰਿਵਾਜ ਪੁਰਾਣਾ ਹੈ ? ਰਮਾਇਣ ਵਿਚ ਜਦੋਂ ਰਾਮ ਚੰਦਰ ਤੇ ਸੀਤਾ ਬਨਵਾਸ ਜਾ ਰਹੇ ਸੀ ਤਾਂ ਰਸਤੇ ਵਿਚ ਇਸਤਰੀਆਂ ਨੇ ਸੀਤਾ ਤੋਂ ਰਾਮਚੰਦਰ ਵਾਰੇ ਪੁੱਛਿਆ ਤਾਂ ਪਹਿਲਾਂ ਸੀਤਾ ਨੇ ਆਪਣੀ ਚੁੰਨੀ ਨੂੰ ਮੱਥੇ ਤੋਂ ਥੱਲੇ ਸਰਕਾ ਕੇ ਘੁੰਡ ਕੱਢਿਆ ਅਤੇ ਸਿਰ ਨੂੰ ਨੀਵਾਂ ਕਰ ਕੇ ਇਸ਼ਾਰਾ ਕਰ ਕੇ ਉਸ ਦਾ ਪਤੀ ਹੋਣ ਦਾ ਸਬੂਤ ਦਿੱਤਾ। ਉੱਥੇ ਤਾਂ ਉਸ ਸਮੇਂ ਕੋਈ ਵੀ ਸਿਆਣਾ ਬਜ਼ੁਰਗ ਨਹੀਂ ਸੀ ? ਲੇਕਿਨ ਆਦਰ ਕਰਦਿਆਂ ਆਪਣੇ ਰਿਸ਼ਤੇ ਵਾਰੇ ਦੱਸਣ ਲਈ ਸੀਤਾ ਨੇ ਆਪਣਾ ਸਿਰ ਢੱਕਿਆ। ਇਸ ਤਰ੍ਹਾਂ ਪਰਦਾ ਕਰਨਾ, ਇਕ ਘ੍ਰਿਣਾ ਕਰਕੇ ਨਹੀਂ ਕੀਤਾ। ਇਸ ਨੂੰ ਤਰਕ ਨਾਲ ਦੇਖਣਾ ਪਏਗਾ ਕਿ ਇਹ ਇਕ ਮਰਿਯਾਦਾ ਦੇ ਤੌਰ ’ਤੇ ਕੀਤਾ ਗਿਆ ਸੀ।

## ਸੁਆਣੀ ਦਾ ਰੁਤਬਾ

ਵਿਆਹ ਉਪਰੰਤ ਸੁਆਣੀ ਦਾ ਰੁਤਬਾ ਆਦਿਕਾਲ ਸਮੇਂ ਵਿਆਹ ਤੋਂ ਬਾਅਦ ਵੀ ਸੁਆਣੀ ਪਰਦੇ ਵਿਚ ਰਹਿਣਾ ਪਸੰਦ ਕਰਦੀ ਸੀ। ਭਵ ਭੂਤੇ ਅਤੇ ਮਾਘ ਦੀਆਂ ਰਚਨਾਵਾਂ ਵਿਚ ਵੀ ਪਰਦੇ ’ਚ ਰਹਿ ਕੇ ਚੱਲਣ ਦੇ ਰਿਵਾਜ ਬਾਰੇ ਪਤਾ ਚਲਦਾ ਹੈ। ਉੱਥੇ ਹੀ ਬਾਲਮੀਕ ਰਮਾਇਣ ਵਿਚ ਵੀ ਘੁੰਡ ਵਾਰੇ ਜਾਣਕਾਰੀ ਕਈ ਵਾਰੀ ਦਿੱਤੀ ਗਈ ਹੈ। ਇਸ ਤਰ੍ਹਾਂ ਇਕ ਜਗਾ ਕਿਹਾ ਗਿਆ ਹੈ ਕਿ ਹੇ ਪ੍ਰਭੂ ਮੇਰੇ ਮੂੰਹ ਤੇ ਘੁੰਡ ਨਹੀਂ ਹੈ। ਮੈਂ ਆਪਣੇ ਪਿੰਡ ਤੋਂ ਪੈਦਲ ਚੱਲ ਕੇ ਇੱਥੇਂ ਆਈ ਹਾਂ। ਇਹੋ ਜਿਹੀ ਅਵਸਥਾ ਵਿਚ ਦੇਖ ਕੇ ਤੁਸੀਂ ਮੈਨੂੰ ਕ੍ਰੋਧਿਤ ਕਿਉਂ ਨਹੀਂ ਹੁੰਦੇ? ਘੁੰਡ ਇਕ ਆਪਣੀ ਮਰਜ਼ੀ ਨਾਲ ਕੱਢਿਆ ਜਾਂਦਾ ਹੈ, ਨਾ ਕਿ ਘੁੰਡ ਕੱਢਣ ਲਈ ਮਜਬੂਰ ਕੀਤਾ ਗਿਆ ? ਇਹ ਪ੍ਰਾਚੀਨ ਕਾਲ ਤੋਂ ਹੀ ਰੀਤ ਚਲਦੀ ਆਈ ਹੈ। ਜੇਕਰ ਪੁਰਾਣੀਆਂ ਕਥਾਵਾਂ ਨੂੰ ਖੋਜਿਆ ਜਾਵੇ ਤਾਂ ਇਸਤਰੀ ਪੁਰਸ਼ ਦੋਵੇਂ ਹੀ ਸਿਰ ਢੱਕਣ ਲਈ ਮੁਕਟ ਪਾਉਂਦੇ ਸਨ।

ਦਰਅਸਲ ਇਸ ਤਰ੍ਹਾਂ ਸਿਰ ਢੱਕਣ ਦੇ ਪਿੱਛੇ ਇਕ ਵਿਗਿਆਨਕ ਤਰਕ ਇਹ ਵੀ ਦਿੱਤਾ ਜਾਂਦਾ ਹੈ ਕਿ ਇਸ ਨਾਲ ਮਸਤਿਕ ਨੂੰ ਇਕਾਗਰਤਾ ਨਾਲ ਰੱਖਣ ’ਚ ਮਦਦ ਮਿਲਦੀ ਹੈ। ਉੱਤਰੀ ਭਾਰਤ ਅੰਦਰ ਘੁੰਡ ਇਕ ਪਰਦਾ ਅਤੇ ਸਰੀਰ ਨੂੰ ਕੱਜਣਾ (ਢੱਕ ਕੇ ਰੱਖਣਾ) ਇਕ ਰੀਤ ਸੀ। ਬਾਅਦ ’ਚ ਮਗ਼ਲਾਂ ਦੇ ਆਉਣ ਨਾਲ ਇਕ ਰਵਾਇਤੀ, ਧਾਰਮਿਕ ਰਸਮ ਵਜੋਂ ਇਸਤਰੀ ਲਈ ਇਕ ਬੇੜੀ, ਬੰਦਸ਼ ਬਣ ਗਈ ? ਜੋ ਅੱਜ ਤਕ ਜਾਰੀ ਹੈ।

## ਇਨਕਲਾਬ ਦੀ ਗੱਲ

ਕਵੀਆਂ ਤੇ ਸ਼ਾਇਰਾਂ ਨੇ ਵੀ ਘੁੰਡ ਬਨਾਮ ਪਰਦੇ ਨੂੰ ਔਰਤਾਂ ਦੀ ਸੁੰਦਰਤਾ ਨਾਲ ਜੋੜਿਆ ਹੈ। ਭਗਤ ਕਬੀਰ ਜੀ ਨੇ ਇਸ ਨੂੰ ਰੂਹਾਨੀਅਤ ਨਾਲ ਜੋੜ ਕੇ ਦੇਖਿਆ ਹੈ। ਇਨਕਲਾਬ ਦੀ ਗੱਲ ਕਰਦੇ ਹੋਏ ਮਜਾਜ਼ ਨੇ ਇਸ ਰਾਹੀਂ ਬਗ਼ਾਵਤ ਦੀ ਗੱਲ ਕੀਤੀ ਹੈ, ‘ਤੇਰੇ ਮਾਥੇ ਪੇ ਯਹ ਆਂਚਲ ਸੇ ਇਕ ਪਰਚਮ ਬਨਾ ਲੇਤੀ ਤੋ ਅੱਛਾ ਥਾ?’ ਸਿੱਖ ਧਰਮ ਅੰਦਰ ਘੁੰਡ ਨੂੰ ਕੋਈ ਮਾਨਤਾ ਨਹੀਂ ਦਿੱਤੀ ਗਈ ਹੈ। ਮੁਗ਼ਲ ਕਾਲ ਵੇਲੇ, ਮੁਗ਼ਲ ਵਧੀਕੀਆਂ ਕਰਕੇ ਲੜਕੀਆਂ ਦੇ ਕੰਨ, ਨੱਕ ਵਿੰਨਣੇ ਅਤੇ ਘੁੰਡ ਕੱਢਣਾ ਇਸਤਰੀਆਂ ਲਈ ਇਕ ਬਚਾਅ ਦਾ ਢੰਗ-ਤਰੀਕਾ ਸੀ। ਜੋ ਹੌਲੀ-ਹੌਲੀ ਖ਼ਤਮ ਹੋ ਗਿਆ। ਸਿੱਖ ਇਤਿਹਾਸ ਅੰਦਰ ਕਈ ਜੁਝਾਰੂ ਇਸਤਰੀਆਂ ਸਾਹਮਣੇ ਆਈਆਂ ਹਨ, ਜਿਨ੍ਹਾਂ ਨੇ ਹਾਕਮਾਂ ਦੇ ਜ਼ੁਲਮਾਂ ਵਿਰੁੱਧ ‘ਮਰਦਾਨਾ’ ਭੇਸ ਧਾਰ ਕੇ ਲੜਾਈ ਲੜੀ ! ਬਰਤਾਨਵੀ ਸਾਮਰਾਜ ਵਿਰੁੱਧ ਕਈ ਇਸਤਰੀਆਂ ਆਜ਼ਾਦੀ ਦੀ ਜੰਗ ਅੰਦਰ ਵੀ ਘੁੰਡ ਕੱਢ ਕੇ ਮੈਦਾਨੇ ਜੰਗ ਵਿਚ ਨਿੱਤਰੀਆਂ। ਕਿਹਾ ਇਹ ਵੀ ਜਾਂਦਾ ਹੈ ਕਿ ਇਸਤਰੀਆਂ ਘੁੰਡ ਆਪਣੀ ਸੁੰਦਰਤਾ ਨੂੰ ਛੁਪਾਣ ਲਈ ਵੀ ਕੱਢਦੀਆਂ ਸਨ? ਇਹੀ ਕਾਰਨ ਹੈ ਕਿ ਰੂਪ-ਸੁੰਦਰਤਾ ਦੇ ਵਾਰੇ ਘੁੰਡ ਦਾ ਜ਼ਿਕਰ ਵਾਰ-ਵਾਰ ਕਵੀਆਂ ਵੱਲੋਂ ਕੀਤਾ ਗਿਆ ਹੈ।

ਚਾਹੇ ਕਵੀ ਹਰੀ ਰਾਮ ਵਿਆਸ ਹੋਵੇ, ਜਾਂ ਕਾਲੀਦਾਸ ਹੋਵੇ। ਇਹੀ ਕਾਰਨ ਹੈ ਕਿ ਇਨ੍ਹਾਂ ਕਵੀਆਂ ਨੇ ਘੁੰਡ ਨੂੰ ਇਕ ਸੁੰਦਰਤਾ ਦੇ ਪ੍ਰਤੀਕ ਵਜੋਂ ਪੇਸ਼ ਕੀਤਾ ਹੈ।

## ਅਗਾਂਹ-ਵਧੂ ਸਮਾਜ

ਅਗਾਂਹ-ਵਧੂ ਆਧੁਨਿਕ ਸਮਾਜ ਅੰਦਰ, ਇਸਤਰੀਆਂ ਨੇ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਹੋ ਕੇ ਆਪਣੇ ਹੱਕਾਂ ਪ੍ਰਤੀ ਸੰਘਰਸ਼ ਕੀਤੇ ਹਨ। ਭੂਤ ਤੇ ਵਰਤਮਾਨ ਸਮੇਂ ਦੀਆਂ, ਦਮ ਘੁੱਟਣ ਵਾਲੀਆਂ, ਇਸਤਰੀ ਵਰਗ-ਵਿਰੋਧੀ ਪਰੰਪਰਾਵਾਂ ਤੋਂ ਛੁਟਕਾਰਾ ਪਾਉਣ ਲਈ ਅਤੇ ਨਵੀਆਂ ਪਰੰਪਰਾਵਾਂ ਨੂੰ ਬਣਾਉਣ ਤੇ ਅਪਨਾਉਣ ਲਈ ਵੀ ਅੱਜ ਸਾਡੇ ਸਾਹਮਣੇ ਅਗਾਂਹ-ਵਧੂ ਇਸਤਰੀਆਂ ਦੀਆਂ ਮਿਸਾਲਾਂ ਹਨ ? ਜਿਨ੍ਹਾਂ ਨੇ ਆਪਣੀਆਂ ਇਨਕਲਾਬੀ ਪਰੰਪਰਾਵਾਂ ਰਾਹੀਂ ਸਮਾਜ ਅੰਦਰ ਇਸਤਰੀ ਵਰਗ ਨੂੰ ਬਰਬਰਤਾ ਦੇਣ ਲਈ ਉਹ, ਉਨ੍ਹਾਂ ਸਥਾਨਾਂ ਤੇ ਪਹੁੰਚੀਆਂ, ਜਿੱਥੇ ਬਹੁਤ ਹੀ ਘੱਟ ਉਮੀਦ ਰੱਖੀ ਜਾਂਦੀ ਸੀ। ਇਸ ਦੀ ਮਿਸਾਲ ਸਾਡੇ ਸਾਹਮਣੇ ਪੇਸ਼ ਹੈ।

## ਅਨੋਖੀ ਮਿਸਾਲ

ਇਕ ਖ਼ਬਰ ਮੁਤਾਬਿਕ ਪਿਛਲੇ ਸਾਲ ਕੇਰਲ ਦੀ ਹਿਜ਼ਾਬ ਪਾਉਣ ਵਾਲੀ, ਬਹਾਦਰ ਤੇ ਦਲੇਰਾਨਾ ਇਸਤਰੀ ‘ਬਾਡੀ-ਬਿਲਡਰ ਮਜ਼ੀਜ਼ੀਆ-ਭਾਨੂੰ ਨਾਂ ਸਿਰਫ਼ ਹਿਜ਼ਾਬ ਪਾ ਕੇ ਰਿੰਗ ਵਿਚ ਉੱਤਰੀ, ਬਲਕਿ ਬਾਡੀ ਬਿਲਡਰ ਚੈਂਪੀਅਨ ਪ੍ਰਤਿਯੋਗਤਾ ਵਿਚ ਹਿੱਸਾ ਲਿਆ ਅਤੇ ਜਿੱਤ ਵੀ ਪ੍ਰਾਪਤ ਕੀਤੀ। ਇੱਥੇ ਹੀ ਬਸ ਨਹੀ ? ਬ੍ਰਿਟਿਸ਼ ਦੀ ਸੁੰਦਰਤਾ ਦੀ ਬਲਾਗਰ ਅਤੇ ਮਾਡਲ ਅਮੀਨਾ ਖਾਨ ਨੇ ਵੀ ਅਪਾਣੀਆਂ ਪਰੰਪਰਾਵਾਂ ਨੂੰ ਕਾਇਮ ਰੱਖਦਿਆਂ ਇਕ ਅਨੋਖੀ ਮਿਸਾਲ ਪੇਸ਼ ਕੀਤੀ। 2018 ’ਚ ਉਸ ਨੇ ਫਰਾਂਸੀਸੀ ਸੁੰਦਰਤਾ ਪ੍ਰਸਥਾਨ ਕੰਪਨੀ ਲਾਰਿਆਲ ਦੇ ਵਿਗਿਆਪਨ ਦੇ ਲਈ ਹਿਜ਼ਾਬ ਪਾਉਣ ਵਾਲੀ ਪਹਿਲੀ ਇਸਤਰੀ ਮਾਡਲ ਦੇ ਤੌਰ ’ਤੇ ਚੁਣੀ ਗਈ ? ਇਹੋ ਜਿਹੀ ਹੀ ਇਕ ਹੋਰ ਮਿਸਾਲ ਅਮਰੀਕੀ ਮਾਡਲ ਹਲੀਮਾਅਡੇਨ ਨੇ ਅਮਰੀਕਾ ਪੱਤਿਰਕਾ ਸਪੋਰਟਸ ਇਲੈਸਟਰਡ ਦੇ ਲਈ ਹਿਜ਼ਾਬ, ਬੁਕਰੀਨੀ ਪਾਉਣ ਵਾਲੀ ਮਾਡਲ ਬਣ ਕੇ ਇਕ ਇਤਿਹਾਸ ਸਿਰਜ ਦਿੱਤਾ ? ਇਸੇ ਤਰ੍ਹਾਂ ਪਿਛਲੇ ਸਾਲ ਅਮਰੀਕਾ ਵਿਚ ਹੋਈਆਂ ਮੱਧਕਾਲੀ ਚੋਣਾਂ ਵਿਚ ਜਿੱਤਣ ਵਾਲੀ ਇਲਹਾਨ ਨੇ ਹਿਜ਼ਾਬ ਪਾ ਕੇ ਸੌਂਹ ਚੁੱਕਣ ਵਾਲੀ ਪਹਿਲੀ ਮੁਸਲਿਮ ਇਸਤਰੀ ਬਣ ਕੇ ਇਤਿਹਾਸ ਰਚਿਆ। ਜਿਸ ਦੀ ਚਰਚਾ ਅੱਜ ਤੱਕ ਹੁੰਦੀ ਹੈ।

ਬੁੰਦੇਲਖੰਡ ਦੇ ਮੁਸਕਰਾ ਇਲਾਕੇ ਦੇ ਲੋਦੀਪੁਰ ਨਿਵਾਦਾ ਪਿੰਡ ਘੁੰਡ ਵਾਲੀਆਂ ਔਰਤਾਂ ਦੀ ਕੁਸ਼ਤੀ ਲਈ ਹੀ ਪ੍ਰਸਿੱਧ ਹੈ। ਰੱਖੜੀ ਤੋਂ ਇਕ ਦਿਨ ਬਾਅਦ ਹੋਣ ਵਾਲੀ ਕੁਸ਼ਤੀ ਦੇ ਆਯੋਜਨ ਵਿਚ ਸੈਂਕੜਿਆਂ ਦੀ ਗਿਣਤੀ ਵਿਚ ਇਸਤਰੀਆਂ ਘੁੰਡ ਕੱਢ ਕੇ ਅਖਾੜੇ ਵਿਚ ਉਤਰਦੀਆਂ ਹਨ। ਸਾਨੂੰ ਇਸ ਦਾ ਇਤਿਹਾਸਕ ਪਿਛੋਕੜ ਵੀ ਦੇਖਣਾ ਪਏਗਾ ? ਦਰ-ਅਸਲ ਅਗਰੇਜ਼ੀ ਰਾਜ ਸਮੇਂ, ਇਸ ਰਸਮ ਘੁੰਡ, ਬੁਰਕਾ ਹਿਜ਼ਾਬ ਦੀ ਸ਼ੁਰੂਆਤ ਅੰਗਰੇਜ਼ ਫ਼ੌਜ ਦੇ ਖਿਲਾਫ਼ ਇਸਤਰੀਆਂ ਨੂੰ ਲੜਨ ਦੇ ਲਈ ਤਿਆਰ ਕਰਨ ਲਈ ਹੀ ਕੀਤੀ ਗਈ ਸੀ ! ਪ੍ਰੰਤੂ ਇਹ ਰਸਮ ਅੱਜ ਵੀ 21ਵੀਂ ਸਦੀ ਵਿਚ ਵੀ, ਇਸਤਰੀ ਦੇ ਸਸ਼ਤਰੀਕਰਨ ਦੇ ਲਈ ਇਕ ਲਾ-ਮਿਸਾਲ, ਅਹਿਮ ਉਦਾਹਰਣ ਦੇ ਤੌਰ ’ਤੇ ਜਾਰੀ ਹੈ। ਇਹੋ ਜਿਹੀ ਹੀ ਇਕ ਬਹਾਦਰੀ ਦੀ ਮਿਸਾਲ ਸਾਡੇ ਸਾਹਮਣੇ ਹੈ ਭੂਪਾਲ ਵਿਚ ਬੁਰਕੇ ਤੇ ਹਿਜ਼ਾਬ ਦੇ ਵਿਚ ਹੀ ਇਸਤਰੀਆਂ ਵੱਲੋਂ ਜਿੰਮ ਵਿਚ ਜਾ ਕੇ ਕਸਰਤ ਕਰਨ ਦੀ ਹੈ। ਮੁਸਲਿਮ ਸਮਾਜ ਦੀਆਂ ਇਹੋ ਜਿਹੀਆਂ ਪ੍ਰਗਤੀਸ਼ੀਲ, ਅਗਾਂਹ-ਵਧੂ ਇਸਤਰੀਆਂ ਨੂੰ ਆਪਣੇ-ਆਪ ਨੂੰ ਫਿੱਟ ਰੱਖਣ ਲਈ ਪਰਦਾ ਉਨ੍ਹਾਂ ਲਈ ਕੋਈ ਬੰਦਿਸ਼ ਨਹੀਂ ਹੈ?

## ਅਧਿਕਾਰਾਂ ਦਾ ਹਨਨ

ਪਰਦਾ, ਹਿਜ਼ਾਬ, ਬੁਰਕਾ, ਘੁੰਡ ਆਦਿ ਕਿਸੇ ਧਰਮ, ਆਸਥਾ ਅਧੀਨ ਇਕ ਬੰਦਿਸ਼ ਵਜੋਂ ਜੋ ਗ਼ੁਲਾਮੀ, ਔਰਤਾਂ ਦੇ ਦੂਸਰੇ ਦਰਜੇ ਦੀ ਨਾਗਰਿਕ ਲਈ ਅਤੇ ਹੀਨ ਬਣਾਉਣ ਲਈ ਇਕ ਚਿੰਨ੍ਹ ਬਣੇ ? ਉਹ ਔਰਤਾਂ ਦੇ ਅਧਿਕਾਰਾਂ ਦਾ ਹਨਨ ਹੈ ? ਇਸਤਰੀ ਦੀ ਆਪਣੀ ਸ਼ਖ਼ਸੀ-ਅਜ਼ਾਦੀ, ਉਸ ਨੂੰ ਮਰਦ ਦੇ ਬਰਾਬਰਤਾ ਦੇ ਅਧਿਕਾਰਾਂ ਅਤੇ ਸਮਾਜ ਅੰਦਰ ਇਕ ਮੁਕੰਮਲ ਨਾਗਰਿਕ ਵੱਲੋਂ ਉਸ ਦੇ ਹੱਕਾਂ ਤੇ ਕੋਈ ਰੋਕ ਨਾ ਲਾਵੇ ? ਉਹੀ ਰਿਵਾਜ, ਪਰੰਪਰਤਾ ਅਤੇ ਪ੍ਰਥਾ, ਰਿਵਾਜ ਨੂੰ ਹੰਢਣਸਾਰ ਕਿਹਾ ਜਾ ਸਕਦਾ ਹੈ। ਪਰ ਜੋ ਰੀਤੀ-ਰਿਵਾਜ ਉਸ ਦੇ ਹੱਕਾਂ, ਅਜ਼ਾਦੀ ਅਤੇ ਵਿਚਰਨ ’ਚ ਰੋਕਾਂ ਪੈਦਾ ਕਰੇ, ਇਸਤਰੀ ਨੂੰ ਹੀਣ ਭਾਵਨਾ ਦੇ ਪ੍ਰਭਾਵ ਹੇਠ ਲਿਆਵੇ, ਉਹ ਰੀਤੀ-ਰਿਵਾਜ ਕਦੀ ਵੀ ਮੰਨਣਯੋਗ ਨਹੀਂ ਹਨ। ਸਮਾਜ ਅੰਦਰ ਇਸਤਰੀ ਦੀ ਬਰਾਬਰਤਾ ਲਈ ਬਹੁਤ ਸਾਰੀਆਂ ਉਹ ਰੋਕਾਂ ਜੋ ਸਾਮੰਤਵਾਦ ਤੋਂ ਚੱਲ ਕੇ ਪੂੰਜੀਵਾਦ ਨੇ ਆਪਣੇ ਹਿੱਤ ਲਈ ਖੜ੍ਹੀਆਂ ਕੀਤੀਆਂ ਹਨ ਉਹ ਜ਼ਰ-ਜ਼ਰ ਕਰ ਕੇ ਹੌਲੀ-ਹੌਲੀ ਖ਼ਤਮ ਤਾਂ ਹੋਣਗੀਆਂ ।

## ਬਰਾਬਰੀ ਦੇ ਸਿਧਾਂਤ

ਲਿੰਗਕ ਬਰਾਬਰੀ ਦੇ ਸਿਧਾਂਤ ਅਤੇ ਸਮਾਜਿਕ ਨਿਆਂ ਅਧੀਨ ਇਸਤਰੀ-ਵਰਗ ਨੂੰ ਮਰਦ ਦੇ ਬਰਾਬਰ, ਹਰ ਤਰ੍ਹਾਂ ਦੇ ਅਧਿਕਾਰ ਦੇਣ, ਪਿਛਾਂਹ-ਖਿਚੂ, ਫਿਰਕੂ ਅਤੇ ਹਨੇਰ ਬਿਰਤੀ-ਵਾਦੀ ਪ੍ਰਭਾਵਾਂ ਨੂੰ ਰੋਕਣ ਤੇ ਲੋਕ ਕਲਾਵਾਂ ਅਤੇ ਪਰੰਪਰਾਵਾਂ ਨੂੰ ਪ੍ਰਫੁਲਤ ਕਰਨਾ ਚਾਹੀਦਾ ਹੈ।

ਧਾਰਮਿਕ-ਵਿਸ਼ਵਾਸਾਂ ਅਤੇ ਪ੍ਰੰਪਰਾਵਾਂ ਦੇ ਕਿਸੇ ਵੀ ਪਰਦੇ ਅੰਦਰ ਇਸਤਰੀਆਂ ਦੇ ਜਨ ਸਮੂਹਾਂ ਵਿਚ ਘੱਸੇ-ਪਿੱਟੇ ਜਾਗੀਰੂ ਸੰਸਕਰਨਾਂ ਰਾਹੀਂ ਇਸਤਰੀਆਂ ਦੀ ਬਰਾਬਰਤਾ ਦਾ ਦਰਜਾ ਘਟਾਉਣ ਅਤੇ ਉਸ ਦੇ ਨਾਗਰਿਕ ਅਧਿਕਾਰਾਂ ਨੂੰ ਦੋਹਾਂ ਪਾਸਿਆਂ ਤੋਂ ਨਿਸ਼ਾਨਾ ਬਣਾਉਣ ਦੀ ਕਿਸੇ ਤਰ੍ਹਾਂ ਦੀ ਕੋਸ਼ਿਸ਼ ਕਦੀ ਵੀ ਨਾ ਪ੍ਰਵਾਨ ਅਤੇ ਨਾ ਹੀ ਲਾਗੂ ਕਰਨ ਦੀ ਆਗਿਆ ਦਿੱਤੀ ਜਾਵੇਗੀ। ਉਹ ਕੋਈ ਵੀ ਕਾਰਵਾਈ, ਸੋਚ ਅਤੇ ਆਡੰਬਰ, ਜਿਹੜਾ ਵੀ ਇਸਤਰੀ ਦੀ ਮਾਣ-ਮਰਿਆਦਾ, ਰੁਤਬੇ ਅਤੇ ਉਸ ਦੇ ਹੱਕਾਂ ਨੂੰ ਆਂਚ ਪਹੁੰਚਾਵੇ, ਸਮਾਜਿਕ ਤੌਰ ’ਤੇ ਪ੍ਰਵਾਨ ਨਹੀ ਹੋਣੇ ਚਾਹੀਦੇ। •



### ਚੁੰਨੀ ਲੈਣਾ ਜਾਂ ਪਰਦਾ ਕਰਨਾ

*ਪਾਕਿਸਤਾਨ ਦੀ ਸਾਬਕਾ ਵਿਦੇਸ਼-ਮੰਤਰੀ ਹਿਨਾ-ਰਬਾਨੀ-ਖਾਰ ਹੋਵੇ ਜਾਂ ਫਿਲਮਾਂ ’ਚ ਕੰਮ ਕਰਨ ਵਾਲੀਆਂ ਹਸਤੀਆਂ ਹੋਣ, ਇਸਾਈ, ਸਿੱਖ, ਹਿੰਦੂ ਧਰਮ ਦੀਆਂ ਲੜਕੀਆਂ ਵੀ ਵਿਆਹਾਂ ਤੇ ਹੋਰ ਖ਼ਾਸ ਸਮਿਆਂ ਉੱਪਰ ਸਿਰ ’ਤੇ ਚੁੰਨੀ ਲੈ ਕੇ ਸਮਾਜ ਵਿਚ ਇਕ ਇੱਜ਼ਤਵਾਨ ਵਾਲੀ ਨਜ਼ਰ ਆਉਣ ਵਾਲੀ ਦੇ ਰੂਪ ਵਿਚ ਪਰਦੇ ਦੇ ਰੂਪ ਵਿਚ ਉਹ ਵਿਚਰੀਆਂ ਤੇ 21ਵੀਂ ਸਦੀ ਵਿਚ ਵੀ ਵਿਚਰ ਰਹੀਆਂ ਹਨ। ਭਾਵੇਂ ਇਸ ਤਰ੍ਹਾਂ ਕਰਨਾ, ਇਸ ਪ੍ਰਥਾ ਨੂੰ ਪੂਰੀ ਤਰ੍ਹਾਂ ਇਕ ਦਬਾਓ, ਜਾਂ ਪੱਛੜੇਪਨ ਨਾਲ ਜੋੜ ਕੇ ਨਹੀਂ ਦੇਖਿਆ ਜਾ ਸਕਦਾ ਹੈ ? ਕਿਉਂਕਿ, ਪੂਰੀ ਤਰ੍ਹਾਂ ਇਸ ਪਰੰਪਰਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਹੈ। ਅੱਜ ਵੀ ਮੱਧ-ਵਰਗੀ ਤੇ ਛੋਟੇ ਤਬਕੇ ਵਿਚ ਰਹਿ ਰਹੀਆਂ ਇਸਤਰੀਆਂ ਅੰਦਰ ਪਰਦੇ ਦਾ ਰਿਵਾਜ, ਇਸਤਰੀਆਂ ਉੱਪਰ ਜ਼ਬਰਦਸਤੀ ਨਾਲ ਪਾਲਣ ਕਰਨ ਦਾ ਹੁਕਮ ਬਣਿਆ ਹੋਇਆ ਹੈ। ਜੋ ਬਹੁਤ ਵਾਰੀ, ਅਗਿਆਨਤਾ ਅਤੇ ਪੱਛੜੇਪਨ ਕਰਕੇ ਹੁੰਦਾ ਹੈ। ਪੜਦੇ ਦੇ ਹੱਕ ਤੇ ਵਿਰੋਧ ਦੀ ਬਹਿਸ ਵਿਚ ਇਹ ਸਵਾਲ ਜ਼ਰੂਰ ਉੱਠਦਾ ਹੈ ਕਿ ਕੀ ਇਸਤਰੀਆਂ ਨੂੰ ਇਸ ਮਾਮਲੇ ਵਿਚ ਆਪਣੀ ਮਰਜ਼ੀ ਕਰਨ ਜਾਂ ਜਾਨਣ ਦਾ ਫ਼ੈਸਲਾ ਨਹੀਂ ਦਿੱਤਾ ਜਾਣਾ ਚਾਹੀਦਾ ਹੈ ? ਇਸਤਰੀਆਂ ਲਈ ਚਿਹਰਾ ਢੱਕਣ ਦਾ ਰਿਵਾਜ ਪੁਰਾਣਾ ਹੈ ? ਇਹ ਧਾਰਨਾ ਬਿਲਕੁਲ ਗ਼ਲਤ ਹੈ ਕਿ ਪਰਦੇ ਦਾ ਰਿਵਾਜ (ਪਰੰਪਰਾ) ਮੁਗ਼ਲਾਂ ਦੇ ਰਾਜ ਸਮੇਂ ਤੋਂ ਸ਼ੁਰੂ ਹੋਇਆ ਸੀ। ਇਸ ਗੱਲ ਨੂੰ ਵੀ ਨਜ਼ਰ ਅੰਦਾਜ਼ ਨਹੀਂ ਕੀਤਾ ਜਾ ਸਕਦਾ ਕਿ ਕੁਝ ਰਾਜਿਆਂ ਤੇ ਹਾਕਮਾਂ ਨੇ ਇਸ ਰਿਵਾਜ ਨੂੰ ਸਖ਼ਤੀ ਨਾਲ ਲਾਗੂ ਕਰਵਾਇਆ ਅਤੇ ਇਸਲਾਮ ਅਤੇ ਸੰਸਕ੍ਰਿਤੀ ਦੇ ਪ੍ਰਭਾਵ ਸਵਰੂਪ ਸ਼ਿਰਾਇਤ ਪਰਦੇ ਦੀ ਪ੍ਰਥਾ ਨੂੰ ਹੋਰ ਵੀ ਹਲਾਸ਼ੇਰੀ ਦਿੱਤੀ ਜਦ ਕਿ ਰਜ਼ੀਆ ਸੁਲਤਾਨਾ ਜਿਹੀ ਇਸਤਰੀ ਨੇ ਬਿਨਾਂ ਪਰਦਾ ਸ਼ਾਸ਼ਨ ਚਲਾਇਆ ਤੇ ਇਕ ਚੁਣੌਤੀ ਵੀ ਪੇਸ਼ ਕੀਤੀ। ਉੱਥੇ ਹੀ ਨੂਰ-ਜਹਾਂ ਨੇ ਵੀ ਪਰਦੇ ਤੋਂ ਬਿਨ੍ਹਾਂ ਆਪਣੇ ਪਤੀ ਦੇ ਨਾਲ, ਬਿਨ੍ਹਾਂ ਪਰਦੇ ਤੋਂ ਖੁਲ੍ਹੇ ਦਰਬਾਰ ਵਿਚ ਹਾਜ਼ਰ ਹੁੰਦੀ ਸੀ। ਪਹਿਲੀ ਸਦੀ ਤੋਂ ਪਹਿਲਾਂ ਵੇਜਾਟਾਈਨ ਸਾਮਰਾਜ (ਜਿਸ ਨੂੰ ਪੂਰਵ ਰੋਮਨ ਸਾਮਰਾਜ) ਵੀ ਕਿਹਾ ਜਾਂਦਾ ਸੀ। ਉਸ ਸਮੇਂ ਵੀ ਇਸਤਰੀਆਂ ਆਪਣੇ ਸਿਰ ਨੂੰ ਢੱਕ ਦੇ ਰੱਖਦੀਆਂ ਸਨ।*

ਨਵੇਂ ਲੇਖਕਾਂ ਨੂੰ ਨਜ਼ਰ ਵਿਚ ਰੱਖਦੇ ਹੋਏ ਅਸੀਂ ਇਹ ਕਾਲਮ 'ਸੋਨ ਸੁਨਹਿਰੀ ਕਲਮਾਂ' ਸ਼ੁਰੂ ਕੀਤਾ ਹੈ। ਇਸ ਵਿਚ ਲੇਖਕ ਦੇ ਜੀਵਨ ਦੀ ਸੰਖੇਪ ਜਾਣਕਾਰੀ ਦੇ ਨਾਲ ਉਸ ਦੀਆਂ ਰਚਨਾਵਾਂ ਵੀ ਪਾਠਕਾਂ ਦੇ ਰੂਬਰੂ ਕੀਤੀਆਂ ਜਾਂਦੀਆਂ ਹਨ।

## ਸੋਨ ਸੁਨਹਿਰੀ ਕਲਮਾਂ

# ਕਵਿਤਾਵਾਂ ਰਾਹੀਂ ਜਾਗਰੂਕ ਕਰਨ ਵਾਲੀ ਲੇਖਿਕਾ


ਸੁੱਖ ਘੁੰਮਣ
98777-10248

ਸੁੱਖ ਘੁੰਮਣ ਪੰਜਾਬੀ ਸਾਹਿਤ ਵਿਚ ਨਵੀਂ ਅਤੇ ਉੱਭਰਦੀ ਲੇਖਿਕਾ ਹੈ। ਜਿਸ ਨੇ ਕਵਿਤਾਵਾਂ, ਕਹਾਣੀਆਂ, ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਭਰੂਣ ਹੱਤਿਆ ਵਰਗੀਆਂ ਸਮਾਜਿਕ ਅਲਾਮਤਾਂ ਤੋਂ ਬਚਣ ਦਾ ਸਨੇਹਾ ਦਿੱਤਾ। ਉਂਝ ਤਾਂ ਉਸ ਦਾ ਪੂਰਾ ਨਾਂ ਸੁੱਖਪ੍ਰੀਤ ਕੌਰ ਘੁੰਮਣ ਹੈ। ਉਸ ਦਾ ਜਨਮ 27 ਅਕਤੂਬਰ 1997 ਨੂੰ ਪਿਤਾ ਹਰਦੇਵ ਸਿੰਘ ਅਤੇ ਮਾਤਾ ਰਣਜੀਤ ਕੌਰ ਦੇ ਘਰ ਜ਼ਿਲ੍ਹਾ ਬਠਿੰਡਾ 'ਚ ਵਸਦੇ ਪਿੰਡ ਘੁੰਮਣ ਕਲਾਂ ਵਿਖੇ ਹੋਇਆ। ਸੁੱਖ ਨੇ ਦਸਵੀਂ ਦੀ ਪੜ੍ਹਾਈ ਪਿੰਡ ਪੂਹਲੀ ਕਲਾਂ ਦੇ ਸਕੂਲ ਤੋਂ ਕੀਤੀ ਅਤੇ ਬਾਰ੍ਹਵੀਂ ਐੱਸਐੱਸ ਮਾਨ ਗਰਲਜ਼ ਸਕੂਲ ਤੋਂ ਕੀਤੀ। ਸੁੱਖ ਘੁੰਮਣ ਅੱਜ ਕੱਲ੍ਹ ਪਿੰਡ ਪੂਹਲੀ ਕਲਾਂ ਜ਼ਿਲਾ ਬਠਿੰਡਾ ਵਿਖੇ ਰਹਿ ਰਹੀ ਹੈ। ਉਸ ਨੇ ਬੀਏ ਦੀ ਪੜ੍ਹਾਈ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਤੋਂ ਕੀਤੀ। ਸੁੱਖ ਹੁਣ ਐੱਮਏ ਪੰਜਾਬੀ ਦਿ ਰੋਇਲ ਕਾਲਜ ਬੋੜਾਵਾਲ (ਮਾਨਸਾ) ਤੋਂ ਕਰ ਰਹੀ ਹੈ। ਆਉ, ਸੁੱਖ ਘੁੰਮਣ ਦੀਆਂ ਰਚਨਾ ਦਾ ਅਨੰਦ ਮਾਣਦੇ ਹਾਂ।

• ਹਰਮਨ ਸੂਫ਼ੀ ਲਹਿਰਾ

### ਕਵਿਤਾ

## ਖੋ ਲਏ ਪੁੱਤ

ਘਰ ਵਾਰ ਸਭ ਨੇ,
ਵਿਕਾਤੇ ਚਿੱਟੇ ਨੇ।
ਮਾਪਿਆ ਦੇ ਸਿਰੋਂ,
ਖੋ ਲਏ ਪੁੱਤ ਨੇ।
ਨਸ਼ਿਆਂ ਨੇ ਖਾ ਲਈ,
ਜਵਾਨੀ ਤੇਰੀ ਪੁੱਤਰਾ।
ਸਰੀਰ ਕਰ ਦਿੱਤੇ,
ਥੋਥੇ ਚਿੱਟੇ ਨੇ।
ਕੈਸੀ ਖੇਡ ਏ ਬਣਾਈ,
ਰੱਬਾ ਲੋਕਾਂ ਨੇ।
ਕਈ ਰਿਸ਼ਤੇ ਨੇ,
ਮਾਰੇ ਚਿੱਟੇ ਨੇ।
ਚਾਰ ਦਿਨ ਖ਼ੁਸ਼ੀ ਪਿੱਛੇ,
ਨਸ਼ੇ ਕਾਰਨ !
ਜ਼ਿੰਦਗੀ 'ਚੋ ਹੱਥ ਧੋਂਦੇ ਦੇਖੇ ਮੈਂ ।
ਨਸ਼ਿਆਂ ਦੀ ਲੱਤ ਪਿੱਛੇ ,
ਬਾਪ ਦੀ ਕਮਾਈ ਪੁੱਤਾ
ਚਿੱਟੇ ਵਿੱਚ ਰੋਲ 'ਤੀ।

ਸਾਡਾ ਪਤਾ ਹੈ–
ਸੰਪਾਦਕ, ਪੰਜਾਬੀ ਜਾਗਰਣ, ਸੀ–120, ਫੋਕਲ ਪੁਆਇੰਟ ਐਕਸਟੈਸ਼ਨ, ਇੰਡਸਟਰੀਅਲ ਏਰੀਆ, ਜਲੰਧਰ।
editormail@punjabi.jagran.com

## ਕੁਝ ਕੰਮ ਦੀਆਂ ਗੱਲਾਂ

- ਮੌਤ ਦਾ ਡਰ ਸਭ ਤੋਂ ਭਿਆਨਕ ਡਰ ਮੰਨਿਆ ਜਾਂਦਾ ਹੈ, ਜਦੋਂ ਇਹ ਡਰ ਖ਼ਤਮ ਫਿਰ ਬਾਕੀ ਡਰ ਵੀ ਖ਼ਤਮ ਹੋ ਜਾਂਦੇ ਹਨ ।
- ਸੋਚ ਬਦਲੇਗੀ ਤਾਂ ਕਰਮ ਬਦਲੇਗਾ, ਕਰਮ ਬਦਲੇਗਾ ਤਾਂ ਜ਼ਿੰਦਗੀ ਬਦਲੇਗੀ।
- ਜਦੋਂ ਸੁਖ-ਦੁੱਖ, ਹਾਨੀ- ਲਾਭ ,ਚੰਗਾ- ਬੁਰਾ, ਇੱਕੋ ਲੱਗਦਾ ਹੈ ਤਾਂ ਸੱਚ ਮੁੱਚ ਜ਼ਿੰਦਗੀ ਅਨੰਦਮਈ ਹੋ ਜਾਂਦੀ ਹੈ।
- ਤੁਸੀਂ ਜਿੰਨੀ ਮਿਹਨਤ ਅਤੇ ਵਿਸ਼ਵਾਸ ਨਾਲ ਕੰਮ ਕਰਾਂਗੇ ਫਲ ਵੀ ਓਨਾ ਹੀ ਬਿਹਤਰ ਅਤੇ ਮਿੱਠਾ ਹੋਵੇਗਾ।
- ਕੁਦਰਤ ਕੋਲ ਹਰ ਬੀਮਾਰੀ ਦਾ ਇਲਾਜ ਹੈ ਅਤੇ ਹਰ ਸਮੱਸਿਆ ਦਾ ਹੱਲ ।
- ਜਿਵੇਂ ਸਾਗਰ ਲਹਿਰਾਂ ਤੋਂ ਬਿਨਾਂ ਨਹੀਂ ਹੁੰਦਾ ਜ਼ਿੰਦਗੀ ਵੀ ਸੁੱਖ ਦੁੱਖ ਤਕਲੀਫਾਂ ਆਦਿ ਤੋਂ ਬਿਨਾਂ ਨਹੀਂ ਹੁੰਦੀ ।
- ਕੁਦਰਤ ਕੋਲ ਹਰ ਸਮੱਸਿਆ ਦਾ ਹੱਲ ਹੈ ।



# ਸੱਭਿਅਕ ਬਣਨ ਦੀ ਕੋਸ਼ਿਸ਼

ਦਵਿੰਦਰ ਕੌਰ

ਅਸੀਂ ਸਭ ਜਾਣਦੇ ਹਾਂ ਅੱਜ ਦਾ ਯੁੱਗ ਵਿਗਿਆਨ ਦਾ ਯੁੱਗ ਹੈ ਅਤੇ ਯੁੱਗ ਬਦਲਣ ਨਾਲ ਜ਼ਮਾਨਾ ਵੀ ਬਦਲ ਗਿਆ ਹੈ। ਜੀਵਨ ਵਿਚ ਅਸੀਂ ਬਹੁਤ ਤਰੱਕੀਆਂ ਕਰ ਲਈਆਂ ਹਨ। ਨਵੀਆਂ-ਨਵੀਆਂ ਦਵਾਈਆਂ ਨਾਲ ਕਈ ਮਾਰੂ ਬਿਮਾਰੀਆਂ 'ਤੇ ਵੀ ਹੁਣ ਕਾਬੂ ਪੈ ਗਿਆ ਹੈ। ਅਨਪੜ੍ਹਤਾ ਵੀ ਘੱਟ ਹੁੰਦੀ ਜਾ ਰਹੀ ਹੈ। ਸਾਨੂੰ ਜੀਵਨ ਜਿਊਣ ਦੀ ਸੋਝੀ ਆ ਗਈ ਹੈ। ਹੁਣ ਜ਼ਮਾਨੇ ਦੇ ਨਾਲ ਰਲਣ ਲਈ ਅਸੀਂ ਸਾਰੇ ਯਤਨ ਕਰਦੇ ਹਾਂ। ਕੋਈ ਵੀ ਇਨਸਾਨ ਖ਼ੁਦ ਨੂੰ ਨੀਵਾਂ ਨਹੀਂ ਦਿਖਾਉਣਾ ਚਾਹੁੰਦਾ। ਇਸੇ ਦੌੜ ਵਿਚ ਜੀਵਨ ਦਾ ਹਰ ਪੱਖ ਬਦਲ ਗਿਆ।

### ਪਹਿਰਾਵਾ ਅਤੇ ਸੁੰਦਰਤਾ

ਖਾਣ-ਪੀਣ, ਬੋਲਣ, ਬੈਠਣ-ਉੱਠਣ, ਪਹਿਰਾਵਾ ਅਤੇ ਸੁੰਦਰਤਾ ਦੇ ਪੱਖ ਤੋਂ ਲੋਕਾਂ ਵਿਚ ਕਾਫ਼ੀ ਜਾਗਰੂਕਤਾ ਆਈ ਹੈ ਤੇ ਸਾਰੇ ਢੰਗ ਬਦਲ ਗਏ ਹਨ ਪਰ ਇਨ੍ਹਾਂ ਬਦਲਦੇ ਹੋਏ ਢੰਗਾਂ ਨੇ ਕਿਤੇ ਨਾ ਕਿਤੇ ਸਾਡੀ ਸਿਹਤ, ਸੁੰਦਰਤਾ ਅਤੇ ਸਰੀਰ ਨਾਲ ਕਾਫ਼ੀ ਖਿਲਵਾੜ ਕੀਤਾ ਹੈ। ਸਾਡੀਆਂ ਆਦਤਾਂ ਵਿਚ ਘੁਟਣ ਜਿਹੀ ਸਮਾ ਗਈ ਹੈ। ਜ਼ਿੰਦਗੀ ਜਿਊਣ ਦੇ ਢੰਗ ਵੀ ਨਿਯਮਿਤ ਅਤੇ ਸੀਮਿਤ ਜਿਹੇ ਹੋ ਗਏ ਹਨ। ਖੁੱਲ੍ਹ ਕੇ ਹੱਸਣ ਨੂੰ ਹੁਣ ਅਸੱਭਿਅਕ ਮੰਨਿਆ ਜਾਂਦਾ ਹੈ ਪਰ ਬਿਮਾਰੀਆਂ ਦੂਰ ਕਰਨ ਲਈ ਖੁੱਲ੍ਹਾ ਹਾਸਾ ਜਾਂ ਤਾਂ ਯੋਗਾ ਕਲਾਸਾਂ ਦੇ ਵਿਚ ਮਿਲਦਾ ਹੈ ਜਾਂ ਸਪੈਸ਼ਲ ਕਸਰਤ ਹੀ ਬਣ ਗਿਆ ਹੈ। ਪਿੰਡਾਂ ਦੇ ਮਾਹੌਲ 'ਤੇ ਵੀ ਸ਼ਹਿਰੀ ਰੰਗ ਚੜ੍ਹਦਾ ਜਾਂਦਾ ਹੈ ਅਤੇ ਆਪਣਾ ਦੇਸੀਪਨ ਖ਼ਤਮ ਹੁੰਦਾ ਜਾ ਰਿਹਾ ਹੈ। ਆਧੁਨਿਕ ਬਣਨਾ ਵੀ ਜ਼ਰੂਰੀ ਹੈ ਪਰ ਆਪਣੀ ਅਸਲੀਅਤ ਤੋਂ ਦੂਰ ਭੱਜਣਾ ਸਾਨੂੰ ਮਹਿੰਗਾ ਪੈਂਦਾ ਹੈ। ਜੀਵਨ ਜਾਚ ਵਿਚ ਬਹੁਤ ਕੁਝ ਬਦਲ ਚੁੱਕਾ ਹੈ ਜਿਸ ਨੇ ਹਰ ਆਦਮੀ ਦੀ ਸਿਹਤ, ਮਨ, ਦਿਮਾਗ਼, ਸਾਦਗੀ, ਭੋਲਾਪਨ ਅਤੇ ਕੁਦਰਤੀ ਸੁੰਦਰਤਾ ਨੂੰ ਪ੍ਰਭਾਵਿਤ ਕੀਤਾ ਹੈ।

### ਪੁਰਾਣੀਆਂ ਖ਼ੁਰਾਕਾਂ

ਪਹਿਲਾਂ ਲੋਕ ਦੇਸੀ ਖ਼ੁਰਾਕਾਂ ਖਾਂਦੇ ਸਨ। ਖਾਣ-ਪੀਣ ਦਾ ਸਮਾਂ ਵੀ ਸਹੀ ਅਤੇ ਬੱਝਵਾਂ ਹੁੰਦਾ ਸੀ। ਉਹ ਸੂਰਜ ਰਹਿੰਦਿਆਂ ਖਾਣਾ ਖਾ ਲੈਂਦੇ ਸਨ। ਹੋਰ ਵੀ ਸਾਰੇ ਭੋਜਨ ਪਦਾਰਥ ਘਰੇਲੂ ਅਤੇ ਪੌਸ਼ਟਿਕ ਹੁੰਦੇ ਸਨ। ਸਭ ਕੁਝ ਖਾ ਪੀ ਕੇ ਵੀ ਇੰਨੀਆਂ ਬਿਮਾਰੀਆਂ ਨਹੀਂ ਸਨ ਜਿੰਨੀਆਂ ਅੱਜ ਕੱਲ੍ਹ ਹਨ ਪਰ ਹੁਣ ਵੰਨ-ਸੁਵੰਨੇ ਮਸਾਲੇਦਾਰ ਅਤੇ ਚਟਪਟੇ ਭੋਜਨ ਅਤੇ ਜੰਕ-ਫ਼ੂਡ ਤੇ ਹੋਰ ਪੀਣ ਵਾਲੇ ਬਣਾਵਟੀ ਪਦਾਰਥ ਚੱਲ ਪਏ ਹਨ ਜੋ ਸਿੱਧੇ ਤੌਰ 'ਤੇ ਬਿਮਾਰੀਆਂ ਨੂੰ ਸੱਦਾ ਦੇਣਾ ਹੈ। ਦੁੱਧ-ਲੱਸੀ ਦੀ ਥਾਂ ਹੁਣ ਕੋਲਡਰਿੰਕ ਨੇ ਲੈ ਲਈ ਤੇ ਪੁਰਾਣੀਆਂ ਖ਼ੁਰਾਕਾਂ ਕਿਸੇ ਦੇ ਹਜ਼ਮ ਨਹੀਂ ਹੁੰਦੀਆਂ।





### ਖੁੱਲ੍ਹ ਕੇ ਵਿਚਾਰ ਪ੍ਰਗਟ ਕਰਨਾ

ਪਹਿਲਾਂ ਲੋਕ ਸਾਦਗੀ ਭਰਪੂਰ ਆਪਣੇ ਦਿਲ ਦੇ ਵਿਚਾਰ ਖੁੱਲ੍ਹ ਕੇ ਪ੍ਰਗਟ ਕਰਦੇ ਸਨ। ਕੁਝ ਕਹਿ ਲੈਂਦੇ ਸਨ ਤੇ ਕੁਝ ਸੁਣ ਲੈਂਦੇ ਸਨ ਪਰ ਹੁਣ ਅਸੀਂ ਸੱਭਿਅਕ ਬਣਨ ਦੀ ਕੋਸ਼ਿਸ਼ ਕਰਦੇ-ਕਰਦੇ ਵਿਚਾਰਾਂ ਅਤੇ ਹਾਵ-ਭਾਵ ਨੂੰ ਦਬਾ ਕੇ ਰਸਮੀ ਤੌਰ 'ਤੇ ਬੋਲਣ ਲੱਗ ਗਏ ਹਾਂ ਕਿ ਕਿਸੇ ਨੂੰ ਬੁਰਾ ਨਾ ਲੱਗੇ। ਜਿਸ ਨਾਲ ਅਸੀਂ ਮਾਨਸਿਕ ਤੌਰ 'ਤੇ ਬਿਮਾਰ ਹੁੰਦੇ ਜਾ ਰਹੇ ਹਾਂ ਅਤੇ ਵਿਚਾਰਾਂ ਦਾ ਤਾਣਾ-ਬਾਣਾ ਦਿਮਾਗ਼ ਦੇ ਅੰਦਰ ਹੀ ਉਲਝਿਆ ਰਹਿੰਦਾ ਹੈ ਜੋ ਸੁਭਾਅ ਨੂੰ ਚਿੜਚਿੜਾ ਬਣਾਉਂਦਾ ਹੈ।

### ਮਾਪਦੰਡ

ਬੋਲਣ-ਚੱਲਣ ਦੇ ਵਾਂਗ ਹੁਣ ਬੈਠਣਾ-ਉਠਣਾ ਵੀ ਸੱਭਿਅਕ ਰੂਪ ਦੇ ਮਾਪਦੰਡ ਮਾਪਦਾ ਰਹਿੰਦਾ ਹੈ। ਰਸਮੀ ਤੌਰ 'ਤੇ ਬੈਠਣਾ, ਉੱਠਣਾ ਜਾਂ ਤੁਰਣਾ ਵੀ ਸਾਡੇ ਸਰੀਰ 'ਤੇ ਕਾਫ਼ੀ ਪ੍ਰਭਾਵ ਪਾਉਂਦਾ ਹੈ। ਪਹਿਲਾਂ ਲੋਕ ਖੁੱਲ੍ਹ ਕੇ ਮਨਮਰਜ਼ੀ ਨਾਲ ਆਪਣੇ ਆਪ ਨੂੰ ਸੁਖਾਵਾਂ ਕਰ ਕੇ ਬਹਿੰਦੇ ਉੱਠਦੇ ਅਤੇ ਚਲਦੇ ਸਨ। ਹੁਣ ਜੋ ਤਬਦੀਲੀ ਆਈ ਹੈ ਉਸ ਅਨੁਸਾਰ ਲੋੜ ਤੋਂ ਵੱਧ ਰਸਮੀਪਨ ਸਰੀਰ ਨੂੰ ਤਕਲੀਫ਼ ਦਿੰਦਾ ਹੈ। ਅਸੀਂ ਇਸ ਚਿੰਤਾ ਵਿਚ ਹੀ ਰਹਿੰਦੇ ਹਾਂ ਕਿ ਵੇਖਣ ਵਾਲੇ ਨੂੰ ਕਿਵੇਂ ਲੱਗੇਗਾ।

### ਆਧੁਨਿਕ ਯੁੱਗ

ਪੁਰਾਣੇ ਸਮੇਂ ਅਤੇ ਆਧੁਨਿਕ ਯੁੱਗ ਦੇ ਪਹਿਰਾਵੇ ਵਿਚ ਹੁਣ ਬਹੁਤ ਫ਼ਰਕ ਆ ਗਿਆ ਹੈ। ਸਮੇਂ ਦੇ ਹਾਣੀ ਹੋਣ ਦੇ ਨਾਤੇ ਸਾਨੂੰ ਆਪਣਾ ਪਹਿਰਾਵਾ ਬਦਲਣਾ ਚਾਹੀਦਾ ਹੈ ਅਤੇ ਵਧੀਆ ਦਿੱਖ ਹੋਣੀ ਜ਼ਰੂਰੀ ਹੈ ਪਰ ਜੇਕਰ ਉਹ ਸਰੀਰ ਨੂੰ ਤਕਲੀਫ਼ ਜਾਂ ਘੁਟਣ ਦਿੰਦਾ ਹੈ ਤਾਂ ਅਸੀਂ ਅਜਿਹੇ ਅਣਸੁਖਾਵੇਂ ਪਹਿਰਾਵੇ ਤੋਂ ਪਰਹੇਜ਼ ਵੀ ਕਰ ਸਕਦੇ ਹਾਂ। ਜ਼ਿਆਦਾ ਘੁਟਵੇ ਜਾਂ ਅਣਸੁਖਾਵੇ ਕੱਪੜੇ ਸਾਡੇ ਸਰੀਰ ਦੇ ਨਾਲ-ਨਾਲ ਸਾਡੇ ਸੁਭਾਅ ਨੂੰ ਵੀ ਖ਼ਰਾਬ ਕਰਦੇ ਹਨ।

### ਬਣਾਵਟੀ ਸੁੰਦਰਤਾ

ਅੱਜ ਦੇ ਜ਼ਮਾਨੇ ਵਿਚ ਹਰ ਇਨਸਾਨ ਬਣਾਵਟੀ ਸੁੰਦਰਤਾ ਦੀ ਦੌੜ ਵਿਚ ਲੱਗਾ ਹੋਇਆ ਹੈ ਜਿਸ ਦੇ ਥੱਲੇ ਸਾਡਾ ਅਸਲੀ ਚਿਹਰਾ ਗੁੰਮ ਹੋ ਗਿਆ ਹੈ। ਅੱਜ ਦਾ ਯੁੱਗ ਫ਼ੈਸ਼ਨ ਦਾ ਯੁੱਗ ਹੈ। ਹਰ ਕੋਈ ਮਾਡਰਨ ਬਣ ਕੇ ਰਹਿਣਾ ਚਾਹੁੰਦਾ ਹੈ। ਕਈ ਵਾਰ ਸਾਦੇ ਬੰਦੇ ਨੂੰ ਜ਼ਮਾਨਾ ਪੱਛੜਿਆ ਹੋਇਆ ਵੀ ਸਮਝਦਾ ਹੈ। ਹਰ ਇਨਸਾਨ ਬਣਾਵਟੀ ਸੁੰਦਰਤਾ ਦੇ ਜਾਲ਼ ਵਿਚ ਫ਼ਸ ਕੇ ਮਜਬੂਰ ਹੋ ਚੁੱਕਾ ਹੈ। ਇਸ ਦਾ ਪ੍ਰਭਾਵ ਇਹ ਪੈਂਦਾ ਹੈ ਕਿ ਸੁੰਦਰਤਾ ਜਾਂ ਮੇਕਅੱਪ ਦੀਆਂ ਸਭ ਚੀਜ਼ਾਂ ਕਈ ਪ੍ਰਕਾਰ ਦੇ ਕਾਸਮੈਟਿਕਸ ਸਾਨੂੰ ਖ਼ੂਬਸੂਰਤ ਬਣਾ ਦਿੰਦੀਆਂ ਹਨ ਪਰ ਉਸ ਦਾ ਸਾਡੀ ਚਮੜੀ ਤੇ ਬੁਰਾ ਪ੍ਰਭਾਵ ਪੈਂਦਾ ਹੈ ਜਿਸ ਨਾਲ ਅਸੀਂ ਆਪਣੀ ਕੁਦਰਤੀ ਸੁੰਦਰਤਾ ਵੀ ਹੌਲੀ-ਹੌਲੀ ਗਵਾ ਬੈਠਦੇ ਹਾਂ ਅਤੇ ਸਾਡੇ ਚਿਹਰੇ ਮੁਰਝਾ ਜਾਂਦੇ ਹਨ। ਪੁਰਾਣੇ ਸਮਿਆਂ ਵਿਚ ਲੋਕਾਂ ਕੋਲ ਘਰੇਲੂ ਨੁਸਖੇ ਹੁੰਦੇ ਸਨ ਜਿਸ ਨਾਲ ਚਿਹਰੇ 'ਤੇ ਰੌਣਕ ਬਣੀ ਰਹਿੰਦੀ ਸੀ।

### ਅਜੋਕੀ ਪੀੜ੍ਹੀ

ਹੁਣ ਨੌਜਵਾਨ ਵਰਗ ਦਾ ਸਾਰਾ ਧਿਆਨ ਵਾਲਾਂ ਨੇ ਖਿਚਿਆ ਹੋਇਆ ਹੈ। ਤਰ੍ਹਾਂ-ਤਰ੍ਹਾਂ ਦੇ ਵਾਲਾਂ ਦੇ ਡਿਜ਼ਾਇਨ ਅਤੇ ਰੰਗ ਅਜੋਕੀ ਪੀੜ੍ਹੀ ਨੂੰ ਆਕਰਸ਼ਿਤ ਤਾਂ ਕਰਦੇ ਹਨ ਪਰ ਇਸ ਦੇ ਪ੍ਰਭਾਵ ਬਹੁਤ ਨੁਕਸਾਨਦਾਇਕ ਹਨ ਜੋ ਸਰੀਰਕ ਅਤੇ ਮਾਨਸਿਕ ਪੱਖ ਤੋਂ ਵਿਨਾਸ਼ ਕਰਦੇ ਹਨ। ਉਮਰ ਤੋਂ ਪਹਿਲਾਂ ਵਾਲ ਕਮਜ਼ੋਰ ਹੋ ਜਾਂਦੇ ਨੇ ਤੇ ਦਿਮਾਗ਼ ਵਾਲ ਸਵਾਰਨ ਵਿਚ ਲੱਗਿਆ ਹੋਣ ਕਾਰਨ ਬੰਦਾ ਆਪਣੇ ਕੰਮਾਂ ਵਿਚ ਧਿਆਨ ਨਹੀਂ ਦੇ ਸਕਦਾ। ਸੋ ਇਸ ਸਭ ਕੁਝ ਸੋਚਣ ਦੇ ਬਾਅਦ ਇਸ ਨਤੀਜੇ ਤੇ ਪਹੁੰਚਦੇ ਹਾਂ ਕਿ ਆਧੁਨਿਕਤਾ ਅਤੇ ਸ਼ੌਕੀਨੀ ਦੇ ਰੰਗ ਵਿਚ ਰੰਗੇ ਹੋਏ ਇਨਸਾਨ ਨੂੰ ਇਸ ਦੇ ਨਤੀਜਿਆ ਬਾਰੇ ਸੋਚ ਕੇ ਹੀ ਕਿਸੇ ਨਵੀਂ ਚੀਜ਼ ਨੂੰ ਅਪਣਾਉਣਾ ਚਾਹੀਦਾ ਹੈ। ਆਧੁਨਿਕ ਚੀਜ਼ਾ ਅਪਣਾਉਣੀਆਂ ਚਾਹੀਦੀਆਂ ਹਨ ਤਾਂ ਹੀ ਸਮੇਂ ਦਾ ਹਾਣੀ ਵੀ ਬਣਿਆ ਜਾ ਸਕਦਾ ਹੈ। ਇਸ ਦੇ ਨਾਲ ਹੀ ਆਪਣੇ ਆਪ ਨੂੰ ਵੀ ਸੰਭਾਲੀ ਰੱਖਣਾ ਜ਼ਰੂਰੀ ਹੈ ਕਿਉਂਕਿ ਕਿਸੇ ਵੀ ਚੀਜ਼ ਦੀ ਘਾਟ ਮਾੜੀ ਹੁੰਦੀ ਹੈ ਅਤੇ ਬਹੁਤਾਤ ਵੀ। ਸਾਨੂੰ ਪੁਰਾਤਨ ਵਿਰਸੇ ਦੀਆਂ ਚੀਜ਼ਾਂ ਨੂੰ ਨਾਲ ਲੈ ਕੇ ਚਲਦੇ ਹੋਏ ਆਧੁਨਿਕ ਸਮੇਂ ਵਿਚ ਸ਼ਾਮਿਲ ਹੋਣਾ ਚਾਹੀਦਾ ਹੈ ਅਤੇ ਦੇਸੀ ਚੀਜ਼ਾਂ ਦੀ ਵਰਤੋਂ ਕਰਦੇ ਸਮੇਂ ਸ਼ਰਮ ਨਹੀਂ ਮਹਿਸੂਸ ਕਰਨੀ ਚਾਹੀਦੀ। •

82838-32839

## ਪੱਤਰ ਹਰੇ ਕਚੂਰ

# ਬਹੁਪੱਖੀ ਸ਼ਖ਼ਸੀਅਤ


ਤਰਸੇਮ ਬੁੱਟਰ
81465-82152

ਤਰਸੇਮ ਬੁੱਟਰ ਬਹੁਪੱਖੀ ਸ਼ਖ਼ਸੀਅਤ ਦਾ ਨਾਂ ਹੈ। ਉਹ ਇਲਾਕੇ ਦਾ ਉੱਘਾ ਸਮਾਜ ਸੇਵਕ, ਖ਼ੂਨਦਾਨੀ, ਅਦਾਕਾਰ, ਰੇਡੀਓ ਅਨਾਊਂਸਰ, ਸਫਲ ਮੰਚ ਸੰਚਾਲਕ, ਲੇਖਕ ਤਾਂ ਹੈ ਹੀ ਇਸ ਦੇ ਨਾਲ-ਨਾਲ ਉਹ ਵਧੀਆ ਇਨਸਾਨ ਵੀ ਹੈ। ਬੁੱਟਰ ਕਿੱਤੇ ਵਜੋਂ ਸਰਕਾਰੀ ਅਧਿਆਪਕ ਤੇ ਐੱਫਐੱਮ ਰੇਡੀਓ ਬਠਿੰਡਾ 'ਤੇ ਬਤੌਰ ਅਨਾਊਂਸਰ ਕੰਮ ਵੀ ਕਰ ਰਿਹਾ ਹੈ। ਅਦਾਕਾਰੀ ਪੱਖੋਂ ਉਹ ਅਨੇਕਾਂ ਹੀ ਟੈਲੀ ਫ਼ਿਲਮਾਂ ਤੋਂ ਇਲਾਵਾ ਇਕ ਵੱਡੇ ਪਰਦੇ ਦੀ ਫਿਲਮ ਵੀ ਕਰ ਚੁੱਕਾ ਹੈ। ਤਰਸੇਮ ਆਪਣੇ ਪਿੰਡ ਦੇ ਮਾਲਵਾ ਵੈੱਲਫੇਅਰ ਕਲੱਬ ਦਾ ਜਨਰਲ ਸਕੱਤਰ ਹੈ, ਜਿਸ ਦੇ ਜ਼ਰੀਏ ਉਹ ਅਨੇਕਾਂ ਹੀ ਸਮਾਜ ਸੇਵੀ ਕੰਮਾਂ ਤੋਂ ਇਲਾਵਾ ਹੁਣ ਤਕ ਵੀਹ ਵਾਰ ਖ਼ੂਨਦਾਨ ਕਰ ਚੁੱਕਾ ਹੈ। ਬੁੱਟਰ ਇਲਾਕੇ ਦੀਆਂ ਨਾਮਵਰ ਸਾਹਿਤਕ ਸਭਾਵਾਂ ਦਾ ਸਰਗਰਮ ਕਾਰਕੁਨ ਅਤੇ ਅਹੁਦੇਦਾਰ ਹੋਣ ਕਰਕੇ ਉਸ ਨੂੰ ਮੰਚ ਸੰਚਾਲਕ ਦੀ ਭੂਮਿਕਾ ਨਿਭਾਉਂਦੇ ਆਮ ਵੇਖਿਆ ਜਾਂਦਾ ਹੈ। ਜੇਕਰ ਉਸ ਦੀ ਲੇਖਣੀ ਦੀ ਗੱਲ ਕਰੀਏ ਤਾਂ ਉਹ ਲਿਖਤਾਂ ਜ਼ਰੀਏ ਪੰਜਾਬੀ ਦੇ ਪ੍ਰਸਿੱਧ ਰਸਾਲਿਆਂ, ਮੈਗਜ਼ੀਨਾਂ, ਅਖ਼ਬਾਰਾਂ, ਰੇਡੀਓ, ਟੈਲੀਵਿਜ਼ਨ, ਸੋਸ਼ਲ ਮੀਡੀਆ ਆਦਿ 'ਤੇ ਆਪਣੀ ਭਰਵੀਂ ਹਾਜ਼ਰੀ ਲਵਾ ਰਿਹਾ ਹੈ । ਫ਼ਖ਼ਰ ਵਾਲੀ ਗੱਲ ਹੈ ਕਿ ਉਸ ਦੀਆਂ ਲਿਖਤਾਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਿਲੇਬਸ ਵਿਚ ਸ਼ਾਮਲ ਕੀਤਾ ਗਿਆ ਹੈ। ਮਾਣਦੇ ਹਾਂ ਉਸ ਦੀ ਰਚਨਾ ਦਾ ਅਨੰਦ।

• ਕੁਲਦੀਪ ਸਿੰਘ ਬੰਗੀ
94174-07778

### ਨਜ਼ਮ

## ਰੁੱਖੀ ਮਿੱਸੀ

ਨਾ ਵੇਖ ਸ਼ਾਹੀ ਪਕਵਾਨਾ ਨੂੰ ਜੀਅ ਲਲਚਾਈ ਜਾ।
ਖਾ ਕੇ ਰੁੱਖੀ ਮਿੱਸੀ ਰੱਬ ਦਾ ਸ਼ੁਕਰ ਮਨਾਈ ਜਾ।
ਚੈਨ ਖ਼ੁਸ਼ੀ, ਅਨੰਦ, ਤਸੱਲੀ ਆਪ ਮੁਹਾਰੇ ਆਵਣਗੇ,
ਆਪ ਤੋਂ ਨੀਵੇਂ ਵੇਖ ਆਪਣਾ ਵਕਤ ਲੰਘਾਈ ਜਾ
ਮੁਸ਼ਕਿਲ, ਭੀੜਾਂ, ਬਿਪਤਾ, ਸੰਕਟ ਜ਼ਰਨੇ ਪੈਂਦੇ ਬੰਦਿਆਂ ਨੂੰ,
ਦੁੱਖ, ਦਲਿੱਦਰ, ਸਰਵ ਵਿਆਪਕ ਮਨ ਸਮਝਾਈ ਜਾ।
ਟੋਏ ਟਿੱਬੇ, ਪਰਬਤ, ਸਾਗਰ, ਜੰਗਲ ਰਾਹ ਵਿਚ ਅੜਨਾ ਨਾ,
ਮੰਜ਼ਿਲ ਪਾਉਣੀ ਹੱਥ 'ਚ ਤੇਰੇ ਨਾ ਘਬਰਾਈ ਜਾ।
ਮੰਦਰ, ਮਸਜਿਦ, ਗੁਰਦੁਆਰੇ ਹਰ ਮਾਨਵ ਲਈ ਸਾਂਝੇ ਨੇ,
ਧਰਮ ਦੇ ਨਾਂ 'ਤੇ ਲੋਕਾਂ ਵਿਚ ਨਾ ਵੰਡੀਆਂ ਪਾਈ ਜਾ।
ਕੈਂਚੀ ਵਾਂਗੂ ਕੱਟਣ ਦੀ ਥਾਂ ਸੂਈ ਵਾਂਗੂ ਸਿਆਉਣਾ ਸਿੱਖ,
ਬੁੱਟਰ ਵੰਡੀਆਂ ਪਾ-ਪਾ ਕੇ ਤੂੰ ਨਾ ਲੋਕ ਨੂੰ ਲੜਾਈ ਜਾ।

### ਗ਼ਜ਼ਲ


ਗੁਰਪ੍ਰੀਤ ਕੌਰ ਧਾਲੀਵਾਲ
98798-002110

ਘਰ ਤਾਂ ਆਖ਼ਰ ਘਰ ਹੁੰਦੇ ਨੇ।
ਘਰਾਂ 'ਚ ਕਾਹਦੇ ਡਰ ਹੁੰਦੇ ਨੇ।
ਉੱਤੋਂ ਖ਼ੁਸ਼ੀਆਂ ਵੰਡਦੇ ਹਾਂ ਪਰ,
ਹੌਕੇ ਲੁੱਕ-ਲੁੱਕ ਭਰ ਹੁੰਦੇ ਨੇ।
ਆਪਣਿਆਂ ਦੀ ਓਟ ਦੇ ਸਦਕਾ,
ਜਗ ਦੇ ਤਾਹਨੇ ਜ਼ਰ ਹੁੰਦੇ ਨੇ।
ਹੱਕਾਂ ਲਈ ਲੜਨਾ ਨਹੀਂ ਮਾੜਾ,
ਲੜ ਕੇ ਈ ਸੁਪਨੇ ਸਰ ਹੁੰਦੇ ਨੇ।
ਪਿਆਰ ਦੇ ਬੂਟੇ ਮਹਿਕਣ ਉੱਥੇ,
ਤਿੱਤਲੀ ਜਿਹੇ ਜੋ ਦਰ ਹੁੰਦੇ ਨੇ।
ਮਰਨ ਮਿਟਣ ਦੇ ਜਜ਼ਬੇ ਨਾਲ ਹੀ,
ਸੀਸ ਤਲੀ 'ਤੇ ਧਰ ਹੁੰਦੇ ਨੇ।
'ਪ੍ਰੀਤ' ਜੋ ਪਿਆਰ ਵਫ਼ਾ ਨੂੰ ਪਾਲਣ,
ਬੰਦੇ ਓਹੀ ਨਰ ਹੁੰਦੇ ਨੇ।

## ਕਿਸ ਨੇ ਖੋਹ ਲਿਆ ਨਾਨਕੇ ਜਾਣ ਦਾ ਚਾਅ

ਜੂਨ ਦੀਆਂ ਛੁੱਟੀਆਂ ਵਿਚ ਬੱਚਿਆਂ ਨੂੰ ਨਾਨਕੇ ਜਾਣ ਦਾ ਚਾਅ ਇੰਨਾ ਜ਼ਿਆਦਾ ਹੁੰਦਾ ਸੀ ਕਿ ਇਕ ਮਹੀਨੇ ਵਿਚ ਕਰਨ ਵਾਲਾ ਸਕੂਲ ਦਾ ਕੰਮ, ਯਾਨਿ ਕਿ ਜੂਨ ਦੀਆਂ ਛੁੱਟੀਆਂ ਦਾ ਕੰਮ ਇਕ ਹਫ਼ਤੇ ਵਿਚ ਹੀ ਪੂਰਾ ਕਰ ਲਿਆ ਜਾਂਦਾ ਸੀ ਤਾਂ ਕਿ ਨਾਨਕੇ ਜਾ ਕੇ ਪੜ੍ਹਾਈ ਦਾ ਕੋਈ ਫ਼ਿਕਰ ਨਾ ਰਹਿ ਜਾਵੇ। ਬੱਚਿਆਂ ਨੂੰ ਤਾਂ ਖੇਡਣ ਮੱਲਣ ਦਾ ਹੀ ਚਾਅ ਹੁੰਦਾ ਏ ਪੜ੍ਹਨ ਪੜ੍ਹਾਉਣ ਦੀਆਂ ਤਾਂ ਬਾਅਦ ਦੀਆਂ ਗੱਲਾਂ ਹੁੰਦੀਆਂ ਨੇ। ਅੱਜ ਕੱਲ੍ਹ ਜੂਨ ਦੀਆਂ ਛੁੱਟੀਆਂ ਵਿਚ ਨਾਨਕੀ ਜਾਣ ਦੀ ਬਜਾਏ ਠੰਢੀਆਂ ਥਾਵਾਂ 'ਤੇ ਜਾਣੀ ਕਿ ਕੁੱਲੂ, ਮਨਾਲੀ, ਸ਼ਿਮਲੇ ਜਾਂ ਫਿਰ ਵਿਦੇਸ਼ ਜਾਣ ਨੂੰ ਪਹਿਲ ਦੇ ਰਹੇ ਨੇ । ਇਹੀ ਮੋਹ ਪਿਆਰ ਘਟਨ ਦੇ ਸਬੂਤ ਨੇ। ਪਿਛਲੇ ਸਮਿਆਂ ਵਿਚ ਭਾਵੇਂ ਟੈਲੀਫੋਨ ਨਹੀਂ ਸੀ ਹੁੰਦੇ ਪਰ ਫਿਰ ਵੀ ਮਾਮੇ ਮਾਸੀਆਂ ਨੂੰ ਆਪਣੇ ਭਾਣਜੇ, ਭਾਣਜੀਆਂ ਦੇ ਆਉਣ ਦੀ ਪੂਰੀ ਉਡੀਕ ਹੁੰਦੀ ਸੀ ਕਿਉਂਕਿ ਜੂਨ ਦੀਆਂ ਛੁੱਟੀਆਂ ਵਿਚ ਹਰ ਇਕ ਨੇ ਆਪਣੇ ਨਾਨਕੇ ਜ਼ਰੂਰ ਆਉਣਾ ਜਾਣਾ ਹੁੰਦਾ ਸੀ ਪਰ ਅੱਜ ਕੱਲ੍ਹ ਇਹ ਸਭ ਚਾਅ ਘਟਦੇ ਜਾ ਰਹੇ ਨੇ। ਅੱਜ ਨਾ ਤਾਂ ਕੋਈ ਪਹਿਲਾਂ ਵਾਂਗੂ ਉਡੀਕ ਕਰਦਾ ਤੇ ਨਾ ਹੀ ਬਹੁਤੀ ਨਾਨਕੇ ਜਾਣ ਨੂੰ ਤਰਜੀਹ ਦੇ ਦਿੰਦਾ ਹੈ ਜਿਵੇਂ ਹਰ ਥਾਂ 'ਤੇ ਬੱਚਿਆਂ ਨੂੰ ਪਿਤਾ ਦੇ ਨਾਂ 'ਤੇ ਜਾਣਿਆ ਜਾਂਦਾ ਹੈ ਪਰ ਨਾਨਕੀ ਜਾ ਕੇ ਬੱਚਿਆਂ ਦੀ ਵੱਖਰੀ ਪਛਾਣ ਹੁੰਦੀ ਹੈ। ਇੱਥੇ ਉਨ੍ਹਾਂ ਨੂੰ ਮਾਵਾਂ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਨਾਨਕਿਓਂ ਆਉਣ ਲੱਗਿਆਂ ਨੂੰ ਨਾਨੀ ਵੱਲੋਂ ਕੱਪੜੇ, ਨਗਦੀ, ਹੋਰ ਖਾਣ ਪੀਣ ਦੇ ਸਮਾਨ ਵਿਚ ਘਰ ਦੇ ਬਣਾਏ ਹੋਏ ਬਿਸਕੁਟ, ਸੇਵੀਆਂ ਆਦਿ ਦਿੱਤੇ ਜਾਂਦੇ ਸਨ। ਜ਼ਿਆਦਾ ਤਰ ਪਹਿਲੇ ਬੱਚੇ ਨੂੰ ਨਾਨਕਿਆ ਵੱਲੋਂ ਹੀ ਪਾਲਿਆ ਜਾਂਦਾ ਸੀ। ਇਸ ਦੇ ਨਾਲ-ਨਾਲ 7 ਜਾਂ 9 ਸਾਲ ਦੀ ਉਮਰ ਵਿਚ ਪੱਗ ਬਣਾਈ ਦੀ ਰਸਮ ਵੀ ਨਾਨਕਿਆਂ ਵੱਲੋਂ ਹੀ ਕੀਤੀ ਜਾਂਦੀ ਸੀ। ਪਹਿਲੇ ਵਿਆਹ ਦੇ ਖ਼ਰਚ ਦਾ ਕੁਝ ਹਿੱਸਾ ਨਾਨਕਿਆਂ ਵੱਲੋਂ ਕੀਤਾ ਜਾਂਦਾ ਸੀ । ਜਿਸ ਨੂੰ ਨਾਨਕੀ ਸ਼ੱਕ ਆਖਦੇ ਸਨ ਪਰ ਅੱਜ ਕੱਲ੍ਹ ਸਾਡੀਆਂ ਲੋੜਾਂ, ਮਜਬੂਰੀਆਂ, ਮਹਿਗਾਈ ਤੇ ਲਾਲਚਾ ਨੇ ਸਾਡੇ ਰਿਸ਼ਤਿਆਂ ਨੂੰ ਤਹਿਸ-ਨਹਿਸ ਕਰ ਕੇ ਸਾਡੇ ਪੱਕੇ ਪਵਿੱਤਰ ਰਿਸ਼ਤਿਆਂ ਵਿਚ ਭਾਈਚਾਰਕ ਸਾਂਝ ਵਰਗੇ ਵਰਤਾਰੇ ਤੇ ਪਿਆਰ ਨੂੰ ਜਿਉਂਦਾ ਨਹੀਂ ਰਹਿਣ ਦਿੱਤਾ। ਲੱਗਦਾ ਏ ਹੁਣ ਸਾਡੀ ਆਪ ਮੋਹਾਰੀ ਜ਼ਿੰਦਗੀ ਵਿਚ ਸਾਡੇ ਵਰਤਾਰੇ ਤੇ ਪਿਆਰ ਸਾਥੋਂ ਕੋਹਾਂ ਦੂਰ ਚਲੇ ਗਏ ਹਨ।



• ਰੇਸ਼ਮ ਸਿੰਘ, 98151-53111

# ਜੁੱਤੀ ਕਸੂਰੀ ਪੈਰੀਂ ਨਾ ਪੂਰੀ...

ਜੇ. ਐੱਸ. ਬਲਿਆਲਵੀ

ਪੰਜਾਬੀ ਜੁੱਤੀ ਦਾ ਗੜ੍ਹ ਰਿਹਾ ਅਣਵੰਡੇ ਪੰਜਾਬ ਵੇਲੇ ਦਾ ਕਸੂਰ ਸ਼ਹਿਰ। ਲੋਕ ਬੋਲੀਆ ਵਿਚ ਇਸ ਦਾ ਜ਼ਿਕਰ ਅਜੇ ਵੀ ਕਾਇਮ ਹੈ। 'ਜੁੱਤੀ ਕਸੂਰੀ ਪੈਰੀਂ ਨਾ ਪੂਰੀ, ਹਾਏ ਰੱਬਾ ਵੇ ਮੈਨੂੰ ਤੋਰਨਾ ਪਿਆ' ਗੀਤ ਤੁਸੀਂ ਸੁਣਿਆ ਹੀ ਹੋਵੇਗਾ। ਕਿੰਨਾ ਮਿੱਠਾ ਹੈ ਇਹ ਗੀਤ। ਮਨ ਦੇ ਵਲਵਲੇ ਕਿਸ ਤਰ੍ਹਾਂ ਦਰਸਾਏ ਗਏ ਨੇ ਇਸ ਗੀਤ ਵਿਚ। ਜੁੱਤੀ ਨਾਲ ਜੁੜਿਆ ਇਹ ਗੀਤ ਅੱਜ ਵੀ ਸੰਗੀਤ ਪ੍ਰੇਮੀਆਂ ਨੂੰ ਚੰਗਾ ਲੱਗਦਾ ਹੈ। ਭਾਵੇਂ ਜੁੱਤੀ ਦਾ ਰਿਵਾਜ ਪਹਿਲਾ ਦੇ ਮੁਕਾਬਲੇ ਬਹੁਤ ਘੱਟ ਰਿਹੈ ਤੇ ਜੁੱਤੀ ਲੋੜ ਦੀ ਥਾਂ ਫ਼ੈਸ਼ਨ ਦਾ ਹਿੱਸਾ ਬਣਦੀ ਜਾ ਰਹੀ ਹੈ ਪਰ ਕਿਸੇ ਵੇਲੇ ਕਸੂਰ ਸ਼ਹਿਰ ਤੋਂ ਇਲਾਵਾ ਮੁਕਤਸਰ, ਪਟਿਆਲਾ, ਕਪੂਰਥਲਾ ਤੇ ਅੰਮ੍ਰਿਤਸਰ ਦੀ ਬਣੀ ਜੁੱਤੀ ਦੀ ਵੀ ਵਧੇਰੇ ਅਹਿਮੀਅਤ ਹੁੰਦੀ ਸੀ। ਕੋਈ ਵੇਲਾ ਸੀ ਜਦੋਂ ਇੱਥੋਂ ਦੀ ਬਣੀ ਲਾਲ ਸੂਹੇ ਰੰਗ ਦੀ ਕੱਢਵੀ ਜੁੱਤੀ ਦੂਰ-ਦੂਰ ਤਕ ਮਸ਼ਹੂਰ ਸੀ। ਚੀਕੂੰ-ਚੀਕੂੰ ਕਰਦੀ ਉਹ ਜੁੱਤੀ ਦੂਜਿਆ ਉੱਪਰ ਪਹਿਨਣ ਵਾਲੇ ਦੇ ਵਿਅਕਤੀਤਵ ਦਾ ਵੱਖਰਾ ਪ੍ਰਭਾਵ ਛੱਡਦੀ ਸੀ ਤੇ ਸਾਰਿਆਂ ਦਾ ਧਿਆਨ ਆਪਣੇਂ ਵੱਲ ਖਿੱਚਦੀ ਸੀ। ਮਰਦ ਹੀ ਨਹੀਂ ਔਰਤਾਂ ਦੀ ਵੀ ਇਹ ਪਹਿਲੀ ਪਸੰਦ ਵਿਚ ਸ਼ਾਮਲ ਸੀ। ਅੱਜ ਦੇ ਸਮੇਂ ਇਹ ਵਿਰਲੇ ਟਾਵੇਂ ਨੌਜਵਾਨਾਂ ਦੇ ਸ਼ੌਕ ਤਕ ਹੀ ਸੀਮਤ ਹੋ ਕੇ ਰਹਿ ਗਈ ਹੈ। ਕਿਉਂਕਿ ਹੁਣ ਦੀ ਨਵੀਂ ਪਨੀਰੀ ਤੋਂ ਲੈ ਕੇ ਕਿਸੇ ਅਧੇੜ੍ਹ ਉਮਰ ਦੇ ਮਰਦ ਤਕ ਕੁੜਤੇ-ਪਜਮੇ ਦੀ ਥਾਂ ਫੈਸ਼ਨ ਮੁਤਾਬਕ ਪੈਂਟ-ਸ਼ਰਟ ਪਉਂਦੇ ਹਨ ਤੇ ਪੈਂਟ-ਸ਼ਰਟ ਨਾਲ ਜੁੱਤੀ ਦਾ ਕੀ ਮੇਲ, ਇਸ ਕਰਕੇ ਵੀ ਸ਼ਾਇਦ ਜੁੱਤੀ ਪਹਿਨਣ ਦਾ ਸ਼ੌਕ ਘੱਟਦਾ ਜਾ ਰਿਹਾ ਹੈ।



ਪਹਿਲੇਂ ਸਮਿਆਂ 'ਚ ਵਿਆਹ-ਸ਼ਾਦੀਆਂ, ਮੇਲਿਆਂ ਜਾਂ ਹੋਰ ਦਿਨਾਂ ਤਿਉਹਾਰਾਂ 'ਤੇ ਜੁੱਤੀ ਨੂੰ ਤੋਹਫ਼ੇ ਵੱਜੋਂ ਘਰ ਲਿਆਂਦਾ ਜਾਂਦਾ ਸੀ। ਇਹ ਮੌਕਿਆਂ 'ਤੇ ਗੱਭਰੂਆਂ ਦੇ ਪੈਰਾਂ ਵਿਚ ਸਜੀ ਕੱਢਵੀ ਜੁੱਤੀ ਇੰਨੀਂ ਜੱਚਦੀ ਹੈ ਕਿ ਦੇਖਣ ਵਾਲੇ ਦੇਖਦੇ ਹੀ ਰਹਿ ਜਾਂਦੇ। ਉਸ ਵੇਲੇ ਦੇ ਕਰੀਗਰ ਸਾਦੀਆਂ, ਵੱਖ-ਵੱਖ ਕਲਾਕਿਰਤੀਆਂ ਵਾਲੀਆਂ ਅਨੇਕਾਂ ਹੀ ਕਿਸਮ ਦੀਆਂ ਜੁੱਤੀਆਂ ਤਿਆਰ ਕਰਦੇ ਰਹੇ ਹਨ। ਪੰਜਾਬੀਆਂ ਵੱਲੋਂ ਜ਼ਿਆਦਾਤਰ ਮੌਜਾ, ਨੋਕ ਵਾਲੀ ਜੁੱਤੀ ਅਤੇ ਉਲਟਵੀ ਨੋਕ ਵਾਲੀ ਜੁੱਤੀ ਪਸੰਦ ਕੀਤੀ ਜਾਂਦੀ ਸੀ। ਤਿੱਲੇਦਾਰ ਜੁੱਤੀ ਦੀ ਮੰਗ ਅੱਜ ਵੀ ਗੱਭਰੂਆਂ ਵੱਲੋਂ ਕੀਤੀ ਜਾਂਦੀ ਹੈ। ਮਲਵਈ ਜੁੱਤੀਆਂ ਮੱਧਵਰਗੀ ਪਰਿਵਾਰਾਂ ਵੱਲੋਂ ਪਸੰਦ ਕੀਤੀਆਂ ਜਾਂਦੀਆਂ ਸਨ। ਇਹ ਜੁੱਤੀਆਂ ਤਿੱਲੇਦਾਰ ਜੁੱਤੀ ਨਾਲੋਂ ਵਧੇਰੇ ਮਜ਼ਬੂਤ ਅਤੇ ਮਹਿੰਗੀਆਂ ਹੁੰਦੀਆਂ ਸਨ। ਰਾਜੇ-ਮਹਾਰਾਜੇ ਜੁੱਤੀਆਂ ਉਪਰ ਕਾਰੀਗਰਾਂ ਪਾਸੋਂ ਤਿੱਲੇ ਦੀ ਥਾਂ ਸੋਨੇਂ ਅਤੇ ਚਾਂਦੀ ਦੀਆਂ ਤਾਰਾਂ ਦੀ ਕੱਢਵਾਈ ਕਰਵਾਉਦੇ ਸਨ। ਇਕ ਜੋੜੀ ਜੁੱਤੀ ਨੂੰ ਤਿਆਰ ਕਰਨ ਵਿਚ ਇਕ ਕਾਰੀਗਰ ਦੇ 30 ਤੋਂ 40 ਦਿਨ ਲੱਗ ਜਾਂਦੇ ਸਨ। ਅੱਜ ਮਹਿੰਗਾਈ ਦੇ ਦੌਰ 'ਚ ਦੇਸੀ ਜੁੱਤੀਆ ਦੀ ਬਹੁਤੀ ਕਦਰ ਨਹੀਂ ਰਹੀ। ਭਾਵੇਂ ਕੁਝ ਲੋਕ ਅੱਜ ਵੀ ਬੂਟਾਂ ਦੇ ਤਸਮੇ ਖੋਲਣ-ਬੰਨ੍ਹਣ ਨਾਲੋਂ ਜੁੱਤੀ ਪਹਿਨਣਾ ਪਸੰਦ ਕਰਦੇ ਹਨ। ਬੀਤੇ ਸਮਿਆਂ 'ਚ ਜੁੱਤੀਆਂ ਤਿਆਰ ਕਰਨ ਵਾਲਿਆ ਦੀਆਂ ਦੁਕਾਨਾਂ ਵਿਚ ਰੌਣਕਾਂ ਲੱਗੀਆਂ ਰਹਿੰਦੀਆਂ ਸਨ ਪਰ ਅੱਜ ਉਨ੍ਹਾਂ 'ਤੇ ਇੱਕੜ-ਦੁੱਕੜ ਲੋਕ ਹੀ ਨਜ਼ਰ ਆਉਂਦੇ ਹਨ। •

99886-68608

# ਦੁੱਖ-ਸੁੱਖ ਦੀ ਸਾਂਝ

ਦੁਨੀਆ ਦੀ ਸਭ ਤੋਂ ਪਿਆਰੀ ਜਗ੍ਹਾ ਘਰ ਹੁੰਦੀ ਹੈ। ਘਰ ਵਿਚ ਪਿਆਰੇ ਰਿਸ਼ਤੇ ਤੇ ਇਨ੍ਹਾਂ ਰਿਸ਼ਤਿਆਂ ਵਿਚ ਅਸੀਂ ਆਪਸੀ ਪਿਆਰ ਅਤੇ ਦੁੱਖ-ਸੁੱਖ ਦੀ ਸਾਂਝ ਕਰਕੇ ਜੁੜੇ ਰਹਿੰਦੇ ਹਾਂ। ਘਰ ਵਿਚ ਕਈ ਇਨਸਾਨ ਰਹਿੰਦੇ ਹਨ। ਉਨ੍ਹਾਂ ਵਿੱਚੋਂ ਜੇਕਰ ਕਿਸੇ ਇਕ ਨੂੰ ਤਕਲੀਫ਼ ਹੁੰਦੀ ਸੀ ਤਾਂ ਸਿਸਕਦੇ ਸਾਰੇ ਸਨ। ਅੱਥਰੂ ਹਰ ਇਕ ਦੀ ਅੱਖ ਵਿੱਚੋਂ ਝਲਕਦਾ ਸੀ। ਸ਼ਾਇਦ ਇਹ ਹੀ ਕਾਰਨ ਹੈ ਕਿ ਸਾਡੇ ਪੂਰਵਜ ਆਰੀਅਨ ਲੋਕ ਲੰਮੀ ਉਮਰ ਪਾਉਣ ਤੇ ਇਸ ਘਰ ਦੇ ਨਿੱਘ ਨੂੰ ਮਾਣਨ ਲਈ ਯੱਗ ਤੇ ਬਲੀਆਂ ਕਰਦੇ ਸਨ। ਉਹ ਸੰਸਾਰ ਤੇ ਇਸ ਦੇ ਰਿਸ਼ਤਿਆਂ ਨੂੰ ਮਾਣਨਾ ਚਾਹੁੰਦੇ ਸਨ। ਸ਼ਾਇਦ ਇਸ ਕਰਕੇ ਬਾਅਦ ਵਿਚ ਮਨੁੱਖ ਨੇ ਆਪਣੇ ਪੂਰਵਜਾਂ ਦੀ ਪੂਜਾ ਕਰਨੀ ਸ਼ੁਰੂ ਕੀਤੀ ਕਿ ਉਹ ਉਨ੍ਹਾਂ ਨੂੰ ਸੰਸਾਰਿਕ ਸੁੱਖ ਪ੍ਰਦਾਨ ਕਰਨਗੇ ਕਿਉਂਕਿ ਉਨ੍ਹਾਂ ਦੀ ਆਪਣੇ ਪੂਰਵਜਾਂ ਨਾਲ ਖ਼ੂਨ ਦੀ ਸਾਂਝ ਦੇ ਨਾਲ-ਨਾਲ ਦੁੱਖ-ਸੁੱਖ ਦੀ ਸਾਂਝ ਵੀ ਹੈ। ਦੁਨੀਆ ਦੀ ਇਸ ਪਿਆਰੀ ਜਗ੍ਹਾ ਘਰ ਨੂੰ ਕਿਸੇ ਦੀ ਨਜ਼ਰ ਲੱਗ ਗਈ ਹੈ। ਜਿੱਥੇ ਖ਼ੂਨ ਦੇ ਤੌਰ 'ਤੇ ਸਾਡੀ ਸਾਂਝ ਹੈ ਪਰ ਦੁੱਖ-ਸੁੱਖ ਵਿਚ ਅਸੀਂ ਅਲੱਗ ਹਾਂ। ਇਹੀ ਕਾਰਨ ਹੈ ਕਿ ਅੱਜ ਕੱਲ੍ਹ ਘਰ ਟੁੱਟ ਰਹੇ ਹਨ, ਰਿਸ਼ਤੇ ਤਿੜਕਦੇ ਜਾਂ ਰਹੇ ਹਨ। ਇਕ ਘਰ ਦੇ ਮੈਂਬਰ ਵੀ ਆਪਸ ਵਿਚ ਫੋਨ 'ਤੇ ਮਿਲਦੇ ਹਨ। ਸਾਰੇ ਰਿਸ਼ਤਿਆਂ ਵਿਚ ਕੇਵਲ ਰਸਮੀ ਸਾਂਝ ਤੇ ਅਪਣੱਤ ਰਹਿ ਗਈ ਹੈ। ਅਜੋਕੇ ਸਮੇਂ ਘਰਾਂ ਵਿਚਲੀ ਸਾਂਝ ਤੇ ਪਿਆਰ ਦੀ ਥਾਂ ਈਰਖਾ ਤੇ ਗੁੱਸੇ ਨੇ ਲੈ ਲਈ ਹੈ। ਜੇ ਦੇਖਿਆ ਜਾਵੇ ਤਾਂ ਇਹ ਸਾੜਾ ਕੇਵਲ ਭੈਣ ਭਰਾ ਦੇ ਰਿਸ਼ਤੇ ਵਿਚ ਹੀ ਨਹੀਂ ਸਗੋਂ ਮਾਪਿਆਂ ਤੇ ਬੱਚਿਆਂ ਵਿਚਕਾਰ ਵੀ ਪਾਇਆ ਜਾਂਦਾ ਹੈ। ਪਹਿਲਾਂ ਘਰ ਦਾ ਮੁੱਢ ਇਸ ਦਾ ਸ਼ਿਕਾਰ ਹੁੰਦਾ ਹੈ। ਬੱਚੇ ਉਨ੍ਹਾਂ ਨੂੰ ਦੇਖ ਕੇ ਉਹੋ ਜਿਹਾ ਰੂਪ ਗ੍ਰਹਿਣ ਕਰਦੇ ਹਨ। ਤਿੜਕੇ ਰਿਸ਼ਤਿਆਂ ਵਾਲੇ ਘਰਾਂ ਵਿਚ ਪੈਦਾ ਹੋਏ ਬੱਚਿਆਂ ਲਈ ਇਨ੍ਹਾਂ ਤ੍ਰੇੜਾਂ ਨੂੰ ਭਰਨਾ ਬਹੁਤ ਮੁਸ਼ਕਿਲ ਹੋ ਜਾਂਦਾ ਹੈ ਕਿਉਂਕਿ ਉਹ ਸ਼ੁਰੂ ਤੋਂ ਇਕੱਲੇ ਰਹਿਣ ਦੇ ਆਦੀ ਹੋ ਚੁੱਕੇ ਹੁੰਦੇ ਹਨ ਫਿਰ ਉਹ ਕਿਸ ਤਰੀਕੇ ਨਾਲ ਆਪਣੀ ਸਾਂਝ ਸਥਾਪਿਤ ਕਰਨ। ਸ਼ਾਇਦ ਇਸ ਕਰਕੇ ਸੰਯੁਕਤ ਪਰਿਵਾਰ ਖ਼ਤਮ ਹੋ ਰਹੇ ਹਨ ਅਤੇ ਇਥੋਂ ਤੱਕ ਕਿ ਮਾਪੇ ਤੇ ਬੱਚੇ ਵੀ ਅਲੱਗ ਰਹਿ ਰਹੇ ਹਨ ਪਰ ਸੋਚਣ ਵਾਲੀ ਗੱਲ ਹੈ ਕਿ ਇਸ ਸਾਂਝ ਨੂੰ ਤੋੜਣ ਲਈ ਕੌਣ ਜ਼ਿੰਮੇਵਾਰ ਹੈ, ਸਮਾਜ, ਮਾਪੇ ਜਾ ਬੱਚੇ। ਅਕਸਰ ਸਮਾਜ ਤੇ ਬੱਚਿਆਂ ਨੂੰ ਇਸ ਦੇ ਜ਼ਿੰਮੇਵਾਰ ਠਹਿਰਾਇਆ ਜਾਂਦਾ ਹੈ ਪਰ ਕੀ ਕਦੇ ਅਸੀਂ ਇਹ ਸੋਚਣ ਦੀ ਕੋਸ਼ਿਸ਼ ਕੀਤੀ ਹੈ ਕਿ ਸਮਾਜ ਸਾਡੇ ਨਾਲ ਬਣਦਾ ਹੈ ਤੇ ਬੱਚਿਆਂ ਦੀ ਪਰਵਰਿਸ਼ ਵੀ ਅਸੀਂ ਕਰਦੇ ਹਾਂ ਫਿਰ ਇਸ ਸਭ ਲਈ ਜ਼ਿੰਮੇਵਾਰ ਕੌਣ? ਜੇਕਰ ਅਸੀਂ ਵੀ ਆਪਣੇ ਪੂਰਵਜਾਂ ਦੀ ਤਰ੍ਹਾਂ ਘਰ ਦੇ ਪਿਆਰ ਤੇ ਸਾਂਝ ਨੂੰ ਮਾਣਨਾ ਚਾਹੁੰਦੇ ਹਾਂ ਤਾਂ ਜ਼ਰੂਰੀ ਹੈ ਪਹਿਲਾਂ ਅਸੀਂ ਆਪਣੇ ਬਜ਼ੁਰਗਾਂ ਨਾਲ ਸਾਂਝ ਪਾਈਏ ਜਿਸ ਨਾਲ ਸਾਡੇ ਬੱਚਿਆਂ ਦੀ ਸੋਚ ਬਦਲੇਗੀ ਤੇ ਫਿਰ ਸਮਾਜ। ਇਸ ਤਰ੍ਹਾਂ ਸਾਂਝੇ ਘਰਾਂ ਵੱਲ ਆਪਣੇ ਕਦਮ ਵਧਾਈਏ ਤੇ ਫਿਰ ਤੋਂ ਘਰ ਦੀ ਨਿੱਘ ਨੂੰ ਮਾਣੀਏ।

• ਰੁਪਿੰਦਰ ਕੌਰ ਕੰਗ
94175-60707

# ਪੰਜਾਬੀ ਸੱਭਿਆਚਾਰ ਦੀਆਂ ਨਿਸ਼ਾਨੀਆਂ

ਪੰਜਾਬ ਦੀ ਅਮੀਰ ਸੱਭਿਅਤਾ ਦੀਆਂ ਅਨੇਕਾਂ ਵਰਤੋਂ ਵਾਲੀਆਂ ਨਿਸ਼ਾਨੀਆਂ ਲੋਪ ਹੁੰਦੀਆਂ ਜਾ ਰਹੀਆਂ ਹਨ। ਲੋਕ ਸਾਰੰਗੀਆਂ, ਅਲਗੋਜ਼ੇ, ਅਖਾੜੇ, ਝੂਮਰ, ਸੰਮੀ, ਫੁਲਕਾਰੀਆਂ, ਚਰਖੇ, ਪੱਖੀਆਂ, ਖੂਹ, ਲੋਕ ਗੀਤ, ਪਹਿਰਾਵਾ ਆਦਿ ਨਾਲੋਂ ਅਜੋਕਾ ਪੰਜਾਬੀ ਵੱਖ ਹੁੰਦਾ ਜਾ ਰਿਹਾ ਹੈ। ਅਸੀਂ ਦਿਨੋ-ਦਿਨ ਕੰਮਾਂ ਵਿਚ ਰੁੱਝੇ ਹੋਣ ਕਰਕੇ ਸੱਭਿਆਚਾਰ ਨੂੰ ਭੁੱਲ ਰਹੇ ਹਾਂ। ਅੱਜ ਕਲ੍ਹ ਦੀ ਨੌਜਵਾਨ ਪੀੜ੍ਹੀ ਬਰਗਰ, ਨੂਡਲਸ, ਪੀਜੇ ਵਰਗੀਆਂ ਚੀਜਾਂ ਖਾ ਕੇ ਬਿਮਾਰੀ ਨੂੰ ਸੱਦਾ ਦੇ ਰਹੀ ਹੈ। ਘਰੇਲੂ ਖਾਣੇ ਦੀ ਮਹੱਤਤਾ ਇਨ੍ਹਾਂ ਨੂੰ ਪਤਾ ਨਹੀਂ। ਗੱਲ ਕਰੀਏ ਫੁਲਕਾਰੀ, ਖੂਹ,ਟਿੰਡਾਂ, ਪਿੱਤਲ ਦੇ ਭਾਂਡੇ, ਦਰੀਆਂ, ਖੇਸ ਤੇ ਪੱਖੀਆਂ ਆਦਿ ਦੀ ਤਾਂ ਅੱਜ ਕੱਲ੍ਹ ਦੇ ਬੱਚਿਆਂ ਨੂੰ ਇਨ੍ਹਾਂ ਚੀਜ਼ਾਂ ਦੇ ਨਾਂ ਤਕ ਨਹੀਂ ਪਤਾ। ਮਨੁੱਖੀ ਜੀਵਨ ਵਿਚ ਤਕਨੀਕੀ ਵਿਕਾਸ ਨੇ ਜਿੱਥੇ ਇਕ ਪਾਸੇ ਜੀਵਨ ਸੌਖਾ ਕੀਤਾ ਹੈ ਉੱਥੇ ਹੀ ਕੁਦਰਤ ਤੋਂ ਮਨੁੱਖ ਦੀ ਦੂਰੀ ਵੀ ਵਧਾਈ ਹੈ। ਨਵੀਂ ਤਕਨਾਲੋਜੀ ਦੇ ਆਉਣ ਨਾਲ ਪੱਖੀ ਸਾਡੇ ਜੀਵਨ ਵਿੱਚੋਂ ਲਗਪਗ ਲੋਪ ਹੋ ਗਈ ਹੈ। ਡਿਨਰ ਸੈੱਟ 'ਤੇ ਵਧੀਆਂ ਭਾਂਡਿਆਂ ਦੀ ਵਰਤੋਂ ਘਰ ਵਿਚ ਹੋਣ ਨਾਲ ਪਿੱਤਲ ਦੇ ਭਾਂਡਿਆਂ ਨੂੰ ਕੋਈ ਨਹੀਂ ਪੁੱਛਦਾ। ਸਰਦੀਆਂ ਵਿਚ ਕਮਰਿਆਂ ਵਿਚ ਹੀਟਰ ਹੋਣਗੇ, ਗਰਮ ਕੰਬਲ ਹੋਣਗੇ ਤੇ ਖੇਸਾਂ ਦੀ ਪਛਾਣ ਕਿੱਥੋਂ ਹੋਵੇਗੀ? ਅੱਜ ਕੱਲ੍ਹ ਦੇ ਬੱਚਿਆਂ ਨੂੰ ਇਨ੍ਹਾਂ ਤੋਂ ਇਲਾਵਾ ਕਣਕ ਦੇ ਸਿੱਟਿਆਂ ਤਕ ਦਾ ਪਤਾ ਨਹੀਂ ਹੈ।ਹੁਣ ਗੱਲ ਕਰੀਏ ਮਾਂ-ਬੋਲੀ ਦੀ, ਲੋਕ ਆਪਣੀ ਮਾਂ-ਬੋਲੀ ਨੂੰ ਦਿਨੋ-ਦਿਨ ਵਿਸਾਰਦੇ ਜਾ ਰਹੇ ਹਨ। ਬੱਚੇ ਤੇ ਨੌਜਵਾਨ ਸਭ ਘਰੋਂ ਬਾਹਰ ਜਾ ਕੇ ਪੰਜਾਬੀ ਬੋਲਣ ਵਿਚ ਹੇਠੀ ਮਹਿਸੂਸ ਕਰਦੇ ਹਨ। ਮਾਤਾ-ਪਿਤਾ ਵੀ ਦੇਖੋ-ਦੇਖੀ ਸਮਾਜਿਕ ਪ੍ਰਭਾਵ ਅਧੀਨ ਆਪਣੇ ਬੱਚਿਆਂ ਨੂੰ ਅੰਗਰੇਜ਼ੀ, ਹਿੰਦੀ ਬੋਲਣ ਲਈ ਪ੍ਰੇਰਿਤ ਕਰਦੇ ਹਨ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਮਾਂ-ਬੋਲੀ ਨਾਲ ਜੋੜੀ ਰੱਖਣ ਤਾਂ ਹੀ ਬੱਚਿਆਂ ਵਿਚ ਮਾਂ-ਬੋਲੀ ਪ੍ਰਤੀ ਹੀਣ ਭਾਵਨਾ ਪੈਦਾ ਨਹੀਂ ਹੋਵੇਗੀ। ਮਾਂ-ਬੋਲੀ ਦੇ ਨਾਲ-ਨਾਲ ਸਾਡੇ ਰਹਿਣ-ਸਹਿਣ, ਪਹਿਰਾਵੇ ਅਤੇ ਖੇਡਾਂ ਵਿਚ ਵੀ ਤਬਦੀਲੀ ਆ ਰਹੀ ਹੈ। ਅਜੋਕੇ ਸਮੇਂ ਬੱਚਿਆਂ, ਨੌਜਵਾਨਾਂਨੂੰ ਕੋਟਲਾ ਛਪਾਕੀ, ਗੁੱਲੀ ਡੰਡਾ ਵਰਗੀਆਂ ਖੇਡਾਂ ਬਾਰੇ ਕੁਝ ਵੀ ਪਤਾ ਨਹੀਂ ਹੈ। ਪੁਰਾਤਨ ਯੁੱਗ ਦੇ ਪਹਿਰਾਵੇ ਤੇ ਆਧੁਨਿਕ ਯੁੱਗ ਦੇ ਪਹਿਰਾਵੇ ਵਿਚ ਢੇਰ ਸਾਰਾ ਅੰਤਰ ਆ ਗਿਆ ਹੈ। ਪਹਿਲਾਂ ਸਲਵਾਰ-ਕਮੀਜ਼ ਤੇ ਧੋਤੀ-ਕੁੜ੍ਹਤੇ, ਪੈਂਟ-ਕਮੀਜ਼ ਦਾ ਰਿਵਾਜ ਸੀ ਨੌਜਵਾਨ ਪੀੜ੍ਹੀ ਦਾ ਪਹਿਰਾਵਾ ਵੱਖਰੀ ਕਿਸਮ ਦਾ ਹੈ। ਉਨ੍ਹਾਂ ਲਈ ਪਹਿਰਾਵਾ ਇਕ ਹੁਨਰ ਬਣ ਗਿਆ ਹੈ। ਅਜਿਹੇ ਮਾਹੌਲ ਵਿਚ ਉਹ ਸੱਭਿਆਚਾਰ ਤੇ ਪੰਜਾਬੀ ਪਹਿਰਾਵੇ ਬਾਰੇ ਕਿੱਥੋਂ ਜਾਣੂ ਹੋਣਗੇ? ਹੁਣ ਕੋਈ ਵੀ ਪਰਿਵਾਰ ਬਜ਼ੁਰਗਾਂ ਦੀ ਗੱਲ ਨੂੰ ਨਹੀਂ ਸਹਾਰਦਾ। ਉਨ੍ਹਾਂ ਨੂੰ ਪਹਿਲਾ ਵਰਗਾ ਸਤਿਕਾਰ ਨਹੀਂ ਦਿੱਤਾ ਜਾਂਦਾ।

ਅਜੋਕੇ ਸਮੇਂ ਵਿਚ ਲੋੜ ਹੈ ਜਾਗਰੂਕਤਾ ਦੀ ਕਿਉਂਕਿ ਆਧੁਨਿਕ ਤਬਦੀਲੀ ਨੇ ਸਾਡੇ ਸੱਭਿਆਚਾਰ ਦੀ ਮਹੱਤਤਾ ਨੂੰ ਘਟਾ ਦਿੱਤਾ ਹੈ। ਸੰਸਾਰ ਭਰ ਦੇ ਵਿਦਵਾਨ ਮੰਨਦੇ ਹਨ ਕਿ ਬੱਚੇ ਦੀ ਸ਼ਖ਼ਸੀਅਤ ਦਾ ਤਾਂ ਹੀ ਸਹੀ ਵਿਕਾਸ ਹੋਵੇਗਾ, ਜੇ ਉਨ੍ਹਾਂ ਦੀ ਮੁੱਢਲੀ ਸਿੱਖਿਆ ਮਾਂ-ਬੋਲੀ ਵਿਚ ਹੋਵੇਗੀ। ਜੇ ਇਸੇ ਤਰ੍ਹਾਂ ਅਸੀ ਸੱਭਿਆਚਾਰ ਨੂੰ ਵਿਸਾਰਦੇ ਗਏ ਤਾਂ ਇਕ ਦਿਨ ਅਸੀਂ ਸੱਭਿਆਚਾਰ ਪੱਛਮੀ ਪ੍ਰਭਾਵ ਹੇਠ ਗੁਆ ਕੇ ਹੀਣ ਭਾਵਨਾ ਦਾ ਸ਼ਿਕਾਰ ਹੋ ਜਾਵਾਂਗੇ। ਤਰੱਕੀ ਹਰ ਸਮਾਜ ਲਈ ਜ਼ਰੂਰੀ ਹੈ ਪਰ ਸਾਨੂੰ ਆਪਣਾ ਸੱਭਿਆਚਾਰ ਵੀ ਸੰਭਾਲ ਕੇ ਰੱਖਣਾ ਜ਼ਰੂਰੀ ਹੈ। ਕੋਈ ਦਰਖ਼ਤ ਆਪਣੀ ਜੜ੍ਹ ਤੋਂ ਉੱਖੜ ਕੇ ਵਧ ਫੁੱਲ ਨਹੀਂ ਸਕਦਾ ਤੇ ਨਾ ਹੀ ਕੋਈ ਪੰਛੀ ਟੁੱਟੇ ਖੰਭਾਂ ਨਾਲ ਪਰਵਾਜ਼ ਭਰ ਸਕਦਾ ਹੈ।



• ਸੰਦੀਪ ਕੌਰ ਹਿਮਾਂਯੂੰਪੁਰਾ
97816-60021

# ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਲੁਧਿਆਣਾ ਵਿੱਚ ਲਾਪਤਾ ਹੋਈਆਂ ਕੁੜੀਆਂ ਸਬੰਧੀ ਮਾਮਲਿਆਂ ਦਾ ਲਿਆ ਨੋਟਿਸ

**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਲੁਧਿਆਣਾ ਦੇ ਵੱਖ-ਵੱਖ ਇਲਾਕਿਆਂ ਤੋਂ ਕਈ ਨੌਜਵਾਨ ਕੁੜੀਆਂ ਦੇ ਲਾਪਤਾ ਹੋਣ ਸਬੰਧੀ ਸੋਸ਼ਲ ਮੀਡੀਆ ਰਿਪੋਰਟਾਂ ਅਤੇ ਜਨਤਕ ਚਿੰਤਾਵਾਂ ਦਾ ਨੋਟਿਸ ਲਿਆ ਹੈ।

ਇਸ ਸਬੰਧੀ ਤੇਜ਼ੀ ਨਾਲ ਕਾਰਵਾਈ ਕਰਦਿਆਂ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਪੁਲਿਸ ਕਮਿਸ਼ਨਰ, ਲੁਧਿਆਣਾ ਤੋਂ ਇਸ ਸਬੰਧੀ ਵਿਸਥਾਰਿਤ ਰਿਪੋਰਟ ਮੰਗੀ ਅਤੇ ਤੱਥਾਂ ਦਾ ਪਤਾ ਲਗਾਉਣ ਲਈ ਪੁਲਿਸ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ ਕੀਤਾ।

ਸ਼੍ਰੀਮਤੀ ਗਿੱਲ ਨੇ ਦੱਸਿਆ ਕਿ ਮੁੱਢਲੀ ਰਿਪੋਰਟ ਅਨੁਸਾਰ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਲੁਧਿਆਣਾ ਦੇ ਵੱਖ-ਵੱਖ ਥਾਣਿਆਂ ਵਿੱਚ ਦਸ ਐਫ.ਆਈ.ਆਰਜ਼ ਦਰਜ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਮੁੱਢਲੀ ਪੁੱਛਗਿੱਛ ਤੋਂ ਪਤਾ ਲੱਗਾ ਹੈ ਕਿ ਕੁੜੀਆਂ ਨੂੰ ਕਿਸੇ ਵਿਅਕਤੀ ਜਾਂ ਸੰਗਠਿਤ ਗਰੋਹ ਵੱਲੋਂ ਅਗਵਾ ਨਹੀਂ ਕੀਤਾ ਗਿਆ ਸੀ। ਕਈ ਮਾਮਲਿਆਂ ਵਿੱਚ ਉਹ ਨਿੱਜੀ ਜਾਂ ਪਰਿਵਾਰਕ ਕਾਰਨਾਂ ਕਰਕੇ ਆਪਣੀ ਮਰਜ਼ੀ ਨਾਲ ਘਰ ਛੱਡ ਗਈਆਂ ਸਨ। ਪੁਲਿਸ ਟੀਮਾਂ ਵੱਲੋਂ ਤਕਨੀਕੀ ਨਿਗਰਾਨੀ, ਫੀਲਡ ਪੁੱਛਗਿੱਛ ਅਤੇ ਅੰਤਰ-ਏਜੰਸੀ ਤਾਲਮੇਲ ਰਾਹੀਂ ਲਾਪਤਾ ਕੁੜੀਆਂ ਦਾ ਪਤਾ ਲਗਾਇਆ ਜਾ ਰਿਹਾ ਹੈ। ਕਈ ਕੁੜੀਆਂ ਨੂੰ ਪਹਿਲਾਂ ਹੀ ਲੱਭ ਲਿਆ ਗਿਆ ਹੈ ਅਤੇ ਸੁਰੱਖਿਅਤ ਢੰਗ ਨਾਲ ਉਨ੍ਹਾਂ ਦੇ ਪਰਿਵਾਰਾਂ ਤੱਕ ਪਹੁੰਚਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਮਾਲਪੁਰ ਪੁਲਿਸ ਸਟੇਸ਼ਨ ਵਿਖੇ ਦਰਜ ਇੱਕ ਮਾਮਲੇ ਵਿੱਚ, ਉੱਤਰ ਪ੍ਰਦੇਸ਼ ਦੀਆਂ ਤਿੰਨ ਕੁੜੀਆਂ ਉਨ੍ਹਾਂ ਦੇ ਹੀ ਜੱਦੀ ਪਿੰਡ ਤੋਂ ਬਰਾਮਦ ਕੀਤੀਆਂ ਗਈਆਂ ਹਨ, ਜਿੱਥੇ ਉਹ ਕਿਸੇ ਜ਼ੋਰ-ਜ਼ਬਰਦਸਤੀ ਤਹਿਤ ਨਹੀਂ ਬਲਕਿ ਕੁਝ ਪਰਿਵਾਰਕ ਕਾਰਨਾਂ ਕਰਕੇ ਆਪਣੀ ਮਰਜ਼ੀ ਨਾਲ ਗਈਆਂ ਸਨ।

ਇਸ ਸਮੇਂ ਕਿਸੇ ਸੰਗਠਿਤ ਅਗਵਾ ਰੈਕੇਟ ਜਾਂ ਅਪਰਾਧਿਕ ਸਾਜ਼ਿਸ਼ ਦਾ ਕੋਈ ਸਬੂਤ ਨਹੀਂ ਹੈ। ਹਾਲਾਂਕਿ, ਚੱਲ ਰਹੀ ਜਾਂਚ ਦੇ ਹਿੱਸੇ ਵਜੋਂ ਸਾਰੇ ਸੰਭਾਵਿਤ ਪਹਿਲੂਆਂ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾ ਰਹੀ ਹੈ।

ਸ਼੍ਰੀਮਤੀ ਰਾਜ ਲਾਲੀ ਗਿੱਲ ਨੇ ਕਿਹਾ ਕਿ ਪੰਜਾਬ ਰਾਜ ਮਹਿਲਾ ਕਮਿਸ਼ਨ ਅਤੇ ਪੰਜਾਬ ਪੁਲਿਸ ਔਰਤਾਂ ਦੀ ਸੁਰੱਖਿਆ ਅਤੇ ਤੰਦਰੁਸਤੀ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਮਰਪਿਤ ਟੀਮਾਂ ਬਾਕੀ ਲਾਪਤਾ ਲੜਕੀਆਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਨੂੰ ਜਲਦੀ ਤੋਂ ਜਲਦੀ ਉਨ੍ਹਾਂ ਦੇ ਪਰਿਵਾਰਾਂ ਨਾਲ ਮਿਲਾਉਣ ਲਈ 24 ਘੰਟੇ ਕੰਮ ਕਰ ਰਹੀਆਂ ਹਨ।

ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਸ਼੍ਰੀਮਤੀ ਰਾਜ ਲਾਲੀ ਗਿੱਲ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਗੈਰ-ਪ੍ਰਮਾਣਿਤ ਜਾਣਕਾਰੀ ਜਾਂ ਅਫਵਾਹਾਂ ਨਾ ਫੈਲਾਉਣ ਤਾਂ ਜੋ ਲੋਕ ਸਹਿਮ ਅਤੇ ਚਿੰਤਾ ਦੇ ਸ਼ਿਕਾਰ ਨਾ ਹੋਣ। ਭਰੋਸੇਯੋਗ ਜਾਣਕਾਰੀ ਵਾਲੇ ਕਿਸੇ ਵੀ ਵਿਅਕਤੀ ਨੂੰ ਤੁਰੰਤ ਲੁਧਿਆਣਾ ਪੁਲਿਸ ਜਾਂ ਪੰਜਾਬ ਰਾਜ ਮਹਿਲਾ ਕਮਿਸ਼ਨ ਨਾਲ ਸੰਪਰਕ ਕਰਨ ਅਤੇ ਜਾਂਚ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ ਜਾਂਦੀ ਹੈ।

## ਹੜ੍ਹ ਸਬੰਧੀ ਕੀਤੀ ਗਈ ਬੈਠਕ, ਕੰਟਰੋਲ ਰੂਮ ਸਥਾਪਤ : ਸਹਾਇਕ ਕਮਿਸ਼ਨਰ



**ਬਠਿੰਡਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹੜ੍ਹਾਂ ਸਬੰਧੀ ਅਗਾਊਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਦੇ ਨਿਰਦੇਸ਼ਾਂ ਹੇਠ ਸਹਾਇਕ ਕਮਿਸ਼ਨਰ (ਜ) ਸ਼੍ਰੀ ਗੁਰਜਿੰਦਰ ਪਾਲ ਸਿੰਘ ਨੇ ਅੱਜ ਸਾਰੇ ਵਿਭਾਗਾਂ ਨਾਲ ਬੈਠਕ ਕੀਤੀ।

ਉਨ੍ਹਾਂ ਦੱਸਿਆ ਕਿ ਜੇਕਰ ਹੜ੍ਹ ਵਰਗੇ ਹਾਲਾਤ ਬਣਦੇ ਹਨ ਤਾਂ ਉਸ ਸਥਿਤੀ 'ਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਕੰਟਰੋਲ ਰੂਮ ਸਥਾਪਿਤ ਕੀਤੇ ਗਏ ਹਨ, ਜਿਸ ਤਹਿਤ 0164-2862100, 7508018100, 9878421400 ਨੰਬਰਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਬਿਜਲੀ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਉਹ ਪਾਣੀ ਭਰਨ ਦੀ ਸਥਿਤੀ ਚ ਬਿਜਲੀ ਸਪਲਾਈ ਅਤੇ ਬਿਜਲੀ ਦੀਆਂ ਤਾਰਾਂ ਦਾ ਖਾਸ ਖਿਆਲ ਰੱਖਣ ਤਾਂ ਜੋ ਕਿਸੇ ਵੀ ਕਿਸਮ ਦੇ ਕਰੰਟ ਨਾਲ ਹੋਣ ਵਾਲੇ ਨੁਕਸਾਨ ਸਬੰਧੀ ਵਾਰਦਾਤ ਨਾ ਵਾਪਰੇ।

ਉਨ੍ਹਾਂ ਨਗਰ ਨਿਗਮ ਬਠਿੰਡਾ ਨੂੰ ਨਿਰਦੇਸ਼ ਦਿੱਤੇ ਕਿ ਮਾਨਸਾ ਰੋਡ ਅਤੇ ਪਰਸ ਰਾਮ ਨਗਰ ਨੂੰ ਜਾਂਦੇ ਰੇਲਵੇ ਅੰਡਰ ਬ੍ਰਿਜ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣ। ਨਗਰ ਨਿਗਮ ਅਧਿਕਾਰੀਆਂ ਨੇ ਦੱਸਿਆ ਕਿ ਪਾਣੀ ਦੀ ਨਿਕਾਸੀ ਲਈ ਕੁੱਲ ਅੱਠ ਪੰਪ ਲਗਾਏ ਗਏ ਹਨ। ਜੇਕਰ ਇਹ ਪੰਪ ਖ਼ਰਾਬ ਹੋ ਜਾਂਦੇ ਹਨ ਤਾਂ ਦੋ ਹੋਰ ਪੰਪ ਸੈੱਟ ਰੱਖੇ ਗਏ ਹਨ, ਜਿਨ੍ਹਾਂ ਨੂੰ ਲੋੜ ਪੈਣ ਤੇ ਇਕ ਥਾਂ ਤੋਂ ਦੂਜੇ ਥਾਂ ਲਿਜਾਇਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ 'ਚ ਸੀਵਰ ਦੀ ਸਫਾਈ ਦਾ ਕੰਮ ਚੱਲ ਰਿਹਾ ਹੈ, ਜਿਸ ਲਈ ਤਿੰਨ ਸੁਪਰ ਸੱਕਰ ਮਸ਼ੀਨਾਂ ਲਗਾਈਆਂ ਗਈਆਂ ਹਨ। ਇਸੇ ਤਰ੍ਹਾਂ ਸ਼ਹਿਰ ਚ 13 ਥਾਵਾਂ ਦੀ ਨਿਸ਼ਾਨਦੇਹੀ ਕੀਤੀ ਗਈ ਹੈ, ਜਿੱਥੇ ਪਾਣੀ ਭਰ ਜਾਂਦਾ ਹੈ ਅਤੇ ਇਨ੍ਹਾਂ ਇਲਾਕਿਆਂ ਚੋਂ ਪਾਣੀ ਦੀ ਨਿਕਾਸੀ ਲਈ ਵਿਸ਼ੇਸ਼ ਤੌਰ 'ਤੇ ਨਗਰ ਨਿਗਮ ਦਾ ਸਟਾਫ ਤਾਇਨਾਤ ਕੀਤਾ ਗਿਆ ਹੈ। ਇਨ੍ਹਾਂ ਥਾਵਾਂ 'ਚ ਪਾਵਰ ਹਾਊਸ ਰੋਡ, ਪਰਸ ਰਾਮ ਨਗਰ, ਸਿਰਕੀ ਬਾਜ਼ਾਰ ਅਤੇ ਹੋਰ ਇਲਾਕੇ ਸ਼ਾਮਲ ਹਨ।

ਸਹਾਇਕ ਕਮਿਸ਼ਨਰ (ਜ) ਨੇ ਨਿਰਦੇਸ਼ ਦਿੱਤੇ ਕਿ 15 ਜੂਨ ਤੋਂ ਪਹਿਲਾਂ-ਪਹਿਲਾਂ ਸ਼ਹਿਰ ਦੇ ਸੀਵਰ ਦੀ ਸਫਾਈ ਮੁਕੰਮਲ ਕਰ ਲਈ ਜਾਵੇ। ਨਾਲ ਹੀ ਉਨ੍ਹਾਂ ਕਿਹਾ ਹੀ ਪੰਪ ਮਸ਼ੀਨਾਂ 'ਤੇ ਤਾਇਨਾਤ ਕਰਮਚਾਰੀਆਂ ਦੀ ਡਿਊਟੀ ਕ੍ਰਮਵਾਰ ਲਗਾਈ ਜਾਵੇ ਅਤੇ ਤੁਰੰਤ ਪਾਣੀ ਦਾ ਹੱਲ ਕੱਢਣ ਸਬੰਧੀ ਨਿਰਦੇਸ਼ ਦਿੱਤੇ ਜਾਣ।

ਸਿੰਜਾਈ ਵਿਭਾਗ ਨੇ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਵਿਚੋਂ 623 ਕਿਲੋ ਮੀਟਰ ਲੰਬੀਆਂ ਨਹਿਰਾਂ ਆਦਿ ਨਿਕਲਦੀਆਂ ਹਨ ਜਿਨ੍ਹਾਂ ਦੀ ਸਫਾਈ ਝੋਨੇ ਦਾ ਸੀਜ਼ਨ ਸ਼ੁਰੂ ਹੋਣ ਤੋਂ ਪਹਿਲਾਂ ਕਰਵਾ ਲਈ ਗਈ ਹੈ। ਨਾਲ ਹੀ 20000 ਗੱਟਿਆਂ ਦਾ ਇੰਤਜ਼ਾਮ ਵੀ ਕੀਤਾ ਗਿਆ ਹੈ, ਜਿਨ੍ਹਾਂ ਦੀ ਵਰਤੋਂ ਕਿਸੇ ਵੀ ਕਿਸਮ ਦੇ ਪਾੜ ਦੌਰਾਨ ਕੀਤੀ ਜਾ ਸਕਦੀ ਹੈ। ਪਸ਼ੂ ਪਾਲਣ ਵਿਭਾਗ ਨੇ ਦੱਸਿਆ ਕਿ ਜ਼ਿਲ੍ਹੇ 'ਚ ਟੀਮਾਂ ਬਣਾਈਆਂ ਗਈਆਂ ਹਨ ਜਿੰਨ੍ਹਾਂ ਵੱਲੋਂ ਪਸ਼ੂਆਂ ਨੂੰ ਮੂੰਹ ਖੁਰ ਦੀ ਬਿਮਾਰੀ ਰੋਕਣ ਦੇ ਟੀਕੇ ਅਤੇ ਗੱਲ ਘੋਟੂ ਬਿਮਾਰੀ ਰੋਕਣ ਦੇ ਟੀਕੇ ਲਗਾਏ ਜਾ ਰਹੇ ਹਨ। ਮੰਡੀ ਬੋਰਡ ਵਿਭਾਗ ਨੂੰ ਨਿਰਦੇਸ਼ ਦਿੱਤੇ ਗਏ ਕਿ ਉਹ ਤਰਪਾਲਾਂ ਅਤੇ ਲਾਈਟਾਂ ਦਾ ਪ੍ਰਬੰਧ ਕਰਕੇ ਰੱਖਣ ਤਾਂ ਜੋ ਲੋੜ ਅਨੁਸਾਰ ਇਸ ਨੂੰ ਆਮ ਜਨਤਾ ਨੂੰ ਵਰਤੋਂ ਲਈ ਦਿੱਤਾ ਜਾ ਸਕੇ। ਜ਼ਿਲ੍ਹਾ ਸਿੱਖਿਆ ਅਫਸਰ ਨੂੰ ਨਿਰਦੇਸ਼ ਦਿੱਤੇ ਕਿ ਹੜ੍ਹਾਂ ਦੀ ਸਥਿਤੀ 'ਚ ਉਨ੍ਹਾਂ ਹੇਠਾਂ ਪੈਂਦੇ ਸਕੂਲਾਂ ਨੂੰ ਰਿਲੀਫ਼ ਕੇਂਦਰ ਵੱਜੋਂ ਇਸਤੇਮਾਲ ਕੀਤਾ ਜਾ ਸਕਦਾ ਹੈ ਇਸ ਕਰਕੇ ਉਹ ਇਸ ਸਬੰਧੀ ਪ੍ਰਬੰਧ ਮੁਕੰਮਲ ਰੱਖਣ।

ਇਸ ਮੌਕੇ ਐੱਸ.ਪੀ. ਸ਼੍ਰੀ ਕਰਮਜੀਤ ਸਿੰਘ ਸੰਧਾਵਾਲੀਆ, ਜ਼ਿਲ੍ਹਾ ਖੇਡ ਅਫਸਰ ਸ਼੍ਰੀ ਰੁਪਿੰਦਰ ਪਾਲ ਸਿੰਘ ਅਤੇ ਹੋਰਨਾਂ ਵਿਭਾਗਾਂ ਦੇ ਮੁਖੀ ਆਦਿ ਹਾਜ਼ਰ ਸਨ।

## ਆਤਮਾ ਸਕੀਮ ਤਹਿਤ ਕਿਸਾਨ ਗੋਸ਼ਟੀ ਅਤੇ ਖੇਤ ਬਚਾਓ ਅਭਿਆਨ ਤਹਿਤ ਜਾਗਰੂਕਤਾ ਕੈਂਪ ਲਗਾਇਆ



**ਤਰਨਤਾਰਨ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸਨਰ, ਤਰਨ ਤਾਰਨ ਸ੍ਰੀ ਰਾਹੁਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਮੁੱਖ ਖੇਤੀਬਾੜੀ ਅਫ਼ਸਰ ਤਰਨ ਤਾਰਨ ਡਾ. ਤੇਜਬੀਰ ਸਿੰਘ ਭੰਗੂ ਦੀ ਰਹਿਨੁਮਾਈ ਅਤੇ ਬਲਾਕ ਖੇਤੀਬਾੜੀ ਅਫ਼ਸਰ ਨੌਸ਼ਹਿਰਾ ਪਨੂੰਆਂ ਡਾ. ਮਲਵਿੰਦਰ ਸਿੰਘ ਦੀ ਅਗਵਾਈ ਵਿੱਚ ਬਲਾਕ ਨੌਸ਼ਹਿਰਾ ਪੰਨੂਆਂ ਦੇ ਪਿੰਡ ਢੋਟੀਆਂ ਵਿਖੇ ਆਤਮਾ ਸਕੀਮ ਤਹਿਤ ਕਿਸਾਨ ਗੋਸ਼ਟੀ ਅਤੇ ਖੇਤ ਬਚਾਓ ਅਭਿਆਨ ਤਹਿਤ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮੰਤਵ ਖੇਤ ਦੀ ਜ਼ਮੀਨ ਦੀ ਦੇਖ-ਭਾਲ ਤੇ ਖ਼ਾਦਾਂ ਦੀ ਸੰਤੁਲਿਤ ਵਰਤੋਂ ਅਤੇ ਬਾਸਮਤੀ ਦੀ ਪਨੀਰੀ ਨੂੰ ਬੀਜਣ ਦਾ ਢੰਗ ਅਤੇ ਝੋਨੇ ਦੀ ਫ਼ਸਲ ਦੀਆਂ ਬਿਮਾਰੀਆਂ ਸਬੰਧੀ ਜਾਣਕਾਰੀ ਦੇਣਾ ਸੀ। ਫਾਰਮ ਸਲਾਹਕਾਰ ਕੇਂਦਰ ਤੋਂ ਆਏ ਡਾ. ਪਰਮਿੰਦਰ ਸਿੰਘ ਨੇ ਝੋਨੇ ਅਤੇ ਬਾਸਮਤੀ ਦੀਆਂ ਕਿਸਮਾਂ ਅਤੇ ਝੋਨੇ ਅਤੇ ਬਾਸਮਤੀ ਵਿੱਚ ਨਦੀਨਾਂ ਦੀ ਰੋਕਥਾਮ, ਬਿਮਾਰੀਆਂ ਅਤੇ ਕੀੜੇ-ਮਕੌੜਿਆਂ ਦੇ ਹਮਲਿਆਂ ਤੋਂ ਬਚਾਅ ਸਬੰਧੀ ਜਾਣਕਾਰੀ ਦਿੱਤੀ। ਫਾਰਮਰ ਸਲਾਹਕਾਰ ਕੇਂਦਰ ਵੱਲੋਂ ਡਾ. ਪਰਮਿੰਦਰ ਕੌਰ ਨੇ ਝੋਨੇ ਅਤੇ ਬਾਸਮਤੀ ਵਿੱਚ ਕੀੜੇ-ਮਕੌੜਿਆਂ ਦੀ ਰੋਕਥਾਮ ਲਈ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਸੁਖਵਿੰਦਰ ਸਿੰਘ ਏ.ਈ.ਓ ਨੇ ਕਿਸਾਨਾਂ ਨੂੰ ਪੀ.ਐਮ ਕਿਸਾਨ ਸਨਮਾਨ ਨਿਧੀ ਯੋਜਨਾ ਅਤੇ ਫਾਰਮਰ ਐਡਵਾਈਜ਼ਰੀ ਕੈਂਪ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਮਨਦੀਪ ਸਿੰਘ ਪੰਨੂ ਏ.ਈ.ਓ ਨੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਅਤੇ ਸਾਉਣੀ ਮੱਕੀ ਦੀ ਬਿਜਾਈ ਸਬੰਧੀ ਜਾਣਕਾਰੀ ਦਿੱਤੀ। ਬਲਜਿੰਦਰ ਸਿੰਘ ਬਾਠ ਏ.ਈ.ਓ ਨੇ ਕਿਸਾਨਾਂ ਨੂੰ ਮਿੱਟੀ ਪਰਖ ਬਾਰੇ ਸੰਖੇਪ ਜਾਣਕਾਰੀ ਦਿੱਤੀ। ਸਟੇਜ ਸਕੱਤਰ ਦੀ ਭੂਮਿਕਾ ਮਨਦੀਪ ਸਿੰਘ ਏ,ਈ,ਓ ਨੇ ਨਿਭਾਈ। ਅੰਤ ਵਿੱਚ ਸੁਖਵਿੰਦਰ ਸਿੰਘ ਏ.ਈ.ਓ ਨੇ ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਵਿੱਚ ਚੱਲ ਰਹੀਆ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਅਤੇ ਆਏ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ। ਇਸ ਕੈਂਪ ਵਿੱਚ ਤਲਵਿੰਦਰ ਸਿੰਘ ਏ.ਐਸ.ਆਈ, ਅਜੇਪਾਲ ਸਿੰਘ ਏ.ਟੀ.ਐਮ, ਸੁਖਮਨ ਸਿੰਘ, ਜਗਜੀਤ ਸਿੰਘ ਫੀਲਡ ਵਰਕਰ, ਪਿੰਡ ਢੋਟੀਆਂ ਤੇ ਹੋਰ ਪਿੰਡਾਂ ਦੇ ਕਿਸਾਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਫਿਰੋਜ਼ਪੁਰ-ਫਾਜ਼ਿਲਕਾ ਰੋਡ 'ਤੇ ਤੜਕਸਾਰ ਵਾਪਰੇ ਹਾਦਸੇ 'ਚ 8 ਦੀ ਮੌਤ, ਕਈ ਜ਼ਖਮ

**ਫਿਰੋਜ਼ਪੁਰ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਫਿਰੋਜ਼ਪੁਰ-ਫਾਜ਼ਿਲਕਾ ਰੋਡ 'ਤੇ ਜੰਗਾ ਵਾਲਾ ਮੋੜ ਨੇੜੇ ਅੱਜ ਸਵੇਰੇ ਪਿਕਅੱਪ ਗੱਡੀ ਦੀ ਟਰੱਕ ਨਾਲ ਟੱਕਰ ਹੋਣ ਕਾਰਨ ਅੱਠ ਲੋਕਾਂ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖਮੀ ਹੋ ਗਏ। ਮਿਲੀ ਜਾਣਕਾਰੀ ਅਨੁਸਾਰ ਇੱਕੋ ਪਰਿਵਾਰ ਦੇ ਕਰੀਬ 25 ਵਿਅਕਤੀ, ਜਿਨ੍ਹਾਂ ਵਿੱਚ ਔਰਤਾਂ ਅਤੇ ਬੱਚੇ ਸ਼ਾਮਲ ਸਨ, ਜਲਾਲਾਬਾਦ ਤੋਂ ਬਿਆਸ ਵੱਲ ਆਪਣੇ ਇੱਕ ਰਿਸ਼ਤੇਦਾਰ ਦੀਆਂ ਅਸਥੀਆਂ ਜਲ ਪ੍ਰਵਾਹ ਕਰਨ ਲਈ ਜਾ ਰਹੇ ਸਨ, ਜਦੋਂ ਉਨ੍ਹਾਂ ਦੀ ਗੱਡੀ ਹਾਦਸੇ ਦਾ ਸ਼ਿਕਾਰ ਹੋ ਗਈ।ਉਨ੍ਹਾਂ ਵਿੱਚੋਂ ਕਈਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਗੰਭੀਰ ਰੂਪ ਵਿੱਚ ਜ਼ਖਮੀਆਂ ਨੂੰ ਫਿਰੋਜ਼ਪੁਰ ਦੇ ਸਿਵਲ ਹਸਪਤਾਲ ਲਿਆਂਦਾ ਗਿਆ। ਸੀਨੀਅਰ ਮੈਡੀਕਲ ਅਫਸਰ ਡਾ: ਨਿਖਿਲ ਗੁਪਤਾ ਨੇ ਦੱਸਿਆ ਕਿ ਜੋ ਲੋਕ ਗੰਭੀਰ ਹਾਲਤ ਵਿੱਚ ਸਨ, ਉਨ੍ਹਾਂ ਨੂੰ ਫਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਸਰਕਾਰੀ ਮੈਡੀਕਲ ਕਾਲਜ ਰੈਫਰ ਕਰ ਦਿੱਤਾ ਗਿਆ ਹੈ। ਐੱਸਐੱਸਪੀ ਭੁਪਿੰਦਰ ਸਿੰਘ, ਜੋ ਹੋਰ ਸੀਨੀਅਰ ਅਧਿਕਾਰੀਆਂ ਨਾਲ ਮੌਕੇ 'ਤੇ ਪਹੁੰਚੇ, ਨੇ ਕਿਹਾ ਕਿ ਪੁਲਿਸ ਹਾਦਸੇ ਦੇ ਸਹੀ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਕਰ ਰਹੀ ਹੈ।

## ਖੇਤ ਬਚਾਓ ਅਭਿਆਨ ਤਹਿਤ ਕਰਨੀ ਖੇੜਾ ਅਤੇ ਸਨੀਆ ਪਿੰਡਾਂ ਵਿੱਚ ਜਾਗਰੂਕਤਾ ਪ੍ਰੋਗਰਾਮ ਆਯੋਜਿਤ




**ਅਬੋਹਰ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਤੀਬਾੜੀ ਵਿਗਿਆਨ ਕੇਂਦਰ (ਕੇ.ਵੀ.ਕੇ.), ਫਾਜ਼ਿਲਕਾ ਵੱਲੋਂ ਖੇਤ ਬਚਾਓ ਅਭਿਆਨ ਤਹਿਤ ਕਰਨੀ ਖੇੜਾ ਅਤੇ ਸਨੀਆ ਪਿੰਡਾਂ ਵਿੱਚ ਸੰਤੁਲਿਤ ਉਰਵਰਕ ਵਰਤੋਂ ਅਤੇ ਸਿੰਗਲ ਯੂਜ਼ ਪਲਾਸਟਿਕ ਦੇ ਮਾੜੇ ਪ੍ਰਭਾਵ ਵਿਸ਼ੇ 'ਤੇ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ।

ਪ੍ਰੋਗਰਾਮ ਵਿੱਚ ਕਿਸਾਨਾਂ ਨੂੰ ਮਿੱਟੀ ਦੀ ਉਪਜਾਊ ਸ਼ਕਤੀ ਅਤੇ ਸਿਹਤ ਨੂੰ ਬਣਾਈ ਰੱਖਣ ਲਈ ਸੰਤੁਲਿਤ ਅਤੇ ਵਿਗਿਆਨਕ ਢੰਗ ਨਾਲ ਉਰਵਰਕਾਂ ਦੀ ਵਰਤੋਂ ਦੇ ਮਹੱਤਵ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੱਤੀ ਗਈ।

ਨਾਲ ਹੀ ਸਿੰਗਲ ਯੂਜ਼ ਪਲਾਸਟਿਕ ਦੀ ਬੇਲੋੜੀ ਵਰਤੋਂ ਨਾਲ ਵਾਤਾਵਰਣ, ਮਿੱਟੀ ਅਤੇ ਮਨੁੱਖੀ ਸਿਹਤ 'ਤੇ ਪੈਣ ਵਾਲੇ ਗੰਭੀਰ ਮਾੜੇ ਪ੍ਰਭਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ।

ਇਸ ਮੌਕੇ ਕੇ.ਵੀ.ਕੇ. ਟੀਮ ਦੇ ਮੈਂਬਰ ਸ੍ਰੀ ਪ੍ਰਿਥਵੀਰਾਜ, ਸ੍ਰੀ ਰਮੇਸ਼ ਕਾਂਟਵਾ, ਡਾ. ਕਿਸ਼ਨ ਪਟੇਲ ਅਤੇ ਡਾ. ਜਗਦੀਸ਼ ਅਰੋੜਾ ਨੇ ਕਿਸਾਨਾਂ ਨੂੰ ਵਾਤਾਵਰਣ ਸੰਭਾਲ, ਪਲਾਸਟਿਕ ਮੁਕਤ ਮਾਹੌਲ ਅਤੇ ਟਿਕਾਊ ਖੇਤੀ ਵਿਧੀਆਂ ਅਪਣਾਉਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਮਿੱਟੀ ਪਰੀਖਣ ਅਧਾਰਤ ਉਰਵਰਕ ਵਰਤੋਂ ਅਤੇ ਪਲਾਸਟਿਕ ਕੂੜੇ ਦੇ ਉਚਿਤ ਪ੍ਰਬੰਧਨ 'ਤੇ ਜ਼ੋਰ ਦਿੱਤਾ।ਪ੍ਰੋਗਰਾਮ ਵਿੱਚ ਕਿਸਾਨਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਇਸ ਤਰ੍ਹਾਂ ਦੀਆਂ ਜਾਗਰੂਕਤਾ ਗਤੀਵਿਧੀਆਂ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਵੀ ਅਜਿਹੇ ਪ੍ਰੋਗਰਾਮ ਨਿਯਮਤ ਰੂਪ ਵਿੱਚ ਆਯੋਜਿਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

## ਛੱਤਬੀੜ ਚਿੜੀਆਘਰ ਨੇ ਸੈਲਾਨਿਆਂ ਤੋਂ ਪੌਦੇ ਲਵਾ ਕੇ ਮਨਾਇਆ ਵਿਸ਼ਵ ਵਾਤਾਵਰਣ ਦਿਵਸ




**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਛੱਤਬੀੜ ਚਿੜੀਆਘਰ ਨੇ ਇੱਕ ਵਿਲੱਖਣ ਪਹਿਲ ਕਰਦਿਆਂ ਵਿਸ਼ਵ ਵਾਤਾਵਰਣ ਦਿਵਸ ਮਨਾਇਆ, ਜਿਥੇ ਚਿੜੀਆਘਰ ਦੇ ਕਰਮੀਆਂ ਦੀ ਥਾਂ ਬੇਲਚੇ ਆਮ ਸੈਲਾਨੀਆਂ ਦੇ ਹੱਥਾਂ ਵਿੱਚ ਦੇਖਣ ਨੂੰ ਮਿਲੇ। ਪੰਜਾਬ ਅਤੇ ਇਸ ਤੋਂ ਬਾਹਰ ਦੇ ਸੈਲਾਨੀਆਂ ਨੇ ਚਿੜੀਆਘਰ ਦੀ ਥਾਂ ਅੰਦਰ 100 ਤੋਂ ਵੱਧ ਪੌਦੇ ਲਗਾ ਕੇ ਆਪਣੀ ਫੇਰੀ ਨੂੰ ਵਾਤਾਵਰਣ ਸੰਭਾਲ ਦੇ ਵਿਹਾਰਕ ਉੱਦਮ ਵਿੱਚ ਬਦਲ ਦਿੱਤਾ।

ਪੌਦੇ ਲਾਉਣ ਦੀ ਮੁਹਿੰਮ ਤੋਂ ਬਾਅਦ ਸਾਰਿਆਂ ਵੱਲੋਂ ਵਾਤਾਵਰਣ ਦੀ ਸੰਭਾਲ ਪ੍ਰਤੀ ਸਮੂਹਿਕ ਤੌਰ 'ਤੇ ਸਹੁੰ ਚੁੱਕੀ ਗਈ, ਜਿਸ ਵਿੱਚ 2,500 ਤੋਂ ਵੱਧ ਸੈਲਾਨੀਆਂ ਨੇ ਆਪਣੇ ਰੋਜ਼ਾਨਾ ਜੀਵਨ ਵਿੱਚ ਵਾਤਾਵਰਣ ਦੀ ਸੁਰੱਖਿਆ ਅਤੇ ਇਸਨੂੰ ਹਰਿਆ-ਭਰਿਆ ਬਣਾਉਣ ਦਾ ਪ੍ਰਣ ਲਿਆ।

ਇਸ ਪਹਿਲਕਦਮੀ ਦੀ ਅਗਵਾਈ ਫੀਲਡ ਡਾਇਰੈਕਟਰ ਨਲਿਨ ਯਾਦਵ ਅਤੇ ਐਜੂਕੇਸ਼ਨ ਕਮ ਪੀਆਰਓ ਹਰਪਾਲ ਸਿੰਘ ਨੇ ਕੀਤੀ। ਆਮ ਜਨਤਾ ਨੂੰ ਸਿੱਧੇ ਤੌਰ 'ਤੇ ਵਾਤਾਵਰਣ ਸੰਭਾਲ ਦੇ ਕਾਰਜ ਵਿੱਚ ਸ਼ਾਮਲ ਕਰਨ ਦੇ ਉਨ੍ਹਾਂ ਦੇ ਯਤਨਾਂ ਨੂੰ ਸੈਲਾਨੀਆਂ ਵੱਲੋਂ ਭਰਪੂਰ ਸਰਾਹਿਆ ਗਿਆ।

ਫੀਲਡ ਡਾਇਰੈਕਟਰ ਨਲਿਨ ਯਾਦਵ ਨੇ ਕਿਹਾ ਕਿ ਵਾਤਾਵਰਣ ਸੁਰੱਖਿਆ ਕੋਈ ਇੱਕ ਦਿਨ ਦਾ ਕਾਰਜ ਨਹੀਂ। ਜਦੋਂ ਲੋਕ ਆਪਣੇ ਹੱਥਾਂ ਨਾਲ ਪੌਦਾ ਲਗਾਉਂਦੇ ਹਨ ਇਸ ਨਾਲ ਉਨ੍ਹਾਂ ਦਾ ਜੀਵਨ ਭਰ ਦਾ ਬੰਧਨ ਬਣ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਚਿੜੀਆਘਰ ਦੀ ਮੈਨੇਜਮੈਂਟ ਵਾਤਾਵਰਣ ਸੰਭਾਲ ਵਿੱਚ ਜਨਤਕ ਭਾਗੀਦਾਰੀ ਨੂੰ ਆਪਣੀ ਨਿਯਮਤ ਵਿਸ਼ੇਸ਼ਤਾ ਬਣਾਉਣ ਦੀ ਯੋਜਨਾ ਬਣਾ ਰਹੀ ਹੈ, ਜੋ ਇਸ ਗੱਲ ਨੂੰ ਦਰਸਾਉਂਦਾ ਮਜ਼ਬੂਤ ਹੈ ਕਿ ਵਾਤਾਵਰਣ ਸੰਭਾਲ ਹਰ ਨਾਗਰਿਕ ਤੋਂ ਸ਼ੁਰੂ ਹੁੰਦੀ ਹੈ।

## ਭਗਤ ਪੂਰਨ ਸਿੰਘ ਜੀ ਦੀ ਮਨੁੱਖਤਾ ਭਰੀ ਸੇਵਾ ਸਦਾ ਪ੍ਰੇਰਨਾ ਸਰੋਤ ਰਹੇਗੀ: ਹਰਦਿਆਲ ਸਿੰਘ ਭੱਟੀ

### ਭਗਤ ਪੂਰਨ ਸਿੰਘ ਜੀ ਦੇ ਨਾਮ 'ਤੇ ਆਧੁਨਿਕ ਹਸਪਤਾਲ ਸਥਾਪਿਤ ਕਰਨ ਦੀ ਕੀਤੀ ਮੰਗ

**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮਨੁੱਖਤਾ ਦੇ ਮਹਾਨ ਪੁਜਾਰੀ ਅਤੇ ਪਿੰਗਲਵਾੜਾ ਦੇ ਸੰਸਥਾਪਕ ਭਗਤ ਪੂਰਨ ਸਿੰਘ ਦੇ 122ਵੇਂ ਜਨਮ ਦਿਵਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਹਰਦਿਆਲ ਸਿੰਘ ਭੱਟੀ ਨੇ ਉਨ੍ਹਾਂ ਨੂੰ ਸ਼ਰਧਾ ਅਤੇ ਸਤਿਕਾਰ ਨਾਲ ਯਾਦ ਕਰਦਿਆਂ ਕੋਟਿ-ਕੋਟਿ ਪ੍ਰਣਾਮ ਕੀਤਾ।

ਆਪਣੇ ਸੰਦੇਸ਼ ਵਿੱਚ ਸ. ਭੱਟੀ ਨੇ ਕਿਹਾ ਕਿ ਭਗਤ ਪੂਰਨ ਸਿੰਘ ਜੀ ਦਾ ਜੀਵਨ ਸੇਵਾ, ਸਾਦਗੀ, ਤਿਆਗ ਅਤੇ ਮਨੁੱਖਤਾ ਦੀ ਨਿਸ਼ਕਾਮ ਭਾਵਨਾ ਦਾ ਪ੍ਰਤੀਕ ਸੀ। ਉਨ੍ਹਾਂ ਨੇ ਆਪਣਾ ਸਾਰਾ ਜੀਵਨ ਲੋੜਵੰਦਾਂ, ਬਿਮਾਰਾਂ, ਬੇਸਹਾਰਿਆਂ ਅਤੇ ਸਮਾਜ ਵੱਲੋਂ ਅਣਗੌਲੇ ਲੋਕਾਂ ਦੀ ਸੇਵਾ ਲਈ ਸਮਰਪਿਤ ਕਰ ਦਿੱਤਾ ਅਤੇ ਮਨੁੱਖਤਾ ਦੀ ਸੇਵਾ ਦੀ ਇੱਕ ਵਿਲੱਖਣ ਮਿਸਾਲ ਕਾਇਮ ਕੀਤੀ।

ਉਨ੍ਹਾਂ ਕਿਹਾ ਕਿ ਭਗਤ ਪੂਰਨ ਸਿੰਘ ਜੀ ਵੱਲੋਂ ਸਥਾਪਿਤ ਪਿੰਗਲਵਾੜਾ ਅੱਜ ਵੀ ਹਜ਼ਾਰਾਂ ਲੋੜਵੰਦਾਂ ਲਈ ਆਸਰੇ ਦਾ ਕੇਂਦਰ ਬਣਿਆ ਹੋਇਆ ਹੈ ਅਤੇ ਨਿਸ਼ਕਾਮ ਸੇਵਾ ਦਾ ਸੰਦੇਸ਼ ਦੇ ਰਿਹਾ ਹੈ।

ਉਨ੍ਹਾਂ ਦਾ ਜੀਵਨ ਅਤੇ ਉੱਚੇ ਆਦਰਸ਼ ਸਮਾਜ ਨੂੰ ਲੋਕ ਭਲਾਈ, ਸੇਵਾ ਅਤੇ ਮਨੁੱਖਤਾ ਦੇ ਰਾਹ 'ਤੇ ਚੱਲਣ ਲਈ ਸਦਾ ਪ੍ਰੇਰਿਤ ਕਰਦੇ ਰਹਿਣਗੇ।

ਸ. ਭੱਟੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕੀਤੀ ਕਿ ਭਗਤ ਪੂਰਨ ਸਿੰਘ ਜੀ ਦੀਆਂ ਬੇਮਿਸਾਲ ਸੇਵਾਵਾਂ ਨੂੰ ਸਨਮਾਨ ਦਿੰਦਿਆਂ ਉਨ੍ਹਾਂ ਦੇ ਨਾਮ 'ਤੇ ਇੱਕ ਆਧੁਨਿਕ ਅਤੇ ਹਰ ਪੱਖੋਂ ਲੈਸ ਹਸਪਤਾਲ ਸਥਾਪਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅਜਿਹਾ ਉਪਰਾਲਾ ਕੀਤੇ ਜਾਣ ਦਾ ਸਮਾਜ ਦੇ ਹਰ ਵਰਗ ਵੱਲੋਂ ਸਵਾਗਤ ਕੀਤਾ ਜਾਵੇਗਾ।

ਉਨ੍ਹਾਂ ਇਹ ਵੀ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਜੇਕਰ ਸ਼੍ਰੋਮਣੀ ਅਕਾਲੀ ਦਲ ਨੂੰ ਲੋਕਾਂ ਦਾ ਆਸ਼ੀਰਵਾਦ ਮਿਲਦਾ ਹੈ ਅਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸਰਕਾਰ ਬਣਦੀ ਹੈ ਤਾਂ ਭਗਤ ਪੂਰਨ ਸਿੰਘ ਜੀ ਦੇ ਨਾਮ 'ਤੇ ਇੱਕ ਆਧੁਨਿਕ, ਹਰ ਪੱਖੋਂ ਲੈਸ ਹਸਪਤਾਲ ਸਥਾਪਿਤ ਕਰਨਾ ਪਾਰਟੀ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੋਵੇਗਾ।

ਅੰਤ ਵਿੱਚ ਸ. ਭੱਟੀ ਨੇ ਕਿਹਾ ਕਿ ਭਗਤ ਪੂਰਨ ਸਿੰਘ ਜੀ ਦੀ ਸੋਚ, ਸੇਵਾ-ਭਾਵਨਾ ਅਤੇ ਮਨੁੱਖਤਾ ਲਈ ਸਮਰਪਣ ਆਉਣ ਵਾਲੀਆਂ ਪੀੜ੍ਹੀਆਂ ਲਈ ਮਾਰਗਦਰਸ਼ਕ ਬਣੇ ਰਹਿਣਗੇ ਅਤੇ ਉਨ੍ਹਾਂ ਦੇ ਆਦਰਸ਼ਾਂ ਨੂੰ ਅਪਣਾਉਣਾ ਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ।

## ਰੋਟਰੀ ਕਲੱਬ ਮਾਲੇਰਕੋਟਲਾ ਵੱਲੋਂ 'ਤਖਤ ਹਜਾਰਾ' ਵਿਖੇ ਮੁਸ਼ਾਇਰੇ ਅਤੇ ਮੈਂਗੋ ਪਾਰਟੀ ਦਾ ਆਯੋਜਨ



**ਮਲੇਰਕੋਟਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਰੋਟਰੀ ਕਲੱਬ ਮਾਲੇਰਕੋਟਲਾ ਵੱਲੋਂ ਪਰੰਪਰਾਗਤ ਮੈਂਗੋ ਪਾਰਟੀ ਦਾ ਆਯੋਜਨ ਸਥਾਨਕ ਤਖਤ ਹਜਾਰਾ( ਮੌਲੀਵੁੱਡ) ਵਿਖੇ ਕੀਤਾ ਗਿਆ। ਜਿਸ ਵਿੱਚ ਰੋਟੇਰੀਅਨਾਂ ਦੇ ਨਾਲ ਸ਼ਹਿਰ ਦੇ ਪਤਵੰਤਿਆਂ ਨੇ ਵੀ ਸ਼ਿਰਕਤ ਕੀਤੀ। ਮੈਂਗੋ ਪਾਰਟੀ ਤੋਂ ਬਾਅਦ ਇੱਕ ਸ਼ਾਨਦਾਰ ਮੁਸ਼ਾਇਰੇ ਦਾ ਵੀ ਆਯੋਜਨ ਕੀਤਾ ਗਿਆ। ਰੋਟਰੀ ਕਲੱਬ ਮਲੇਰਕੋਟਲਾ ਦੇ ਪ੍ਰਧਾਨ ਡਾਕਟਰ ਸਈਅਦ ਤਨਵੀਰ ਹੁਸੈਨ ਦੀ ਪ੍ਰਧਾਨਗੀ ਵਿੱਚ ਹੋਏ ਇਸ ਸਮਾਗਮ ਵਿੱਚ ਐਸ ਡੀ ਐਮ ਅੰਮ੍ਰਿਤਸਰ ਸ੍ਰੀ ਹਿਤੇਸ਼ਵਰ ਗੁਪਤਾ,ਮੁਖ ਮਹਿਮਾਨ ਦੇ ਤੌਰ ਤੇ ਪਹੁੰਚੇ। ਉਹਨਾਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਅਜਿਹੇ ਸਮਾਗਮਾਂ ਦਾ ਆਯੋਜਨ ਅਜੋਕੀ ਰੁਝੇਵਿਆਂ ਭਰੀ ਜਿੰਦਗੀ ਵਿੱਚ ਬਹੁਤ ਜਰੂਰੀ ਹੈ। ਇਸ ਨਾਲ ਮਨੁੱਖ ਤਨਾਅ ਮੁਕਤ ਹੁੰਦਾ ਹੈ ਅਤੇ ਮਨ ਨੂੰ ਤਾਜਗੀ ਮਹਿਸੂਸ ਹੁੰਦੀ ਹੈ। ਡਾਕਟਰ ਸਈਅਦ ਤਨਵੀਰ ਹੁਸੈਨ ਨੇ ਕਿਹਾ ਕਿ ਅੱਜ ਮਨੁੱਖ ਦਾ ਲਾਈਫ ਸਟਾਈਲ ਬਹੁਤ ਬਦਲ ਗਿਆ ਹੈ। ਮਨੁੱਖ ਰੋਜ਼ੀ ਰੋਟੀ ਕਮਾਉਣ ਦੇ ਚੱਕਰਾਂ ਵਿੱਚ ਇੰਨਾ ਉਲਝ ਗਿਆ ਹੈ ਕਿ ਉਸ ਕੋਲ ਆਪਣੇ ਅਤੇ ਆਪਣੇ ਪਰਿਵਾਰ ਦੇ ਲਈ ਸਮਾਂ ਨਹੀਂ ਹੈ। ਰੋਟਰੀ ਕਲੱਬ ਮਲੇਰਕੋਟਲਾ ਵੱਲੋਂ ਇਸ ਸਬੰਧ ਵਿੱਚ ਨਿਵੇਕਲੀ ਪਹਿਲ ਕਰਦਿਆਂ ਮੈਂਗੋ ਪਾਰਟੀ ਦੇ ਨਾਲ ਮੁਸ਼ਾਇਰੇ ਦਾ ਵੀ ਆਯੋਜਨ ਕੀਤਾ ਗਿਆ ਹੈ।ਜਿਸ ਵਿੱਚ ਪਰਿਵਾਰਾਂ ਸਮੇਤ ਸ਼ਾਮਿਲ ਹੋ ਕੇ ਰੋਟੇਰੀਅਨ ਕੁਝ ਪਲ ਖੁਸ਼ੀ ਦੇ ਆਪਸ ਵਿੱਚ ਸਾਂਝੇ ਕਰ ਸਕਦੇ ਹਨ।

ਇਸ ਮੁਸ਼ਾਇਰੇ ਵਿੱਚ ਉਸਤਾਦ ਸ਼ਾਇਰ ਸ਼੍ਰੀ ਅਨਵਾਰ ਆਜ਼ਰ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਕੇ ਆਪਣਾ ਕਲਾਮ ਪੇਸ਼ ਕੀਤਾ। ਮੁਸ਼ਾਇਰੇ ਦੀ ਨਿਜਾਮਤ ਦੀ ਜਿੰਮੇਵਾਰੀ ਡਾਕਟਰ ਮੁਹੰਮਦ ਰਫੀ ਨੇ ਬੜੇ ਹੀ ਦਿਲਚਸਪ ਅੰਦਾਜ਼ ਨਾਲ ਨਿਭਾਈ ਅਤੇ ਆਪਣਾ ਕਲਾਮ ਵੀ ਪੇਸ਼ ਕੀਤਾ। ਇਸ ਮੁਸ਼ਹਿਰੇ ਵਿੱਚ ਲੋਕਾਂ ਨੇ ਜਿਆਦਾਤਰ ਇੰਤਖਾਬ ਸ਼ਾਇਰੀ ਪੇਸ਼ ਕਰਕੇ ਆਪਣੀ ਹਾਜ਼ਰੀ ਲਗਵਾਈ ਅਤੇ ਪੀ ਡੀ ਜੀ ਸ੍ਰੀ ਅਮਜਦ ਅਲੀ ਨੇ ਵੀ ਆਪਣਾ ਕਲਾਮ ਪੇਸ਼ ਕਰਕੇ ਹਾਜਰੀਨ ਨੂੰ ਪ੍ਰਭਾਵਿਤ ਕੀਤਾ। ਸਕੂਲ ਫਾਰ ਬਲਾਇੰਡ ਐਂਡ ਡਿਸਏਬਲਡ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਸ੍ਰੀ ਰਾਸ਼ਿਦ ਸ਼ੇਖ, ਡਾਇਰੈਕਟਰ ਉਸਮਾਨ ਸਿਦੀਕੀ, ਕੈਸ਼ੀਅਰ ਮੁਹੰਮਦ ਜਮੀਲ, ਕਾਸ਼ਿਫ ਫਾਰੂਕੀ ,ਪ੍ਰਿੰਸੀਪਲ ਸ੍ਰੀ ਅਸਰਾਰ ਨਿਜਾਮੀ ,ਬਲਵਿੰਦਰ ਸਿੰਘ ਭਾਟੀਆ, ਮੁਹੰਮਦ ਮਨੀਸ਼ ਅਤੇ ਨਾਸਿਰ ਆਜ਼ਾਦ ਨੇ ਮੁਸ਼ਾਇਰੇ ਦੌਰਾਨ ਆਪਣੀ ਪੇਸ਼ਕਾਰੀ ਨਾਲ ਹਾਜ਼ਰੀ ਲਗਵਾਈ। ਮੰਚ ਦਾ ਸੰਚਾਲਨ ਰੋਟਰੀ ਕਲੱਬ ਮਾਲੇਰਕੋਟਲਾ ਦੇ ਸੈਕਟਰੀ ਐਡਵੋਕੇਟ ਇਕਬਾਲ ਅਹਿਮਦ ਨੇ ਕੀਤਾ। ਇਸ ਮੌਕੇ ਤੇ ਪੀ ਡੀ ਐਸ ਮੁਹੰਮਦ ਰਫੀਕ, ਮੈਡਮ ਫਿਰਦੋਸ ਅਮਜਦ,ਇੰਸਪੈਕਟਰ ਅਬਦੁਲ ਸੱਤਾਰ, ਡਾਕਟਰ ਸਨਾ ਤਨਵੀਰ, ਅਬਦੁਲ ਸਤਾਰ ਐਸ ਡੀ ਓ, ਮੈਡਮ ਜੋਹਰਾ ਸਤਾਰ, ਅਬਦੁਲ ਗਫਾਰ ,ਮੁਹੰਮਦ ਅਖਤਰ, ਮੁਹੰਮਦ ਫਾਰੂਕ ,ਲੈਕਚਰਾਰ ਮੁਹੰਮਦ ਅਨਵਰ, ਸਈਅਦ ਸ਼ਕੀਲ, ਸਈਅਦ ਅਜੀਮ ਹੁਸੈਨ ,ਸਈਅਦ ਮੁਨੀਰ ਹੁਸੈਨ, ਸਮਾਜ ਸੇਵੀ ਮੁਹੰਮਦ ਸ਼ਮਸ਼ਾਦ, ਜੁਬੈਰ ਉਸਮਾਨੀ ,ਸ਼ਾਇਰ ਅਲੀ ਜ਼ਮੀਰ , ਦਵਿੰਦਰਪਾਲ ਸਿੰਘ ਰਿੰਪੀ, ਹਰੀਸ਼ ਗੋਇਲ, ਨਿਤਿਨ ਜਿੰਦਲ, ਅਰਸ਼ਦੀਪ ਗੋਇਲ ਅਤੇ ਯੋਗਵੀਰ ਸਿੰਘ ਵੀ ਹਾਜ਼ਰ ਸਨ।

## ਐਨ.ਜੀ.ਓ. ਨੇ ਬੂਟੇ ਲਾ ਕੇ ਮਨਾਇਆ ਵਾਤਾਵਰਨ ਦਿਵਸ



**ਮਾਛੀਵਾੜਾ ਸਾਹਿਬ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਸਾਹਿਬ ਸੋਸ਼ਲ ਵੈਲਫੇਅਰ ਸੋਸਾਇਟੀ ਐਨ.ਜੀ.ਓ. ਵੱਲੋਂ ਖੇਡ ਗਰਾਊਂਡ ਮਾਛੀਵਾੜਾ ਵਿਖੇ ਬੂਟੇ ਲਗਾ ਕੇ ਵਾਤਾਵਰਨ ਦਿਵਸ ਮਨਾਇਆ ਗਿਆ।

ਐਨ.ਜੀ.ਓ. ਪ੍ਰਧਾਨ ਸ਼ਿਵ ਕੁਮਾਰ ਸ਼ਿਵ , ਜਗਦੀਸ਼ ਚਾਨਣਾ, ਅੰਮ੍ਰਿਤਪਾਲ ਸਮਰਾਲਾ, ਮਾਸਟਰ ਸਤੀਸ਼ ਕੁਮਾਰ,ਹਰਸ਼ਦੀਪ ਸਿੰਘ, ਹਰਮਨਦੀਪ ਸਿੰਘ ਵੱਲੋਂ ਬੂਟੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਖੇਡ ਸਟੇਡੀਅਮ ਮਾਛੀਵਾੜਾ ਵਿੱਚ ਡੇਕ ,ਸਫੈਦੇ ਅਤੇ ਫੁੱਲਦਾਰ ਬੂਟੇ ਲਗਾਏ ਗਏ।

ਸਮਾਜ ਸੇਵੀ ਸ਼ਿਵ ਕੁਮਾਰ ਸ਼ਿਵਲੀ ਨੇ ਕਿਹਾ ਕਿ ਸਾਨੂੰ ਬੂਟਿਆਂ ਨੂੰ ਲਗਾ ਕੇ ਉਹਨਾਂ ਦਾ ਪਾਲਣ ਪੋਸ਼ਣ ਕਰਦਿਆਂ ਵੱਡੇ ਕਰਨਾ ਚਾਹੀਦਾ ਹੈ, ਤਾਂ ਜੋ ਵਾਤਾਵਰਨ ਵਿੱਚ ਸ਼ੁੱਧਤਾ ਆ ਸਕੇ।

## ਡਿਪਟੀ ਕਮਿਸ਼ਨਰ ਕਮ ਪ੍ਰਿੰਸੀਪਲ ਸੈਂਸਜ ਅਫਸਰ ਫਾਜ਼ਿਲਕਾ ਵੱਲੋਂ ਸੈਂਸਜ ਅਫਸਰਾਂ ਤੇ ਚਾਰਜ ਅਫਸਰਾਂ ਨਾਲ ਬੈਠਕ

**ਫਾਜ਼ਿਲਕਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਕਮ ਪ੍ਰਿੰਸੀਪਲ ਸੈਂਸਜ ਅਫਸਰ ਫਾਜਿਲਕਾ ਅਮਰਪ੍ਰੀਤ ਕੌਰ ਸੰਧੂ ਨੇ ਸੈਂਸਜ 2027 ਸਬੰਧੀ ਵਧੀਕ ਡਿਪਟੀ ਕਮਿਸ਼ਨਰ ਕਮ-ਜ਼ਿਲ੍ਹਾ ਸੈਂਸਜ ਅਫਸਰ ਫਾਜਿਲਕਾ , ਸਮੂਹ ਉੱਪ ਮੰਡਲ ਮੈਜਿਸਟ੍ਰੇਟ ਕਮ ਉੱਪ ਮੰਡਲ ਸੈਂਸਜ ਅਫਸਰ ਅਤੇ ਸਮੂਹ ਚਾਰਜ ਅਫਸਰਾਂ ਨਾਲ ਮੀਟਿੰਗ ਕਰਦਿਆਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਮਿਤੀ 15.05.2026 ਤੋਂ 13.06.2026 ਤੱਕ ਸੈਂਸਜ 2027 ਕਰਵਾਇਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇਸ ਸੈਂਸਸ ਦਾ ਮੁੱਖ ਉਦੇਸ਼ ਲੋਕਾਂ ਦੀ ਸਮਾਜਿਕ-ਆਰਥਿਕ ਸਥਿਤੀ ਬਾਰੇ ਸਹੀ ਅਤੇ ਤਾਜ਼ਾ ਡਾਟਾ ਇਕੱਠਾ ਕਰਨਾ ਹੈ ਤਾਂ ਜੋ ਸਰਕਾਰ ਵੱਲੋਂ ਲੋਕ-ਭਲਾਈ ਯੋਜਨਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਜਦੋਂ ਗਿਣਤੀਕਾਰ ਘਰ-ਘਰ ਸਰਵੇ ਲਈ ਆਉਣ ਤਾਂ ਉਨ੍ਹਾਂ ਨੂੰ ਪੂਰਾ ਸਹਿਯੋਗ ਦਿੱਤਾ ਜਾਵੇ ਅਤੇ ਸਹੀ ਅਤੇ ਅੱਪਡੇਟ ਜਾਣਕਾਰੀ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਪਾਰਦਰਸ਼ਤਾ, ਅੰਕੜਿਆਂ ਦੀ ਸਟੀਕਤਾ ਅਤੇ ਨਿਰਧਾਰਿਤ ਸਮਾਂ-ਸੀਮਾਵਾਂ ਦੀ ਸਖ਼ਤੀ ਨਾਲ ਪਾਲਣਾ 'ਤੇ ਵੀ ਜ਼ੋਰ ਦਿੱਤਾ।

ਇਸ ਮੌਕੇ ਡਿਪਟੀ ਈ.ਐਸ.ਏ ਕਮ-ਵਧੀਕ ਜ਼ਿਲ੍ਹਾ ਸੈਂਸਜ ਅਫਸਰ ਹਰਜਿੰਦਰ ਸਿੰਘ, ਅਮਨ ਗਿਰਧਰ, ਸੁਰਿੰਦਰ ਕੰਬੋਜ ਜਿਲ੍ਹਾ ਸੈਂਸਜ ਸੈਲ ਤੋਂ ਵਿਵੇਕ ਕਟਾਰੀਆ, ਅਸ਼ੀਸ਼ ਕੁਮਾਰ ਅਤੇ ਵਰਿੰਦਰ ਕੁਮਾਰ ਹਾਜ਼ਰ ਸਨ।

## ਮੌੜ ਮੰਡੀ ਵਿਖੇ ਡੀ.ਜੇ.ਜੇ.ਐਸ. ਵੱਲੋਂ ਤੂੰ ਹੈਂ ਸ਼ਕਤੀ ਪ੍ਰੋਗਰਾਮ ਦਾ ਸਫ਼ਲ ਆਯੋਜਨ




**ਬਠਿੰਡਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਦੇ 'ਸੰਤੁਲਨ' ਪ੍ਰਕਲਪ ਦੇ ਅਧੀਨ ਮੌੜ ਮੰਡੀ ਦੇ ਪਿੰਡ ਰਾਮ ਨਗਰ ਵਿਖੇ ÷ਤੂੰ ਹੈਂ ਸ਼ਕਤੀ÷ ਪ੍ਰੋਗਰਾਮ ਦਾ ਸਫ਼ਲ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਸਮਾਗਮ ਦਾ ਮੁੱਖ ਉਦੇਸ਼ ਮਹਿਲਾਵਾਂ ਨੂੰ ਉਨ੍ਹਾਂ ਦੇ ਅਧਿਕਾਰਾਂ, ਸਮਰੱਥਾ ਅਤੇ ਅੰਦਰੂਨੀ ਸ਼ਕਤੀ ਪ੍ਰਤੀ ਜਾਗਰੂਕ ਕਰਨਾ ਸੀ। ਪ੍ਰੋਗਰਾਮ ਦੌਰਾਨ ਮਹਿਲਾਵਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਗਿਆ ਕਿ ਬਾਹਰੀ ਚੁਣੌਤੀਆਂ ਦਾ ਡਟ ਕੇ ਸਾਹਮਣਾ ਕਰਨ ਲਈ ਸਭ ਤੋਂ ਪਹਿਲਾਂ ਆਪਣੀ ਅੰਦਰੂਨੀ ਸ਼ਕਤੀ ਨੂੰ ਪਛਾਣਨਾ ਅਤੇ ਜਗਾਉਣਾ ਬੇਹੱਦ ਜ਼ਰੂਰੀ ਹੈ।

ਸਮਾਗਮ ਵਿੱਚ ਪਹੁੰਚੇ ਸਾਧਵੀ ਰੇਖਾ ਭਾਰਤੀ ਜੀ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ ਹਰ ਮਹਿਲਾ ਦੇ ਅੰਦਰ ਅਥਾਹ ਸ਼ਕਤੀ ਮੌਜੂਦ ਹੁੰਦੀ ਹੈ। ਜਦੋਂ ਉਹ ਇਸ ਸ਼ਕਤੀ ਨੂੰ ਪਛਾਣ ਲੈਂਦੀ ਹੈ, ਤਾਂ ਉਹ ਨਾ ਸਿਰਫ਼ ਆਪਣੀ ਜ਼ਿੰਦਗੀ ਦੇ ਹਾਲਾਤਾਂ ਦਾ ਸਾਹਮਣਾ ਕਰ ਸਕਦੀ ਹੈ, ਬਲਕਿ ਪਰਿਵਾਰ, ਸਮਾਜ ਅਤੇ ਦੇਸ਼ ਦੇ ਵਿਕਾਸ ਵਿੱਚ ਵੀ ਅਹਿਮ ਯੋਗਦਾਨ ਪਾ ਸਕਦੀ ਹੈ। ਉਨ੍ਹਾਂ ਨੇ ਅਧਿਕਾਰਾਂ ਅਤੇ ਆਤਮ-ਨਿਰਭਰਤਾ 'ਤੇ ਵਿਸ਼ੇਸ਼ ਜ਼ੋਰ ਦਿੰਦੇ ਹੋਏ ਕਿਹਾ ਕਿ ਮਹਿਲਾਵਾਂ ਨੂੰ ਆਤਮ-ਵਿਸ਼ਵਾਸ, ਆਤਮ-ਨਿਰਭਰਤਾ ਅਤੇ ਆਤਮ-ਸਨਮਾਨ ਨਾਲ ਜਿਉਣ ਦਾ ਸੁਨੇਹਾ ਦਿੱਤਾ ਗਿਆ। ਨਾਲ ਹੀ ਉਨ੍ਹਾਂ ਨੂੰ ਕਾਨੂੰਨੀ ਅਤੇ ਸਮਾਜਿਕ ਅਧਿਕਾਰਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਮਹਿਲਾਵਾਂ ਨੂੰ ਆਪਣੇ ਵਿਅਕਤੀਤਵ ਦੇ ਵਿਕਾਸ ਅਤੇ ਸਮਾਜਿਕ ਬਦਲਾਅ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ।ਪਿੰਡ ਰਾਮ ਨਗਰ ਦੀਆਂ ਮਹਿਲਾਵਾਂ ਨੇ ਇਸ ਪ੍ਰੋਗਰਾਮ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਇਸ ਨੂੰ ਬੇਹੱਦ ਪ੍ਰੇਰਨਾਦਾਇਕ ਅਤੇ ਗਿਆਨਵਰਧਕ ਦੱਸਿਆ। ਪ੍ਰੋਗਰਾਮ ਦਾ ਸਮਾਪਨ ਸਾਰੀਆਂ ਮਹਿਲਾਵਾਂ ਦੇ ਉੱਜਵਲ, ਸੁਰੱਖਿਅਤ ਅਤੇ ਸਨਮਾਨਜਨਕ ਭਵਿੱਖ ਦੀ ਕਾਮਨਾ ਨਾਲ ਹੋਇਆ।

## ਸੰਗਰੂਰ ਪੁਲਿਸ ਵੱਲੋਂ ਅੰਨ੍ਹਾ ਕਤਲ ਕੇਸ ਟਰੇਸ; 3 ਮੁਲਜ਼ਮ ਕਾਬੂ

**ਸੰਗਰੂਰ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾ. ਰਵਜੋਤ ਗਰੇਵਾਲ, ਐਸ.ਐਸ.ਪੀ, ਸੰਗਰੂਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਸਦਰ ਧੂਰੀ ਦੇ ਏਰੀਏ ਵਿੱਚ ਹੋਏ ਅੰਨ੍ਹੇ ਕਤਲ ਕੇਸ ਨੂੰ ਟਰੇਸ ਕਰਕੇ 03 ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ। ਡਾ. ਰਵਜੋਤ ਗਰੇਵਾਲ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿਤੀ 08.05.2026 ਨੂੰ ਮੁਦਈ ਦੇ ਲੜਕੇ ਜਗਤਾਰ ਸਿੰਘ ਵਾਸੀ ਮੀਮਸਾ (ਉਮਰ ਕਰੀਬ 38 ਸਾਲ) ਦੀ ਮੌਤ ਹੋ ਜਾਣ ਕਾਰਨ ਮਿਤੀ 09.05.2026 ਨੂੰ ਮ੍ਰਿਤਕ ਜਗਤਾਰ ਸਿੰਘ ਦੀ ਪਤਨੀ ਮਨਪ੍ਰੀਤ ਕੌਰ ਦੇ ਬਿਆਨ ਅਧਾਰ ਪਰ ਅ/ਧ 194 2 ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਸੀ। ਮਾਮਲਾ ਸ਼ੱਕੀ ਜਾਪਣ ਕਾਰਨ ਸ੍ਰੀ ਦਵਿੰਦਰ ਅੱਤਰੀ, ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਸੰਗਰੂਰ ਦੀ ਅਗਵਾਈ ਹੇਠ ਸ਼੍ਰੀ ਗੁਰਪ੍ਰੀਤ ਸਿੰਘ, ਉਪ ਕਪਤਾਨ ਪੁਲਿਸ ਸਬ ਡਵੀਜ਼ਨ ਧੂਰੀ ਦੀ ਨਿਗਰਾਨੀ ਹੇਠ ਇੰਸਪੈਕਟਰ ਕਰਨਵੀਰ ਸਿੰਘ ਸੰਧੂ, ਮੁੱਖ ਅਫਸਰ ਥਾਣਾ ਸਦਰ ਧੂਰੀ ਵੱਲੋਂ ਮਨੁੱਖੀ ਸੋਰਸਾਂ ਅਤੇ ਟੈਕਨੀਕਲ ਢੰਗ ਨਾਲ ਕਾਰਵਾਈ ਕਰਦੇ ਹੋਏ ਇਹ ਗੱਲ ਸਾਹਮਣੇ ਆਈ ਕਿ ਮ੍ਰਿਤਕ ਜਗਤਾਰ ਸਿੰਘ ਦੀ ਪਤਨੀ ਮਨਪ੍ਰੀਤ ਕੌਰ ਦਾ, ਸੁਖਵੀਰ ਸਿੰਘ ਵਾਸੀ ਭੋਗੀਵਾਲ ਜ਼ਿਲ੍ਹਾ ਮਲੇਰਕੋਟਲਾ ਨਾਲ ਨਜਾਇਜ਼ ਸਬੰਧਾਂ ਦੇ ਚੱਲਦਿਆਂ ਪਿੰਡ ਮੀਮਸਾ ਦੇ ਖੇਤਾਂ ਵਿੱਚ ਬੰਦ ਪਏ ਪਿੱਗ ਫਾਰਮ ਵਿੱਚ ਸੁਖਵੀਰ ਸਿੰਘ ਉਕਤ ਨੇ ਗਿਣੀ ਮਿਥੀ ਸਾਜਿਸ਼ ਤਹਿਤ ਆਪਣੇ ਸਾਥੀ ਨਾਲ ਮਿਲ ਕੇ ਜਗਤਾਰ ਸਿੰਘ ਦਾ ਕਤਲ ਕਰ ਦਿੱਤਾ, ਕਿਉਂਕਿ ਜਗਤਾਰ ਸਿੰਘ ਇਨ੍ਹਾਂ ਦੇ ਪ੍ਰੇਮ ਸਬੰਧਾਂ ਵਿੱਚ ਰੋੜਾ ਬਣਦਾ ਸੀ। ਮ੍ਰਿਤਕ ਜਗਤਾਰ ਸਿੰਘ ਦੀ ਮਾਤਾ ਸੁਰਜੀਤ ਕੌਰ ਦੇ ਬਿਆਨ 'ਤੇ ਮੁਕੱਦਮਾ ਨੰਬਰ 161 ਮਿਤੀ 04.06.2026 ਅ/ਧ 103(1), 61(2), 3(5) BNS ਥਾਣਾ ਸਦਰ ਧੂਰੀ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।

# ਹਰਿਆਣਾ ਦੇ ਕਿਸਾਨਾਂ ਨੂੰ ਵੱਡੀ ਰਾਹਤ, ਸੂਰਜਮੁਖੀ ਦੀ ਖੇਤੀ ਕਰਨ ਵਾਲੇ ਕਿਸਾਨਾਂ ਲਈ 60 ਦਿਨਾਂ ਲਈ ਦੁਬਾਰਾ ਖੁੱਲ੍ਹੇਗਾ ਪੋਰਟਲ

ਚੰਡੀਗੜ੍ਹ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪ੍ਰਦੇਸ਼ ਦੇ ਕਿਸਾਨਾਂ ਨੂੰ ਵੱਡੀ ਰਾਹਤ ਦਿੰਦੇ ਹੋਏ ਐਲਾਨ ਕੀਤਾ ਹੈ ਕਿ ਸੂਰਜਮੁਖੀ ਦੀ ਖ਼ਰੀਦ ਲਈ ਪੋਰਟਲ ਅਗਲੇ 60 ਦਿਨਾਂ ਲਈ ਦੁਬਾਰਾ ਖੋਲ੍ਹਿਆ ਜਾਵੇਗਾ। ਮੁੱਖ ਮੰਤਰੀ ਅੱਜ ਪੰਚਕੂਲਾ ਵਿੱਚ ਜਾਈਕਾ ਵਿੱਤ-ਪੋਸ਼ਿਤ ਟਿਕਾਊ ਬਾਗਬਾਨੀ ਪ੍ਰੋਤਸਾਹਨ ਪ੍ਰੋਜੈਕਟ ਦੀ ਸ਼ੁਰੂਆਤ ਅਤੇ ਵਾਤਾਵਰਣ ਦਿਵਸ ’ਤੇ ਆਯੋਜਿਤ ਪ੍ਰੋਗਰਾਮ ਵਿੱਚ ਸ਼ਿਰਕਤ ਕਰ ਰਹੇ ਸਨ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਕੁਝ ਕਿਸਾਨ ਵੱਖ-ਵੱਖ ਕਾਰਨਾਂ ਕਰਕੇ ਸੂਰਜਮੁਖੀ ਦੀ ਵਿਕਰੀ ਲਈ ਸਮੇਂ ਸਿਰ ਰਜਿਸਟ੍ਰੇਸ਼ਨ ਨਹੀਂ ਕਰਵਾ ਸਕੇ ਸਨ। ਰਾਜ ਸਰਕਾਰ ਅਜਿਹੇ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਲਈ ਵਚਨਬੱਧ ਹੈ ਅਤੇ ਇਹ ਯਕੀਨੀ ਬਣਾਏਗੀ ਕਿ ਕੋਈ ਵੀ ਯੋਗ ਕਿਸਾਨ ਆਪਣੀ ਫ਼ਸਲ ਵੇਚਣ ਦੇ ਮੌਕੇ ਤੋਂ ਵਾਂਝਾ ਨਾ ਰਹੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪੋਰਟਲ ਨੂੰ ਅਗਲੇ 60 ਦਿਨਾਂ ਲਈ ਦੁਬਾਰਾ ਖੋਲ੍ਹਿਆ ਜਾਵੇ ਤਾਂ ਜੋ ਕਿਸਾਨ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਣ।



ਉਨ੍ਹਾਂ ਨੇ ਹੋਰ ਮਹੱਤਵਪੂਰਨ ਐਲਾਨ ਕਰਦਿਆਂ ਕਿਹਾ ਕਿ ਰਾਜ ਸਰਕਾਰ ਵਾਤਾਵਰਣ ਸੰਭਾਲ, ਜੈਵ-ਵਿਵਿਧਤਾ ਪ੍ਰੋਤਸਾਹਨ ਅਤੇ ਈਕੋ-ਟੂਰਿਜ਼ਮ ਨੂੰ ਉਤਸ਼ਾਹਿਤ ਕਰਨ ਲਈ ਕਈ ਮਹੱਤਵਪੂਰਨ ਪ੍ਰੋਜੈਕਟ ਲਾਗੂ ਕਰ ਰਹੀ ਹੈ। ਉਨ੍ਹਾਂ ਨੇ ਐਲਾਨ ਕੀਤਾ ਕਿ ਪਿਪਲੀ ਚਿੜੀਆਘਰ ਦਾ 70 ਕਰੋੜ ਰੁਪਏ ਅਤੇ ਭਿਵਾਨੀ ਚਿੜੀਆਘਰ ਦਾ 25 ਕਰੋੜ ਰੁਪਏ ਦੀ ਲਾਗਤ ਨਾਲ ਵਿਆਪਕ ਨਵੀਨੀਕਰਨ ਕੀਤਾ ਜਾਵੇਗਾ।ਮੁੱਖ ਮੰਤਰੀ ਨੇ ਕਿਹਾ ਕਿ ਸਰਸਵਤੀ ਸੰਭਾਲ ਜੰਗਲ ਵਿੱਚ 55 ਕਰੋੜ ਰੁਪਏ ਦੀ ਲਾਗਤ ਨਾਲ ਪੰਛੀ ਵਿਹਾਰ ਦਾ ਨਿਰਮਾਣ ਕੀਤਾ ਜਾਵੇਗਾ, ਜਿਸ ਨਾਲ 100 ਤੋਂ ਵੱਧ ਸਥਾਨਕ ਅਤੇ ਪ੍ਰਵਾਸੀ ਪੰਛੀਆਂ ਦੀਆਂ ਪ੍ਰਜਾਤੀਆਂ ਨੂੰ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਕਲੇਸਰ ਰਾਸ਼ਟਰੀ ਪਾਰਕ ਵਿੱਚ ਈਕੋ-ਟੂਰਿਜ਼ਮ ਅਤੇ ਵਣ-ਜੀਵ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਲਈ 10 ਕਰੋੜ ਰੁਪਏ ਦੀ ਲਾਗਤ ਨਾਲ ਬੁਨਿਆਦੀ ਸਹੂਲਤਾਂ ਦਾ ਵਿਕਾਸ ਕੀਤਾ ਜਾਵੇਗਾ।

ਉਨ੍ਹਾਂ ਨੇ ਕਿਹਾ ਕਿ ਸਥਾਨਕ ਅਤੇ ਪ੍ਰਵਾਸੀ ਪੰਛੀਆਂ ਦੀ ਸੰਭਾਲ ਅਤੇ ਪੰਛੀ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸੁਲਤਾਨਪੁਰ ਰਾਸ਼ਟਰੀ ਪਾਰਕ, ਭਿੰਡਾਵਾਸ ਪੰਛੀ ਰੱਖ ਅਤੇ ਕੋਟਲਾ ਝੀਲ ਨੂੰ ਸ਼ਾਮਲ ਕਰਦੇ ਹੋਏ ਇੱਕ ਵਿਸ਼ੇਸ਼ ਪੰਛੀ ਦਰਸ਼ਨ ਸੈਰ-ਸਪਾਟਾ ਸਰਕਟ ਵਿਕਸਿਤ ਕੀਤਾ ਜਾਵੇਗਾ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਸ ਸਾਲ ਵਣ ਵਿਭਾਗ ਵੱਲੋਂ ਕੁੱਲ 1.50 ਕਰੋੜ ਪੌਦੇ ਲਗਾਏ ਜਾਣਗੇ, ਜਿਨ੍ਹਾਂ ਵਿੱਚੋਂ 50 ਲੱਖ ਪੌਦੇ ਮੁਫ਼ਤ ਵੰਡੇ ਜਾਣਗੇ। ਇਸ ਦੇ ਨਾਲ ਹੀ ਵਿਭਾਗ ਦੀਆਂ ਸਾਰੀਆਂ ਨਰਸਰੀਆਂ ਵਿੱਚ ਪੌਦੇ ਉਗਾਉਣ ਲਈ ਵਰਤੇ ਜਾ ਰਹੇ ਪਲਾਸਟਿਕ ਬੈਗਾਂ ਨੂੰ ਬਾਇਓਡੀਗ੍ਰੇਡੇਬਲ ਬੈਗਾਂ ਨਾਲ ਬਦਲਿਆ ਜਾਵੇਗਾ।

ਉਨ੍ਹਾਂ ਨੇ ਕਿਹਾ ਕਿ ਪੌਦਾਗਿਰੀ ਮੁਹਿੰਮ ਤਹਿਤ ਇਸ ਸਾਲ ਸਕੂਲੀ ਬੱਚਿਆਂ ਨੂੰ 20 ਲੱਖ ਪੌਦੇ ਵੰਡੇ ਜਾਣਗੇ ਤਾਂ ਜੋ ਵਾਤਾਵਰਣ ਦੀ ਸੰਭਾਲ ਨੂੰ ਜਨ-ਭਾਗੀਦਾਰੀ ਦੀ ਮੁਹਿੰਮ ਬਣਾਇਆ ਜਾ ਸਕੇ।

# ਸਿਹਤ ਮੰਤਰੀ ਆਰਤੀ ਸਿੰਘ ਰਾਓ ਦੀ ਜਨਤਾ ਨੂੰ ਵੱਡੀ ਸੌਗਾਤ

ਚੰਡੀਗੜ੍ਹ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਦੇ ਯਤਨਾਂ ਨਾਲ ਸੂਬੇ ਦੇ ਸਿਹਤ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਦੋ ਮਹੱਤਵਪੂਰਨ ਫ਼ੈਸਲੇ ਲਏ ਗਏ ਹਨ। ਰਾਜ ਸਰਕਾਰ ਨੇ ਜਿੱਥੇ 200 ਬੈੱਡਾਂ ਦੇ ਜ਼ਿਲ੍ਹਾ ਨਾਗਰਿਕ ਹਸਪਤਾਲ, ਪਾਣੀਪਤ ਲਈ 122 ਰੇਗੂਲਰ ਅਸਾਮੀਆਂ ਅਤੇ 97 ਅਸਾਮੀਆਂ ਹਰਿਆਣਾ ਕੌਸ਼ਲ ਰੁਜ਼ਗਾਰ ਨਿਗਮ ਦੇ ਮਾਧਿਅਮ ਰਾਹੀਂ ਭਰਨ ਸਮੇਤ ਕੁੱਲ 219 ਅਸਾਮੀਆਂ ਦੀ ਸਿਰਜਣਾ ਅਤੇ ਪ੍ਰਵਾਨਗੀ ਦਿੱਤੀ ਹੈ, ਉੱਥੇ ਹੀ ਜ਼ਿਲ੍ਹਾ ਕੁਰੂਕਸ਼ੇਤਰ ਦੇ ਉਪ-ਸਿਹਤ ਕੇਂਦਰ ‘ਥਾਣਾ’ ਨੂੰ ਪ੍ਰਾਇਮਰੀ ਸਿਹਤ ਕੇਂਦਰ ਵਿੱਚ ਅਪਗ੍ਰੇਡ ਕਰਨ ਦੀ ਮਨਜ਼ੂਰੀ ਵੀ ਦਿੱਤੀ ਗਈ ਹੈ।

ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਵਿੱਚ ਪ੍ਰਦੇਸ਼ ਸਰਕਾਰ ਸ਼ਹਿਰੀ ਅਤੇ ਪੇਂਡੂ ਦੋਵਾਂ ਖੇਤਰਾਂ ਵਿੱਚ ਸਿਹਤ ਸੇਵਾਵਾਂ ਨੂੰ ਮਜ਼ਬੂਤ ਬਣਾਉਣ ਲਈ ਨਿਰੰਤਰ ਕੰਮ ਕਰ ਰਹੀ ਹੈ। ਇਨ੍ਹਾਂ ਫ਼ੈਸਲਿਆਂ ਨਾਲ ਲੋਕਾਂ ਨੂੰ ਬਿਹਤਰ, ਸੁਲਭ ਅਤੇ ਗੁਣਵੱਤਾ ਭਰਪੂਰ ਸਿਹਤ ਸਹੂਲਤਾਂ ਉਪਲਬਧ ਹੋਣਗੀਆਂ ਅਤੇ ਸਿਹਤ ਸੇਵਾਵਾਂ ਦੀ ਪਹੁੰਚ ਅਤੇ ਸਮਰੱਥਾ ਵਿੱਚ ਸ਼ਲਾਘਾਯੋਗ ਵਾਧਾ ਹੋਵੇਗਾ।

ਉਨ੍ਹਾਂ ਨੇ ਦੱਸਿਆ ਕਿ ਪਾਣੀਪਤ ਦੇ 200 ਬੈੱਡਾਂ ਦੇ ਨਾਗਰਿਕ ਹਸਪਤਾਲ ਵਿੱਚ ਮਾਹਰ ਡਾਕਟਰਾਂ, ਨਰਸਿੰਗ ਸਟਾਫ਼ ਅਤੇ ਤਕਨੀਕੀ ਕਰਮਚਾਰੀਆਂ ਦੀ ਉਪਲਬਧਤਾ ਵਧਾਉਣ ਲਈ 122 ਨਿਯਮਤ ਅਸਾਮੀਆਂ ਪ੍ਰਵਾਨਿਤ ਕੀਤੀਆਂ ਗਈਆਂ ਹਨ।



ਇਨ੍ਹਾਂ ਵਿੱਚ ਸੀਨੀਅਰ ਮੈਡੀਕਲ ਅਫ਼ਸਰ, ਮੈਡੀਕਲ ਅਫ਼ਸਰ, ਡੈਂਟਲ ਸਰਜਨ, ਕਲੀਨੀਕਲ ਸਾਈਕੋਲੋਜਿਸਟ, ਫਿਜ਼ੀਓਥੈਰੇਪਿਸਟ, ਨਰਸਿੰਗ ਸਟਾਫ਼, ਫਾਰਮਾਸਿਸਟ, ਲੈਬ ਟੈਕਨੀਸ਼ੀਅਨ, ਰੇਡੀਓਗ੍ਰਾਫਰ, ਆਪ੍ਰੇਸ਼ਨ ਥੀਏਟਰ ਸਹਾਇਕ, ਡਾਇਟੀਸ਼ੀਅਨ, ਬਾਇਓ ਮੈਡੀਕਲ ਇੰਜੀਨੀਅਰ, ਸੋਸ਼ਲ ਵਰਕਰ ਅਤੇ ਜਨਸੰਪਰਕ ਅਫ਼ਸਰ ਸਮੇਤ ਵੱਖ-ਵੱਖ ਸ਼੍ਰੇਣੀਆਂ ਦੀਆਂ ਅਸਾਮੀਆਂ ਸ਼ਾਮਲ ਹਨ।

ਇਸ ਤੋਂ ਇਲਾਵਾ ਹਸਪਤਾਲ ਦੀਆਂ ਸਹਾਇਕ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ 17 ਡਾਟਾ ਐਂਟਰੀ ਆਪਰੇਟਰ, 37 ਸਵੀਪਰ, 37 ਵਾਰਡ ਸਰਵੈਂਟ, 5 ਸੁਰੱਖਿਆ ਗਾਰਡ ਅਤੇ 1 ਸੁਪਰਵਾਈਜ਼ਰ ਦੀਆਂ ਅਸਾਮੀਆਂ ਹਰਿਆਣਾ ਕੌਸ਼ਲ ਰੁਜ਼ਗਾਰ ਨਿਗਮ ਦੇ ਮਾਧਿਅਮ ਰਾਹੀਂ ਭਰੀਆਂ ਜਾਣਗੀਆਂ। ਇਨ੍ਹਾਂ ਅਸਾਮੀਆਂ ਦੀ ਸਿਰਜਣਾ ਨਾਲ ਹਸਪਤਾਲ ਵਿੱਚ ਮਰੀਜ਼ਾਂ ਨੂੰ ਵਧੇਰੇ ਪ੍ਰਭਾਵਸ਼ਾਲੀ ਅਤੇ ਤੁਰੰਤ ਸਿਹਤ ਸੇਵਾਵਾਂ ਮਿਲ ਸਕਣਗੀਆਂ।

ਉੱਥੇ ਹੀ ਕੁਰੂਕਸ਼ੇਤਰ ਜ਼ਿਲ੍ਹੇ ਦੇ ‘ਥਾਣਾ’ ਉਪ-ਸਿਹਤ ਕੇਂਦਰ ਨੂੰ ਪ੍ਰਾਇਮਰੀ ਸਿਹਤ ਵਿੱਚ ਅਪਗ੍ਰੇਡ ਕੀਤੇ ਜਾਣ ਨਾਲ ਖੇਤਰ ਦੇ ਲੋਕਾਂ ਨੂੰ ਸਥਾਨਕ ਪੱਧਰ ’ਤੇ ਬਿਹਤਰ ਸਿਹਤ ਸਹੂਲਤਾਂ ਉਪਲਬਧ ਹੋਣਗੀਆਂ। ਨਵੇਂ ਪ੍ਰਵਾਨਿਤ ਪੀਐਚਸੀ ਵਿੱਚ ਇੱਕ ਮੈਡੀਕਲ ਅਫ਼ਸਰ, ਇੱਕ ਮਹਿਲਾ ਮੈਡੀਕਲ ਅਫ਼ਸਰ, ਇੱਕ ਡੈਂਟਲ ਸਰਜਨ, ਇੱਕ ਫਾਰਮਾਸਿਸਟ, ਦੋ ਸਟਾਫ਼ ਨਰਸ, ਇੱਕ ਲੈਬ ਟੈਕਨੀਸ਼ੀਅਨ, ਇੱਕ ਐਮਪੀਐਚਐਸ (ਪੁਰਸ਼) ਅਤੇ ਇੱਕ ਐਮਪੀਐਚਐਸ (ਮਹਿਲਾ) ਸਮੇਤ ਕੁੱਲ 9 ਨਿਯਮਤ ਅਸਾਮੀਆਂ ਸਿਰਜੀਆਂ ਗਈਆਂ ਹਨ। ਇਸ ਤੋਂ ਇਲਾਵਾ ਤਿੰਨ ਸ਼੍ਰੇਣੀ-ਚਾਰ (ਕਲਾਸ-4) ਕਰਮਚਾਰੀਆਂ ਦੀ ਨਿਯੁਕਤੀ ਐਚਕੇਆਰਐਨ ਦੇ ਮਾਧਿਅਮ ਰਾਹੀਂ ਕੀਤੀ ਜਾਵੇਗੀ।

ਆਰਤੀ ਸਿੰਘ ਰਾਓ ਨੇ ਕਿਹਾ ਕਿ ਇਨ੍ਹਾਂ ਦੋਵਾਂ ਫ਼ੈਸਲਿਆਂ ਨਾਲ ਹਜ਼ਾਰਾਂ ਨਾਗਰਿਕਾਂ ਨੂੰ ਲਾਭ ਮਿਲੇਗਾ। ਪੇਂਡੂ ਖੇਤਰਾਂ ਵਿੱਚ ਪ੍ਰਾਇਮਰੀ ਸਿਹਤ ਸੇਵਾਵਾਂ ਮਜ਼ਬੂਤ ਹੋਣਗੀਆਂ, ਜਦੋਂ ਕਿ ਜ਼ਿਲ੍ਹਾ ਪੱਧਰ ’ਤੇ ਮਰੀਜ਼ਾਂ ਨੂੰ ਮਾਹਰ ਚਿਕਿਤਸਾ ਸਹੂਲਤਾਂ ਹੋਰ ਬਿਹਤਰ ਤਰੀਕੇ ਨਾਲ ਉਪਲਬਧ ਹੋ ਸਕਣਗੀਆਂ। ਉਨ੍ਹਾਂ ਕਿਹਾ ਕਿ ਪ੍ਰਦੇਸ਼ ਸਰਕਾਰ ਸਿਹਤ ਸੇਵਾਵਾਂ ਨੂੰ ਪਿੰਡ-ਪਿੰਡ ਅਤੇ ਘਰ-ਘਰ ਤੱਕ ਪਹੁੰਚਾਉਣ ਲਈ ਵਚਨਬੱਧ ਹੈ ਅਤੇ ਸਿਹਤ ਖੇਤਰ ਦੇ ਬੁਨਿਆਦੀ ਢਾਂਚੇ ਨੂੰ ਲਗਾਤਾਰ ਮਜਬੂਤ ਕੀਤਾ ਜਾ ਰਿਹਾ ਹੈ।

ਸਿਹਤ ਮੰਤਰੀ ਨੇ ਭਰੋਸਾ ਪ੍ਰਗਟਾਇਆ ਕਿ ਇਨ੍ਹਾਂ ਪਹਿਲਕਦਮੀਆਂ ਨਾਲ ਪ੍ਰਦੇਸ਼ ਵਿੱਚ ਸਿਹਤ ਸੇਵਾਵਾਂ ਦੀ ਗੁਣਵੱਤਾ ਵਿੱਚ ਹੋਰ ਸੁਧਾਰ ਹੋਵੇਗਾ ਅਤੇ ਆਮ ਲੋਕਾਂ ਨੂੰ ਸਮੇਂ ਸਿਰ ਬਿਹਤਰ ਇਲਾਜ ਮੁਹੱਈਆ ਕਰਵਾਉਣ ਦੇ ਟੀਚੇ ਨੂੰ ਨਵੀਂ ਗਤੀ ਮਿਲੇਗੀ

# ਫਰੀਦਾਬਾਦ ਵਿੱਚ ਵਾਤਾਵਰਣ ਸੰਭਾਲ ਨੂੰ ਜਨ ਅੰਦੋਲਨ ਬਣਾਉਣ ਦੀ ਦਿਸ਼ਾ ਵਿੱਚ ਵੱਡਾ ਕਦਮ, 45 ਨਵੇਂ ਈਕੋ ਵਣ ਹੋਣਗੇ ਵਿਕਸਿਤ - ਕੈਬਨਿਟ ਮੰਤਰੀ ਵਿਪੁਲ ਗੋਇਲ

ਚੰਡੀਗੜ੍ਹ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ ’ਤੇ ਫਰੀਦਾਬਾਦ ਵਿੱਚ ਆਯੋਜਿਤ ਵੱਖ-ਵੱਖ ਪ੍ਰੋਗਰਾਮਾਂ ਵਿੱਚ ਹਰਿਆਣਾ ਦੇ ਮਾਲ ਅਤੇ ਸ਼ਹਿਰੀ ਸਥਾਨਕ ਨਿਕਾਏ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਵਾਤਾਵਰਣ ਸੰਭਾਲ ਨੂੰ ਜਨ-ਭਾਗੀਦਾਰੀ ਨਾਲ ਜੋੜਦੇ ਹੋਏ ਇਸ ਨੂੰ ਜਨ ਅੰਦੋਲਨ ਦਾ ਰੂਪ ਦੇਣ ਦਾ ਸੱਦਾ ਦਿੱਤਾ। ਉਨ੍ਹਾਂ ਨੇ ਕਿਹਾ ਕਿ ਵਾਤਾਵਰਣ ਦੀ ਸੰਭਾਲ ਕੇਵਲ ਸਰਕਾਰ ਦੀ ਜ਼ਿੰਮੇਵਾਰੀ ਨਹੀਂ,ਸਗੋਂ ਹਰੇਕ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਸੁਰੱਖਿਅਤ ਭਵਿੱਖ ਲਈ ਅੱਜ ਤੋਂ ਹੀ ਅਗਾਂਹਵਧੂ ਸਮੂਹਿਕ ਯਤਨਾਂ ਦੀ ਲੋੜ ਹੈ।

ਸ੍ਰੀ ਵਿਪੁਲ ਗੋਇਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਸ਼ੁਰੂ ਕੀਤੀ ਗਈ ਇੱਕ ਪੇੜ ਮਾਂ ਕੇ ਨਾਮ ਮੁਹਿੰਮ ਕੁਦਰਤ ਅਤੇ ਸੱਭਿਆਚਾਰ ਨੂੰ ਜੋੜਨ ਵਾਲੀ ਇੱਕ ਪ੍ਰੇਰਨਾਦਾਇਕ ਮੁਹਿੰਮ ਹੈ। ਉਨ੍ਹਾਂ ਨੇ ਨਾਗਰਿਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਹਰੇਕ ਵਿਅਕਤੀ ਹਰ ਸਾਲ ਘੱਟੋ-ਘੱਟ ਇੱਕ ਪੌਦਾ ਜ਼ਰੂਰ ਲਗਾਵੇ ਅਤੇ ਉਸ ਦੀ ਸੰਭਾਲ ਦਾ ਵੀ ਸੰਕਲਪ ਲਵੇ। ਸਿਰਫ ਰੁੱਖ ਲਗਾਉਣਾ ਹੀ ਨਹੀਂ, ਸਗੋਂ ਪੌਦਿਆਂ ਨੂੰ ਵਿਕਸਿਤ ਕਰਕੇ ਰੁੱਖ ਬਣਾਉਣ ਦੀ ਜ਼ਿੰਮੇਵਾਰੀ ਵੀ ਸਮਾਜ ਨੂੰ ਨਿਭਾਉਣੀ ਪਵੇਗੀ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਕਾਸ ਵੀ ਅਤੇ ਵਿਰਾਸਤ ਵੀ ਦੇ ਵਿਜ਼ਨ ਦੇ ਅਨੁਰੂਪ ਦੇਸ਼ ਭਰ ਵਿੱਚ ਵਾਤਾਵਰਣ ਸੰਭਾਲ ਨੂੰ ਜਨ ਅੰਦੋਲਨ ਦਾ ਰੂਪ ਦਿੱਤਾ ਜਾ ਰਿਹਾ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਹਰਿਆਣਾ ਸਰਕਾਰ ਵੀ ਟਿਕਾਊ ਵਿਕਾਸ, ਹਰਿਤ ਭਵਿੱਖ ਅਤੇ ਸਵੱਛ ਵਾਤਾਵਰਣ ਦੇ ਟੀਚੇ ਨੂੰ ਲੈ ਕੇ ਲਗਾਤਾਰ ਕੰਮ ਕਰ ਰਹੀ ਹੈ।



ਸ੍ਰੀ ਵਿਪੁਲ ਗੋਇਲ ਨੇ ਐਲਾਨ ਕਰਦਿਆਂ ਕਿਹਾ ਕਿ ਫਰੀਦਾਬਾਦ ਵਿਧਾਨ ਸਭਾ ਖੇਤਰ ਵਿੱਚ ਆਗਾਮੀ 15 ਦਿਨਾਂ ਦੇ ਅੰਦਰ 45 ਨਵੇਂ ਈਕੋ ਵਣ ਵਿਕਸਿਤ ਕੀਤੇ ਜਾਣਗੇ। ਉਨ੍ਹਾਂ ਨੇ ਦੱਸਿਆ ਕਿ ਖੇਤਰ ਵਿੱਚ ਪਹਿਲਾਂ ਤੋਂ ਵਿਕਸਿਤ 15 ਈਕੋ ਵਣ ਸਫ਼ਲਤਾਪੂਰਵਕ ਚੱਲ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਇਨ੍ਹਾਂ ਦੀ ਗਿਣਤੀ 100 ਤੋਂ ਵੱਧ ਕਰਨ ਦਾ ਟੀਚਾ ਮਿਥਿਆ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਈਕੋ ਵਣ ਸਿਰਫ ਹਰਿਆਵਲ ਵਧਾਉਣ ਦਾ ਸਾਧਨ ਨਹੀਂ ਹਨ, ਸਗੋਂ ਇਹ ਪ੍ਰਦੂਸ਼ਣ ਕੰਟਰੋਲ, ਜੈਵ-ਵਿਵਿਧਤਾ ਸੰਭਾਲ, ਤਾਪਮਾਨ ਸੰਤੁਲਨ ਅਤੇ ਸਵੱਛ ਵਾਤਾਵਰਣ ਮੁਹੱਈਆ ਕਰਵਾਉਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਨ੍ਹਾਂ ਹਰੇ-ਭਰੇ ਖੇਤਰਾਂ ਨਾਲ ਪੰਛੀਆਂ ਦਾ ਕੁਦਰਤੀ ਨਿਵਾਸ ਵਿਕਸਿਤ ਹੁੰਦਾ ਹੈ ਅਤੇ ਸ਼ਹਿਰੀ ਖੇਤਰਾਂ ਵਿੱਚ ਵਾਤਾਵਰਣਿਕ ਸੰਤੁਲਨ ਨੂੰ ਨਵੀਂ ਮਜ਼ਬੂਤੀ ਮਿਲਦੀ ਹੈ।

ਸ੍ਰੀ ਵਿਪੁਲ ਗੋਇਲ ਨੇ ਸਮਾਜ ਸੇਵਕਾਂ, ਉਦਯੋਗਪਤੀਆਂ, ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨਾਂ, ਸਮਾਜਿਕ ਸੰਗਠਨਾਂ, ਨੌਜਵਾਨਾਂ ਅਤੇ ਆਮ ਨਾਗਰਿਕਾਂ ਨੂੰ ਈਕੋ ਵਣ ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਦਾ ਸੱਦਾ ਦਿੰਦੇ ਹੋਏ ਕਿਹਾ ਕਿ ਜਨ-ਭਾਗੀਦਾਰੀ ਨਾਲ ਹੀ ਅਜਿਹੀਆਂ ਮੁਹਿੰਮਾਂ ਸਥਾਈ ਅਤੇ ਸਫ਼ਲ ਬਣਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਨਵੀਂ ਪੀੜ੍ਹੀ ਵਾਤਾਵਰਣ ਸੰਭਾਲ ਮੁਹਿੰਮ ਦੀ ਸਭ ਤੋਂ ਮਜ਼ਬੂਤ ਨੀਂਹ ਹੈ ਅਤੇ ਜੇਕਰ ਨੌਜਵਾਨ ਇੱਕ ਪੌਦਾ ਲਗਾਉਣ ਦੇ ਨਾਲ-ਨਾਲ ਉਸ ਦੀ ਸੰਭਾਲ ਦਾ ਸੰਕਲਪ ਲੈਣ ਤਾਂ ਹਰਿਆਣਾ ਦਾ ਵਾਤਾਵਰਣ ਹੋਰ ਵੀ ਅਮੀਰ ਅਤੇ ਸੰਤੁਲਿਤ ਬਣ ਸਕਦਾ ਹੈ।

ਪ੍ਰੋਗਰਾਮ ਦੌਰਾਨ ਵੇਸਟ ਮੈਨੇਜਮੈਂਟ ਪਾਰਕ ਦਾ ਉਦਘਾਟਨ ਅਤੇ ਵੱਖ-ਵੱਖ ਵਾਤਾਵਰਣਿਕ ਗਤੀਵਿਧੀਆਂ ਦਾ ਆਯੋਜਨ ਵੀ ਕੀਤਾ ਗਿਆ।

ਮੰਤਰੀ ਵਿਪੁਲ ਗੋਇਲ ਨੇ ਕਿਹਾ ਕਿ ਵਿਗਿਆਨਕ ਕੂੜਾ ਪ੍ਰਬੰਧਨ, ਸਵੱਛਤਾ ਅਤੇ ਵਾਤਾਵਰਣ ਦੀ ਸੰਭਾਲ ਇੱਕ-ਦੂਜੇ ਦੇ ਪੂਰਕ ਹਨ। ਵੇਸਟ ਮੈਨੇਜਮੈਂਟ ਪਾਰਕ ਵਰਗੀਆਂ ਪਹਿਲਕਦਮੀਆਂ ਸਵੱਛ ਭਾਰਤ-ਸਵਸਥ ਭਾਰਤ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਨ ਦਾ ਕੰਮ ਕਰਨਗੀਆਂ।

ਉਨ੍ਹਾਂ ਨੇ ਅੰਤ ਵਿੱਚ ਕਿਹਾ ਕਿ ਜਲ ਹੈ ਤੋ ਕਲ ਹੈ (ਪਾਣੀ ਹੈ ਤਾਂ ਭਲਕ ਹੈ) ਕੇਵਲ ਇੱਕ ਨਾਅਰਾ ਨਹੀਂ ਬਲਕਿ ਜੀਵਨ ਦਾ ਅਧਾਰ ਹੈ। ਸਾਡੇ ਸਾਰਿਆਂ ਨੂੰ ਵਾਤਾਵਰਣ ਸੰਭਾਲ, ਜਲ ਸੰਭਾਲ, ਸਵੱਛਤਾ, ਊਰਜਾ ਦੀ ਬਚਤ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਹੋਵੇਗਾ। ਸਮੂਹਿਕ ਯਤਨਾਂ ਨਾਲ ਹੀ ਆਪਣੇ ਸ਼ਹਿਰਾਂ ਨੂੰ ਸਵੱਛ, ਹਰਿਤ, ਆਧੁਨਿਕ ਅਤੇ ਵਾਤਾਵਰਣ-ਅਨੁਕੂਲ ਸ਼ਹਿਰ ਬਣਾਇਆ ਜਾ ਸਕਦਾ ਹੈ।

# ਵਿਸ਼ਵ ਵਾਤਾਵਰਣ ਦਿਵਸ ’ਤੇ ਹਰਿਆਣਾ ਨੇ ਦਿਖਾਈ ਹਰਿਤ ਵਿਕਾਸ ਦੀ ਦਿਸ਼ਾ, ਪੂਰੇ ਪ੍ਰਦੇਸ਼ ਵਿੱਚ ਗੂੰਜਿਆ ‘ਇੱਕ ਪੇੜ ਮਾਂ ਕੇ ਨਾਮ’ ਦਾ ਸੰਕਲਪ

ਚੰਡੀਗੜ੍ਹ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਵਿਸ਼ਵ ਵਾਤਾਵਰਣ ਦਿਵਸ-2026 ਹਰਿਆਣਾ ਲਈ ਕਈ ਪੱਖਾਂ ਤੋਂ ਇਤਿਹਾਸਕ ਅਤੇ ਮਹੱਤਵਪੂਰਨ ਸਾਬਤ ਹੋਇਆ। ਇੱਕ ਪਾਸੇ ਜਿੱਥੇ ਪੂਰੇ ਪ੍ਰਦੇਸ਼ ਵਿੱਚ ਵਾਤਾਵਰਣ ਸੰਭਾਲ ਨੂੰ ਲੈ ਕੇ ਵਿਆਪਕ ਜਨ-ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤੇ ਗਏ, ਉੱਥੇ ਹੀ ਦੂਜੇ ਪਾਸੇ ਵਿਦਿਅਕ ਸੰਸਥਾਵਾਂ, ਸਮਾਜਿਕ ਸੰਗਠਨਾਂ ਅਤੇ ਆਮ ਨਾਗਰਿਕਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ‘ਇੱਕ ਪੇੜ ਮਾਂ ਕੇ ਨਾਮ’ ਮੁਹਿੰਮ ਨਾਲ ਜੁੜ ਕੇ ਹਰਿਆਣਾ ਨੂੰ ਹਰਿਤ ਅਤੇ ਵਾਤਾਵਰਣ-ਅਨੁਕੂਲ ਰਾਜ ਬਣਾਉਣ ਦਾ ਸਮੂਹਿਕ ਸੰਕਲਪ ਲਿਆ।

ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ ’ਤੇ ਵਣ ਅਤੇ ਵਾਤਾਵਰਣ ਮੰਤਰੀ ਰਾਓ ਨਰਬੀਰ ਸਿੰਘ ਨੇ ਨਵੀਂ ਦਿੱਲੀ ਸਥਿਤ ਭਾਰਤ ਮੰਡਪਮ ਤੋਂ 1000 ‘ਮੇਡ ਇਨ ਇੰਡੀਆ’ ਇਲੈਕਟ੍ਰਿਕ ਵਾਹਨਾਂ ਦੇ ਬੇੜੇ ਨੂੰ ਹਰੀ ਝੰਡੀ ਦਿਖਾ ਕੇ ਐਨਸੀਆਰ ਖੇਤਰ ਵਿੱਚ ਹਰਿਤ ਆਵਾਜਾਈ ਕ੍ਰਾਂਤੀ ਦਾ ਸ਼ੁਰੂਆਤ ਕੀਤੀ। ਇਸ ਪਹਿਲਕਦਮੀ ਨੂੰ ਸਵੱਛ ਊਰਜਾ, ਪ੍ਰਦੂਸ਼ਣ ਕੰਟਰੋਲ ਅਤੇ ਟਿਕਾਊ ਵਿਕਾਸ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ।

ਇਸ ਮੌਕੇ ’ਤੇ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਹਰਿਆਣਾ ਸਰਕਾਰ ਵਾਤਾਵਰਣ ਸੰਭਾਲ, ਹਰਿਤ ਊਰਜਾ ਅਤੇ ਸਵੱਛ ਆਵਾਜਾਈ ਨੂੰ ਉਤਸ਼ਾਹਿਤ ਕਰਨ ਲਈ ਦੂਰਅੰਦੇਸ਼ੀ ਅਤੇ ਪ੍ਰਭਾਵਸ਼ਾਲੀ ਕਦਮ ਉਠਾ ਰਹੀ ਹੈ। ਉਨ੍ਹਾਂ ਨੇ ਗ੍ਰੀਨ ਐਮਐਸ ਇੰਡੀਆ ਅਤੇ ਵਿੰਗ ਗੁਰੂ ਜੁਆਇੰਟ ਸਟਾਕ ਕੰਪਨੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਨਿੱਜੀ ਖੇਤਰ ਦੀ ਅਜਿਹੀ ਭਾਗੀਦਾਰੀ ਹਵਾ ਪ੍ਰਦੂਸ਼ਣ ਦੀ ਚੁਣੌਤੀ ਨਾਲ ਨਜਿੱਠਣ ਅਤੇ ਵਾਤਾਵਰਣ ਸੰਭਾਲ ਦੇ ਟੀਚੇ ਨੂੰ ਹਾਸਲ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।

ਉਨ੍ਹਾਂ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਕੇਵਲ ਆਰਥਿਕ ਵਿਕਾਸ ਤੱਕ ਸੀਮਤ ਨਹੀਂ ਹੈ, ਬਲਕਿ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ਼ ਹਵਾ, ਬਿਹਤਰ ਵਾਤਾਵਰਣ ਅਤੇ ਗੁਣਵੱਤਾ ਭਰਪੂਰ ਜੀਵਨ ਮੁਹੱਈਆ ਕਰਵਾਉਣਾ ਵੀ ਹੈ। ਵਾਤਾਵਰਣ ਦੀ ਸੰਭਾਲ ਅਤੇ ਆਰਥਿਕ ਤਰੱਕੀ ਇੱਕ-ਦੂਜੇ ਦੇ ਪੂਰਕ ਹਨ ਅਤੇ ਹਰਿਤ ਤਕਨਾਲੋਜੀ, ਸਵੱਛ ਊਰਜਾ ਅਤੇ ਇਲੈਕਟ੍ਰਿਕ ਮੋਬਿਲਿਟੀ ਭਵਿੱਖ ਦੀ ਲਾਜ਼ਮੀ ਲੋੜ ਬਣ ਚੁੱਕੇ ਹਨ।

ਰਾਓ ਨਰਬੀਰ ਸਿੰਘ ਨੇ ਦੱਸਿਆ ਕਿ ਰਾਜ ਸਰਕਾਰ ਇਲੈਕਟ੍ਰਿਕ ਮੋਬਿਲਿਟੀ ਨੂੰ ਉਤਸ਼ਾਹਿਤ ਕਰਨ ਲਈ ਚਾਰਜਿੰਗ ਇੰਫਰਾਸਟਰਕਚਰ ਦਾ ਤੇਜ਼ੀ ਨਾਲ ਵਿਸਤਾਰ ਕਰ ਰਹੀ ਹੈ। ਰੇਵਾੜੀ ਅਤੇ ਪੰਚਕੂਲਾ ਵਿੱਚ ਹਰਿਆਣਾ ਟ੍ਰਾਂਸਪੋਰਟ ਲਈ ਅਤਿ-ਆਧੁਨਿਕ ਇਲੈਕਟ੍ਰਿਕ ਬੱਸ ਚਾਰਜਿੰਗ ਡਿਪੂ ਸਥਾਪਤ ਕੀਤੇ ਜਾ ਰਹੇ ਹਨ, ਜਦੋਂ ਕਿ ਨੈਸ਼ਨਲ ਹਾਈਵੇਜ਼ ’ਤੇ ਵੀ ਇਲੈਕਟ੍ਰਿਕ ਵਾਹਨਾਂ ਲਈ ਚਾਰਜਿੰਗ ਸਟੇਸ਼ਨ ਵਿਕਸਿਤ ਕੀਤੇ ਗਏ ਹਨ।



ਉਨ੍ਹਾਂ ਨੇ ਕਿਹਾ ਕਿ ਵਿਸ਼ਵ ਵਾਤਾਵਰਣ ਦਿਵਸ ਦੀ ਸ਼ੁਰੂਆਤ ਸੰਯੁਕਤ ਰਾਸ਼ਟਰ ਦੁਆਰਾ ਸਾਲ 1972 ਵਿੱਚ ਵਾਤਾਵਰਣ ਸੰਭਾਲ ਪ੍ਰਤੀ ਗਲੋਬਲ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਕੀਤੀ ਗਈ ਸੀ। ਸਾਲ 1973 ਵਿੱਚ ‘ਓਨਲੀ ਵਨ ਅਰਥ’ ਥੀਮ ਦੇ ਨਾਲ ਇਸ ਦਾ ਪਹਿਲਾ ਆਯੋਜਨ ਹੋਇਆ ਸੀ। ਇਸ ਤੋਂ ਬਾਅਦ ਜਲਵਾਯੂ ਪਰਿਵਰਤਨ, ਪਲਾਸਟਿਕ ਪ੍ਰਦੂਸ਼ਣ, ਜੈਵ-ਵਿਵਿਧਤਾ ਸੰਭਾਲ, ਜੰਗਲਾਂ ਦੀ ਕਟਾਈ, ਭੋਜਨ ਸੁਰੱਖਿਆ ਅਤੇ ਪ੍ਰਿਸਥਿਤਿਕੀ ਤੰਤਰ ਦੀ ਬਹਾਲੀ (ਈਕੋਸਿਸਟਮ ਰੀਸਟੋਰੇਸ਼ਨ) ਵਰਗੇ ਵਿਸ਼ਿਆਂ ਨੂੰ ਕੇਂਦਰ ਵਿੱਚ ਰੱਖ ਕੇ ਇਹ ਦਿਵਸ ਮਨਾਇਆ ਜਾਂਦਾ ਰਿਹਾ ਹੈ। ਇਸ ਸਾਲ ਦੀ ਥੀਮ ਕੁਦਰਤ ਤੋਂ ਪ੍ਰੇਰਿਤ—ਜਲਵਾਯੂ ਲਈ, ਸਾਡੇ ਭਵਿੱਖ ਲਈ ਨਿਰਧਾਰਤ ਕੀਤੀ ਗਈ ਹੈ, ਜੋ ਕੁਦਰਤ ਅਧਾਰਤ ਹੱਲਾਂ ਦੇ ਮਾਧਿਅਮ ਰਾਹੀਂ ਜਲਵਾਯੂ ਚੁਣੌਤੀਆਂ ਦਾ ਸਾਹਮਣਾ ਕਰਨ ਦਾ ਸੰਦੇਸ਼ ਦਿੰਦੀ ਹੈ।

ਵਣ ਅਤੇ ਵਾਤਾਵਰਣ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ‘ਵਿਕਸਿਤ ਭਾਰਤ-2047’ ਦੇ ਵਿਜ਼ਨ ਨੂੰ ਸਾਕਾਰ ਕਰਨ ਵਿੱਚ ਹਰਿਆਣਾ ਮੋਹਰੀ ਭੂਮਿਕਾ ਨਿਭਾਉਣ ਲਈ ਤਿਆਰ ਹੈ। ਇਸੇ ਉਦੇਸ਼ ਨਾਲ ਰਾਜ ਸਰਕਾਰ ਨੇ ‘ਵਿਕਸਿਤ ਹਰਿਆਣਾ ਵਿਜ਼ਨ ਡੌਕੂਮੈਂਟ’ ਤਿਆਰ ਕੀਤਾ ਹੈ, ਜਿਸ ਦੇ ਤਹਿਤ ਹਰੇਕ ਵਿਭਾਗ ਲਈ ਸਾਲ 2030-31 ਤੱਕ ਦਾ ਸਪਸ਼ਟ ਰੋਡਮੈਪ ਅਤੇ ਪੜਾਅਵਾਰ ਕਾਰਜ ਯੋਜਨਾ ਬਣਾਈ ਜਾ ਰਹੀ ਹੈ।

ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਖ਼ੁਦ ਵੱਖ-ਵੱਖ ਵਿਭਾਗਾਂ ਨਾਲ ਨਿਯਮਿਤ ਸਮੀਖਿਆ ਬੈਠਕਾਂ ਦੇ ਮਾਧਿਅਮ ਰਾਹੀਂ ਇਸ ਵਿਜ਼ਨ ਨੂੰ ਜ਼ਮੀਨੀ ਪੱਧਰ ’ਤੇ ਉਤਾਰਨ ਦੀ ਦਿਸ਼ਾ ਵਿੱਚ ਕੰਮ ਕਰ ਰਹੇ ਹਨਉਨ੍ਹਾਂ ਨੇ ਕਿਹਾ ਕਿ ਰਾਜ ਸਰਕਾਰ ਦੁਆਰਾ ਪ੍ਰਸਤਾਵਿਤ 100 ਕਰੋੜ ਰੁਪਏ ਦਾ ਗ੍ਰੀਨ ਕਲਾਈਮੇਟ ਰੇਜ਼ੀਲੀਐਂਸ ਫੰਡ ਹਰਿਆਣਾ ਵਿੱਚ ਜ਼ੀਰੋ-ਈਮਿਸ਼ਨ (ਸ਼ੂਨ-ਨਿਕਾਸ) ਵਾਹਨਾਂ, ਨਵਿਆਉਣਯੋਗ ਊਰਜਾ, ਊਰਜਾ ਕੁਸ਼ਲਤਾ, ਜਲ ਸੰਭਾਲ, ਸ਼ਹਿਰੀ ਹਰਿਆਵਲ, ਜਲਵਾਯੂ-ਅਨੁਕੂਲ ਖੇਤੀਬਾੜੀ ਅਤੇ ਕੁਦਰਤ-ਅਧਾਰਤ ਹੱਲਾਂ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਇਸ ਦੇ ਜ਼ਰੀਏ ਹਵਾ ਅਤੇ ਪਾਣੀ ਦੇ ਪ੍ਰਦੂਸ਼ਣ ਦੀਆਂ ਚੁਣੌਤੀਆਂ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਦੇ ਨਾਲ-ਨਾਲ ਵਾਤਾਵਰਣ ਸੰਭਾਲ ਦੇ ਖੇਤਰ ਵਿੱਚ ਨਵੀਨਤਾ ਅਧਾਰਤ ਨਿਵੇਸ਼ ਨੂੰ ਹੁਲਾਰਾ ਦਿੱਤਾ ਜਾਵੇਗਾ।

ਵਿਸ਼ਵ ਵਾਤਾਵਰਣ ਦਿਵਸ ’ਤੇ ਪ੍ਰਦੇਸ਼ ਭਰ ਵਿੱਚ ਹੋਏ ਪ੍ਰੋਗਰਾਮਾਂ ਅਤੇ ‘ਇੱਕ ਪੇੜ ਮਾਂ ਕੇ ਨਾਮ’ ਮੁਹਿੰਮ ਪ੍ਰਤੀ ਦਿਖਾਈ ਗਈ ਵਿਆਪਕ ਜਨ-ਭਾਗੀਦਾਰੀ ਨੇ ਸਪਸ਼ਟ ਸੰਕੇਤ ਦਿੱਤਾ ਕਿ ਹਰਿਆਣਾ ਹੁਣ ਕੇਵਲ ਵਿਕਾਸ ਦੀ ਨਹੀਂ, ਬਲਕਿ ਹਰਿਤ ਅਤੇ ਟਿਕਾਊ ਵਿਕਾਸ ਦੇ ਰਾਹ ’ਤੇ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ।

# ਸਰਕਾਰੀ ਕਾਲਜ ਲੁਧਿਆਣਾ (ਈਸਟ) ਵਿੱਚ ਵਾਤਾਵਰਨ ਦਿਵਸ ਮਨਾਇਆ ਗਿਆ



ਮਾਛੀਵਾੜਾ ਸਾਹਿਬ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਸਰਕਾਰੀ ਕਾਲਜ, ਲੁਧਿਆਣਾ (ਈਸਟ) ਵਿਖੇ ਪ੍ਰਿੰਸੀਪਲ ਡੀ.ਡੀ.ਓ. ਪ੍ਰੋ. ਡਾ. ਗੁਰਸ਼ਰਨਜੀਤ ਸਿੰਘ ਦੀ ਗਤੀਸ਼ੀਲ ਅਗਵਾਈ ਹੇਠ, ਅੰਤਰਰਾਸ਼ਟਰੀ ਵਾਤਾਵਰਣ ਦਿਵਸ ਦੇ ਸਬੰਧ ਵਿੱਚ ਸੈਮੀਨਾਰ ਆਯੋਜਿਤ ਕਰਵਾਇਆ ਗਿਆ। ਸੈਮੀਨਾਰ ਦੇ ਆਰੰਭ ਵਿੱਚ ਡਾ. ਹਰਪ੍ਰੀਤ ਸਿੰਘ ਨੇ ਵਾਤਾਵਰਣ ਦਿਵਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਵਿਦਿਆਰਥੀਆਂ ਨੂੰ ਵਾਤਾਵਰਣ ਨਾਲ ਸਮੱਸਿਆਵਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਕਲੋਰੋਫਲੋਰੋਕਾਰਬਨਜ਼ ਦੇ ਮਾਰੂ ਪ੍ਰਭਾਵਾਂ ਤੋਂ ਜਾਣੂ ਕਰਵਾਉਂਦੇ ਹੋਏ, ਵਾਤਾਵਰਣ ਦੀ ਸੰਭਾਲ ਲਈ ਪ੍ਰੇਰਿਤ ਕੀਤਾ। ਇਸ ਉਪਰੰਤ ਸਹਾਇਕ ਪ੍ਰੋ. ਕਮਲ ਕਿਸ਼ੋਰ ਨੇ ਵਿਸਥਾਰ ਨਾਲ ਵਿਸ਼ੇ ਸਬੰਧੀ ਗੱਲ ਕਰਦਿਆਂ ਵਾਤਾਵਰਣ ਦਿਵਸ ਦੇ ਪਿਛੋਕੜ ਤੋਂ ਜਾਣੂ ਕਰਵਾਇਆ। ਉਨ੍ਹਾਂ ਧਰਤੀ ਦੀ ਘੱਟ ਰਹੀ ਗਰੀਨ ਬੈਲਟ ਤੇ ਚਿੰਤਾ ਜ਼ਾਹਿਰ ਕੀਤੀ। ਉਨ੍ਹਾਂ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਦੇ ਗਰੀਨ ਮਿਸ਼ਨ ਦੀ ਪ੍ਰਸ਼ੰਸ਼ਾ ਕੀਤੀ। ਖਾਜੇਜ਼ਲੀ ਹੱਤਿਆਕਾਂਡ ਤੇ ਚਿਪਕੋ ਅੰਦੋਲਨ ਦਾ ਹਵਾਲਾ ਦਿੰਦਿਆਂ ਉਨ੍ਹਾਂ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਪਲਾਸਟਿਕ ਦੇ ਪ੍ਰਯੋਗ ਤੋਂ ਵਰਜਿਤ ਕੀਤਾ। ਉਨ੍ਹਾਂ ਮਾਤਾ ਧਰਤਿ ਮਹਤੁ ਦੀ ਹਰਿਆਵਲ ਅਤੇ ਟਿਕਾਊ ਵਿਕਾਸ ਲਈ ਸਾਰਥਕ ਯਤਨ ਕਰਨ ਲਈ ਪ੍ਰੇਰਿਆ। ਵਿਦਿਆਰਥੀਆਂ ਨੂੰ ਸੰਬੋਧਤ ਕਰਦਿਆਂ ਸਹਾਇਕ ਪ੍ਰੋ. ਬਿਨਿਤਾ ਝਾਂਜੀ ਨੇ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਸਮਾਪਤ ਹੋਣ ਦੀ ਵਧਾਈ ਦਿੱਤੀ ਅਤੇ ਗਰਮੀ ਦੀ ਛੁੱਟੀਆਂ ਦੇ ਉਸਾਰੂ ਪ੍ਰਯੋਗ ਲਈ ਪ੍ਰੇਰਿਤ ਕੀਤਾ। ਇਸਦੇ ਨਾਲ ਹੀ ਉਨ੍ਹਾਂ ਬੁਲਾਰਿਆਂ ਦਾ ਧੰਨਵਾਦ ਕੀਤਾ। ਇਸ ਉਪਰੰਤ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵਲੋਂ ਕਾਲਜ ਕੈਂਪਸ ਵਿੱਚ ਛਾਂਦਾਰ ਰੁੱਖਾਂ ਦੇ ਬੂਟੇ ਲਗਾਏ ਗਏ। ਇਸ ਮੌਕੇ ਤੇ ਸਹਾਇਕ ਪ੍ਰੋ. ਪ੍ਰੀਤ ਕਮਲ, ਡਾ. ਸੁਖਵਿੰਦਰ ਸਿੰਘ, ਸਹਾਇਕ ਪ੍ਰੋ. ਮਨਪ੍ਰੀਤ ਕੌਰ, ਸਹਾਇਕ ਪ੍ਰੋ. ਚਾਰਵੀ, ਸ਼੍ਰੀ ਨੀਰਜ ਦੱਤ, ਭਾਵਨਾ ਸ਼ਰਮਾ, ਆਰਤੀ ਸ਼ਰਮਾ ਅਤੇ ਸਰੋਜ ਬਾਲਾ ਉਚੇਚੇ ਤੌਰ ਤੇ ਹਾਜ਼ਰ ਸਨ।

# ਵਿਧਾਇਕ ਇੰਦਰਜੀਤ ਕੌਰ ਮਾਨ ਨੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਸਿਖਿਆਰਥੀਆਂ ਨੂੰ ਟੂਲ ਕਿੱਟਾਂ ਵੰਡੀਆਂ



ਜਲੰਧਰ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਹਲਕਾ ਵਿਧਾਇਕ ਇੰਦਰਜੀਤ ਕੌਰ ਵੱਲੋਂ ਆਈ.ਟੀ.ਆਈ. ਨਕੋਦਰ ਅਤੇ ਲੋਹੀਆਂ ਖਾਸ ਦੇ ਇਲੈਕਟ੍ਰੀਸ਼ਨ ਅਤੇ ਪਲੰਬਰ ਕਿੱਤੇ ਨਾਲ ਸਬੰਧਤ ਪਾਸ ਹੋਏ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਸਿਖਿਆਰਥੀਆਂ ਨੂੰ ਆਪਣਾ ਕੰਮ-ਕਾਰ ਸ਼ੁਰੂ ਕਰਨ ਲਈ ਟੂਲ ਕਿੱਟਾਂ ਦੀ ਵੰਡ ਕੀਤੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ.ਭਗਵੰਤ ਸਿੰਘ ਮਾਨ ਦੀ ਸੋਚ ਅਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਨਿਰਦੇਸ਼ਾਂ ਅਨੁਸਾਰ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਵੱਲੋਂ ਟੂਲ ਕਿੱਟਾਂ ਦੀ ਵੰਡ ਕੀਤੀ ਗਈ ਹੈ।

ਇਸ ਮੌਕੇ ਉਨ੍ਹਾਂ ਨੇ ਸਿਖਿਆਰਥੀਆਂ ਨੂੰ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਜ਼ਿੰਦਗੀ ਵਿੱਚ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਕਿੱਟਾਂ ਵੰਡਣ ਦਾ ਉਦੇਸ਼ ਸਿਖਿਆਰਥੀਆਂ ਨੂੰ ਸਵੈ-ਰੋਜ਼ਗਾਰ ਲਈ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਰਾਜ ਸਰਕਾਰ ਨੌਜਵਾਨਾਂ ਦੀ ਭਲਾਈ ਅਤੇ ਬਿਹਤਰੀ ਲਈ ਲਗਾਤਾਰ ਯਤਨਸ਼ੀਲ ਹੈ।

ਇਸ ਮੌਕੇ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਦਰਸ਼ਨ ਸਿੰਘ ਟਾਹਲੀ, ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ ਰਣਬੀਰ ਸਿੰਘ, ਪ੍ਰਿੰਸੀਪਲ, ਆਈ.ਟੀ.ਆਈ.ਨਕੋਦਰ ਮੁਕੇਸ਼ ਕੁਮਾਰ, ਆਈ.ਟੀ.ਆਈ.ਲੋਹੀਆਂ ਖਾਸ ਤੋਂ ਤੇਜਿੰਦਰ ਸਿੰਘ ਅਤੇ ਗੁਰਪਾਲ ਸਿੰਘ, ਹੀਰਾ ਸਿੰਘ ਅਤੇ ਕਮਲੇਸ਼ ਕੁਮਾਰ ਆਦਿ ਵੀ ਮੌਜੂਦ ਸਨ।

# ਨਗਰ ਕੌਂਸਲ ਮਾਛੀਵਾੜਾ ਨੇ ਪੇਸ਼ ਕੀਤਾ ਆਪਣਾ ਦੂਜਾ ਬਜਟ

ਮਾਛੀਵਾੜਾ ਸਾਹਿਬ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਨਗਰ ਕੌਂਸਲ ਮਾਛੀਵਾੜਾ ਵੱਲੋਂ ਆਪਣਾ ਸਲਾਨਾ ਦੂਜਾ ਬਜਟ ਪੇਸ਼ ਕਰਦਿਆਂ ਸ਼ਹਿਰ ਦੇ ਵਿਕਾਸ ਲਈ ਤੋਂ ਵੱਖ ਵੱਖ ਮਾਤੇ ਪੇਸ਼ ਕੀਤੇ ਗਏ। ਬਾਕੀ ਫਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਬਜਟ ਪੇਸ਼ ਕਰਦਿਆਂ ਕਿਹਾ ਕਿ ਲੁਧਿਆਣਾ ਜ਼ਿਲ੍ਹਾ ਦੀ ਨਗਰ ਕੌਂਸਲ ਮਾਛੀਵਾੜਾ ਆਪਣੇ ਆਪ ਵਿੱਚ ਇੱਕ ਕਾਰ ਪੇਸ਼ ਕਰਦੀ ਹੈ ਜਿਸਨੇ ਆਪਣੇ ਦੋ ਸਾਲਾਂ ਦੇ ਕਾਰਜ ਦੌਰਾਨ ਹੀ ਆਮਦਨ ਵਿੱਚ ਚੋਖਾ ਵਾਧਾ ਕੀਤਾ।

ਉਹਨਾਂ ਕਿਹਾ ਕਿ ਦੋ ਸਾਲ ਪਹਿਲਾਂ ਨਗਰ ਕੌਂਸਲ ਦਾ ਬਜਟ ਪੰਜ ਕਰੋੜ ਸੀ ,ਜੋ ਉਹਨਾਂ ਪਹਿਲੇ ਸਾਲ ਹੀ ਵਧਾ ਕੇ 7 ਕਰੋੜ ਕੀਤਾ ਤੇ ਇਸ ਵਾਰ 7 ਤੋਂ 9 ਕਰੋੜ ਕੀਤਾ ਜਾ ਰਿਹਾ ਹੈ।

ਉਹਨਾਂ ਦੱਸਿਆ ਕਿ ਲੁਧਿਆਣਾ ਜਿਲ੍ਹੇ ਦੀਆਂ ਸਾਰੀਆਂ ਨਗਰ ਕੌਂਸਲਾਂ ਦੋਰਾਹਾ,ਪਾਇਲ, ਜਗਰਾਉਂ, ਮੁੱਲਾਪੁਰ ਦਾਖਾਂ, ਅਤੇ ਖੰਨਾ ਸਾਰਿਆਂ ਵਿੱਚੋਂ ਮਾਛੀਵਾੜਾ ਨਗਰ ਕੌਂਸਲ ਨੇ ਵਧੇਰੇ ਆਮਦਨ ਕਾਰ ਆਪਣਾ ਵੱਖਰਾ ਰਿਕਾਰਡ ਬਣਾਇਆ। ਉਹਨਾਂ ਦੱਸਿਆ ਕਿ ਇਹ ਨਕਸ਼ੇ ਪਾਸ ਕਰਨ ਦੀ ਆਮਦਨ ਦੇ ਪੱਖੋਂ ਖੰਨਾ ਤੋਂ ਬਾਅਦ ਮਾਛੀਵਾੜਾ ਨਗਰ ਕੌਂਸਲ ਦਾ ਦੂਸਰਾ ਸਥਾਨ ਆਉਂਦਾ ਹੈ

# ਸ੍ਰੀ ਹਰਪ੍ਰੀਤ ਸਿੰਘ, ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵੱਲੋਂ ਸਬ-ਡਵੀਜਨ, ਬਟਾਲਾ ਵਿਖੇ ਦੋ-ਮਾਸਿਕ ਮੀਟਿੰਗ ਕੀਤੀ ਗਈ



ਗੁਰਦਾਸਪੁਰ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਦੀਆਂ ਹਦਾਇਤਾਂ ਮੁਤਾਬਕ ਸ੍ਰੀ ਹਰਪ੍ਰੀਤ ਸਿੰਘ, ਮਾਨਯੋਗ ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੁਆਰਾ ਸਬ-ਡਵੀਜਨ, ਬਟਾਲਾ ਵਿਖੇ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਅਤੇ ਸਬ-ਡਵੀਜਨ ਬਟਾਲਾ ਦੀਆਂ ਗਤੀਵਿਧੀਆਂ ਅਤੇ ਵੱਖ ਵੱਖ ਸਕੀਮਾਂ ਦੀ ਜਾਗਰੁਕਤਾ ਸਬੰਧੀ ਦੋ-ਮਾਸਿਕ ਮੀਟਿੰਗ ਰੱਖੀ ਗਈ।

ਇਹ ਮੀਟਿੰਗ ਬਟਾਲਾ ਦੇ ਵੱਖ ਵੱਖ ਵਿਭਾਗਾਂ ਵੱਲੋਂ ਮੀਟਿੰਗ ਅਟੈਂਡ ਕੀਤੀ ਗਈ। ਇਸ ਮੌਕੇ ਸ੍ਰੀ ਹਰਜੋਤ ਸਿੰਘ ਗਿੱਲ, ਚੇਅਰਮੈਨ, ਸਬ-ਡਵੀਜਨਲ ਲੀਗਲ ਸਰਵਿਸਿਜ਼ ਕਮੇਟੀ, ਬਟਾਲਾ ਵੀ ਮੌਜੂਦ ਸਨ।

ਇਸ ਮੌਕੇ ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਜੀਆਂ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵੱਲੋਂ ਕਰਵਾਏ ਜਾ ਰਹੇ ਵੱਖ ਵੱਖ ਜਾਗਰੁਕਤਾ ਪ੍ਰੋਗਰਾਮਾਂ ਬਾਰੇ ਦੱਸਿਆ ਅਤੇ ਨਾਲ ਹੀ ਇਹ ਦੱਸਿਆ ਕਿ ਸੈਸ਼ਨਜ਼ ਡਵੀਜਨ, ਗੁਰਦਾਸਪੁਰ ਅਧੀਨ ਸਮੂਹ ਨਿਆਇਕ ਅਦਾਲਤਾਂ ਗੁਰਦਾਸਪੁਰ ਅਤੇ ਸਬ-ਡਵੀਜਨ, ਬਟਾਲਾ ਵਿਖੇ ਕੇਸਾਂ ਦੇ ਨਿਪਟਾਰੇ ਲਈ ਅਗਲੀ ਨੈਸ਼ਨਲ ਲੋਕ ਅਦਾਲਤ ਦਾ ਮਿਤੀ 12.09.2026 ਨੂੰ ਲਗਾਈ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਫੌਜਦਾਰੀ, ਚੈੱਕ ਬਾਊਂਸ, ਬੈਂਕਾਂ ਦੇ ਕੇਸ, ਐਕਸੀਡੈਂਟ ਕਲੇਮ ਕੇਸ ਅਤੇ ਪਰਿਵਾਰਿਕ ਝਗੜੇ ਆਦਿ ਕਿਸਮਾਂ ਦੇ ਕੇਸ ਲਗਾਏ ਜਾਣਗੇ।

ਇਸ ਤੋਂ ਇਲਾਵਾ ਪ੍ਰੀ-ਲੀਟੀਗੇਟਿਵ ਕੇਸ ਜਿਵੇਂ ਕਿ ਬੈਂਕ ਰਿਕਵਰੀ ਕੇਸ, ਜਲ ਸਪਲਾਈ, ਲੇਬਰ ਆਦਿ ਕੇਸ ਵੀ ਲਗਾਏ ਜਾਣਗੇ।

ਲੋਕ ਅਦਾਲਤ ਦਾ ਮੁੱਖ ਮਨੋਰਥ ਦੋਵੇਂ ਧਿਰਾਂ ਦੀ ਆਪਸੀ ਰਜਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਹੈ ਤਾਂ ਜੋ ਧਿਰਾਂ ਦੇ ਕੀਮਤੀ ਸਮੇਂ ਅਤੇ ਧੰਨ ਦੀ ਬਚਤ ਹੋ ਸਕੇ ਅਤੇ ਆਪਸੀ ਦੁਸ਼ਮਣੀ ਘਟਾਈ ਜਾ ਸਕੇ।

ਲੋਕ ਅਦਾਲਤਾਂ ਰਾਹੀਂ ਫੈਸਲੇ ਹੋਏ ਕੇਸਾਂ ਦੇ ਲਾਭਾਂ ਤੇ ਚਾਨਣਾ ਪਾਉਂਦੇ ਹੋਏ ਉਹਨਾਂ ਦੱਸਿਆ ਕਿ ਲੋਕ ਅਦਾਲਤ ਰਾਹੀਂ ਫੈਸਲਾਂ ਹੋਏ ਕੇਸ ਦੀ ਅੱਗੇ ਕੋਈ ਅਪੀਲ ਨਹੀਂ ਹੋ ਸਕਦੀ ਕਿਉਂਕਿ ਲੋਕ ਅਦਾਲਤ ਵਿੱਚ ਫੈਸਲਾ ਧਿਰਾਂ ਦੀ ਆਪਸੀ ਸਹਿਮਤੀ ਰਾਹੀਂ ਕਰਵਾਇਆ ਜਾਂਦਾ ਹੈ। ਇਸ ਨਾਲ ਝਗੜਾ ਹਮੇਸ਼ਾ ਲਈ ਖਤਮ ਹੋ ਜਾਂਦਾ ਹੈ।

ਉਹਨਾਂ ਇਹ ਵੀ ਦੱਸਿਆ ਕਿ ਲੋਕ ਅਦਾਲਤ ਰਾਹੀਂ ਫੈਸਲਾ ਹੋਏ ਕੇਸਾਂ ਵਿੱਚ ਲਗਾਈ ਗਈ, ਕੋਰਟ ਫੀਸ ਵੀ ਵਾਪਸ ਕੀਤੀ ਜਾਂਦੀ ਹੈ।

# ਚੋਰੀ ਦੇ ਮਾਮਲੇ ਵਿੱਚ ਐਂਟੀ ਆਟੋ ਵਹੀਕਲ ਥੈਫਟ ਸਟਾਫ ਦੀ ਵੱਡੀ ਕਾਰਵਾਈ, ਇੱਕ ਮੁਲਜ਼ਮ ਕਾਬੂ

ਕਰਨਾਲ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਪੁਲਿਸ ਕਰਨਾਲ ਦੀ ਐਂਟੀ ਆਟੋ ਵਹੀਕਲ ਥੈਫਟ ਸਟਾਫ ਟੀਮ ਨੇ ਇੰਸਪੈਕਟਰ ਸੁਰੇਂਦਰ ਕੁਮਾਰ ਦੀ ਅਗਵਾਈ ਹੇਠ ਦੋਪਹੀਆ ਵਾਹਨ ਚੋਰੀ ਦੀਆਂ ਵਾਰਦਾਤਾਂ ਖ਼ਿਲਾਫ਼ ਪ੍ਰਭਾਵਸ਼ਾਲੀ ਕਾਰਵਾਈ ਕਰਦਿਆਂ ਇੱਕ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਹਿਚਾਣ ਪੀਰਤਿਊ ਉਰਫ਼ ਪ੍ਰਭੂ ਪੁੱਤਰ ਸਤੀਸ਼ ਕੁਮਾਰ ਉਰਫ਼ ਬਿੱਲੂ, ਵਾਸੀ ਪਿੰਡ ਸਿੰਘਪੁਰਾ, ਵਾਰਡ ਨੰਬਰ 9, ਮਕਾਨ ਨੰਬਰ 407, ਤਹਿਸੀਲ ਸਫ਼ੀਦੋਂ, ਥਾਣਾ ਸਦਰ ਸਫ਼ੀਦੋਂ, ਜ਼ਿਲ੍ਹਾ ਜੀਂਦ ਵਜੋਂ ਹੋਈ ਹੈ।

ਪੁਲਿਸ ਟੀਮ ਵੱਲੋਂ ਪੁੱਛਗਿੱਛ ਅਤੇ ਸਬੂਤਾਂ ਦੇ ਆਧਾਰ ’ਤੇ ਮੁਲਜ਼ਮ ਦੇ ਕਬਜ਼ੇ ਵਿੱਚੋਂ ਚੋਰੀਸ਼ੁਦਾ ਦੋ ਮੋਟਰਸਾਈਕਲ ਬਰਾਮਦ ਕੀਤੇ ਗਏ ਹਨ। ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਮੁਲਜ਼ਮ ਦਾ ਅਪਰਾਧਿਕ ਪਿਛੋਕੜ ਰਿਹਾ ਹੈ ਅਤੇ ਉਹ ਪਹਿਲਾਂ ਵੀ ਲੜਾਈ-ਝਗੜੇ ਦੇ ਮਾਮਲਿਆਂ ਵਿੱਚ ਜੇਲ੍ਹ ਜਾ ਚੁੱਕਾ ਹੈ।

ਪੁਲਿਸ ਨੇ ਮੁਲਜ਼ਮ ਨੂੰ ਖ਼ਾਸ ਮੁਖਬਿਰ ਦੀ ਸੂਚਨਾ ’ਤੇ ਸੈਕਟਰ-16 ਟੀ-ਪੁਆਇੰਟ ਤੋਂ ਕਾਨੂੰਨੀ ਤੌਰ ’ਤੇ ਗ੍ਰਿਫ਼ਤਾਰ ਕੀਤਾ। ਇਸ ਸਬੰਧ ਵਿੱਚ ਥਾਣਾ ਸਿਟੀ ਕਰਨਾਲ ਵਿੱਚ ਦਰਜ ਮੁਕੱਦਮਾ ਨੰਬਰ 333 ਮਿਤੀ 21/05/2026, ਧਾਰਾ 303, 317(2), 238(ਸੀ) ਬੀਐਨਐੱਸ ਤਹਿਤ ਕਾਰਵਾਈ ਕੀਤੀ ਗਈ।

ਪੁੱਛਗਿੱਛ ਦੌਰਾਨ ਮੁਲਜ਼ਮ ਨੇ ਇੱਕ ਹੋਰ ਮਾਮਲੇ, ਮੁਕੱਦਮਾ ਨੰਬਰ 122 ਮਿਤੀ 22/05/2026, ਧਾਰਾ 305, 317(2) ਬੀਐਨਐੱਸ, ਥਾਣਾ ਬੁਟਾਣਾ, ਕਰਨਾਲ ਵਿੱਚ ਵੀ ਆਪਣੀ ਸ਼ਮੂਲੀਅਤ ਕਬੂਲ ਕੀਤੀ ਹੈ।

ਲੋੜੀਂਦੀ ਕਾਨੂੰਨੀ ਕਾਰਵਾਈ ਪੂਰੀ ਕਰਨ ਤੋਂ ਬਾਅਦ ਮੁਲਜ਼ਮ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਉਸ ਨੂੰ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ।

# ਪੈਨਸ਼ਨਰਾਂ/ਫੈਮਲੀ ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਵਿਸ਼ੇਸ਼ ਅਦਾਲਤ 10 ਜੂਨ ਨੂੰ



ਹੁਸ਼ਿਆਰਪੁਰ, 9 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਵੱਖ-ਵੱਖ ਵਿਭਾਗਾਂ ਵਿਚੋਂ ਸੇਵਾਮੁਕਤ ਹੋਏ ਪੈਨਸ਼ਨਰਾਂ/ਫੈਮਲੀ ਪੈਨਸ਼ਨਰਾਂ ਵੱਲੋਂ ਪ੍ਰਾਪਤ ਹੋਈਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਪੈਨਸ਼ਨਰ ਅਦਾਲਤ ਲਗਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਪੈਨਸ਼ਨਰ ਅਦਾਲਤ 10 ਜੂਨ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਅਸ਼ੋਕ ਚੱਕਰਾ ਹਾਲਵਿਖੇ ਲਗਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਭਾਗ ਦੇ ਸੇਵਾਮੁਕਤ ਹੋਏ ਕਰਮਚਾਰੀ ਨੂੰ ਆਪਣੀ ਪੈਨਸ਼ਨ ਸਬੰਧੀ ਕੋਈ ਸ਼ਿਕਾਇਤ ਹੋਵੇ ਤਾਂ ਉਹ 10 ਜੂਨ ਨੂੰ ਨਿੱਜੀ ਤੌਰ ‘ਤੇ ਸਮੇਤ ਦਸਤਾਵੇਜ ਲਿਖਤੀ ਦਰਖਾਸਤ ਲੈ ਕੇ ਹਾਜ਼ਰ ਹੋ ਸਕਦੇ ਹਨ।



ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਯਬ ਸਿੰਘ ਸੈਨੀ ਚੰਡੀਗੜ੍ਹ ਵਿੱਚ ਕਵਾਲਿਟੀ ਐਸ਼ਿਓਰੇਂਸ ਅਥੋਰਿਟੀ ਦੀ ਸਮੀਖਿਆ ਬੈਠਕ ਦੀ ਪ੍ਰਧਾਨਤਾ ਕਰਦੀ ਹੈ।

# ਮਿਸ਼ਨ ਰੋਜ਼ਗਾਰ' ਜਾਰੀ ਰੱਖਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੋਰ 355 ਨੌਜਵਾਨਾਂ ਨੂੰ ਸੌਂਪੇ ਨਿਯੁਕਤੀ ਪੱਤਰ; ਕਿਹਾ, ਪੰਜਾਬ ਵਿੱਚ ਸਰਕਾਰੀ ਨੌਕਰੀਆਂ ਲਈ ਸਿਰਫ਼ ਯੋਗਤਾ ਹੀ ਇੱਕੋ-ਇੱਕ ਮਾਪਦੰਡ

**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀ ਰੋਜ਼ਗਾਰ ਮੁਹਿੰਮ ਵਿੱਚ ਇੱਕ ਹੋਰ ਮੀਲ ਪੱਥਰ ਕਾਇਮ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 355 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ, ਜਿਸ ਨਾਲ ਉਨ੍ਹਾਂ ਦੀ ਸਰਕਾਰ ਦੇ ਗਠਨ ਤੋਂ ਲੈ ਕੇ ਹੁਣ ਤੱਕ ਦਿੱਤੀਆਂ ਗਈਆਂ ਕੁੱਲ ਸਰਕਾਰੀ ਨੌਕਰੀਆਂ ਦੀ ਗਿਣਤੀ 67,037 ਹੋ ਗਈ ਹੈ। ਇਸ ਪ੍ਰਾਪਤੀ ਨੂੰ ਪੰਜਾਬ ਵਿੱਚ ਨਵੀਂ ਭਰਤੀ ਵਿਵਸਥਾ ਦਾ ਪ੍ਰਤੱਖ ਪ੍ਰਮਾਣ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਹਿਲੀ ਵਾਰ ਸਰਕਾਰੀ ਨੌਕਰੀਆਂ ਸਿਰਫ਼ ਯੋਗਤਾ, ਪਾਰਦਰਸ਼ਤਾ ਅਤੇ ਨਿਰਪੱਖ ਮੁਕਾਬਲੇ ਦੇ ਆਧਾਰ 'ਤੇ ਬਿਨਾਂ ਕਿਸੇ ਸਿਫਾਰਸ਼, ਰਾਜਨੀਤਿਕ ਪ੍ਰਭਾਵ ਜਾਂ ਭ੍ਰਿਸ਼ਟਾਚਾਰ ਦੇ ਦਿੱਤੀਆਂ ਜਾ ਰਹੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਨੀਟ ਵਰਗੀਆਂ ਪੇਪਰ ਲੀਕ ਦੀਆਂ ਘਟਨਾਵਾਂ ਨੇ ਦੇਸ਼ ਭਰ ਦੇ ਨੌਜਵਾਨਾਂ ਦੇ ਵਿਸ਼ਵਾਸ ਨੂੰ ਹਿਲਾ ਕੇ ਰੱਖ ਦਿੱਤਾ ਹੈ ਅਤੇ 2017 ਤੋਂ ਲੈ ਕੇ ਹੁਣ ਤੱਕ ਦੇਸ਼ ਭਰ ਵਿੱਚ 93 ਪੇਪਰ ਲੀਕ ਹੋਣ ਦੀਆਂ ਰਿਪੋਰਟਾਂ ਹਨ। ਉਨ੍ਹਾਂ ਕਿਹਾ ਕਿ ਇਸਦੇ ਉਲਟ ਪੰਜਾਬ ਵੱਲ ਝਾਤ ਮਾਰੀਏ ਤਾਂ ਸਾਲ 2022 ਤੋਂ ਇੱਕ ਵੀ ਪੇਪਰ ਲੀਕ ਹੋਣ ਦਾ ਮਾਮਲਾ ਸਾਹਮਣੇ ਨਹੀਂ ਆਇਆ।



ਨੌਜਵਾਨਾਂ ਦੇ ਸਸ਼ਕਤੀਕਰਨ ਲਈ ਸਰਕਾਰ ਦੇ ਵਿਆਪਕ ਦ੍ਰਿਸ਼ਟੀਕੋਣ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨਾ ਸਿਰਫ਼ ਨੌਕਰੀਆਂ ਪੈਦਾ ਕਰ ਰਿਹਾ ਹੈ ਬਲਕਿ ਅਜਿਹੇ ਮੌਕੇ ਵੀ ਪੈਦਾ ਕਰ ਰਿਹਾ ਹੈ ਜੋ ਨੌਜਵਾਨਾਂ ਨੂੰ ਆਪਣੇ ਸੂਬੇ ਵਿੱਚ ਰਹਿਣ, ਅੱਗੇ ਵਧਣ ਅਤੇ ਸਫਲ ਹੋਣ ਲਈ ਉਤਸ਼ਾਹਿਤ ਕਰਦੇ ਹਨ। ਉਨ੍ਹਾਂ ਨੇ ਹੁਨਰਮੰਦ ਨੌਜਵਾਨਾਂ ਦੀ ਹਿਜਰਤ ਦੇ ਰੁਝਾਨ ਨੂੰ ਪੁੱਠਾ ਗੇੜ ਪੈਣ, 65,000 ਠੇਕਾ ਕਰਮਚਾਰੀਆਂ ਲਈ ਰੈਗੂਲਰ ਨੌਕਰੀ ਦਾ ਰਾਹ ਖੋਲ੍ਹਣ, 25 ਨਵੀਆਂ ਆਈ.ਟੀ.ਆਈਜ਼ ਅਤੇ 13 ਮੌਜੂਦਾ ਆਈ.ਟੀ.ਆਈਜ਼ ਸੰਸਥਾਵਾਂ ਦੇ ਅਪਗ੍ਰੇਡੇਸ਼ਨ ਰਾਹੀਂ ਹੁਨਰ ਵਿਕਾਸ ਵਿੱਚ ਵੱਡੇ ਨਿਵੇਸ਼ ਵੱਲ ਇਸ਼ਾਰਾ ਕਰਦਿਆਂ ਉਨ੍ਹਾਂ ਕਿਹਾ ਕਿ ਆਪ ਸਰਕਾਰ ਪੰਜਾਬ ਦੇ ਨੌਜਵਾਨਾਂ ਨੂੰ ਦੇਸ਼ ਵਿੱਚ ਰਹਿ ਕੇ ਹੀ ਆਪਣਾ ਭਵਿੱਖ ਬਣਾਉਣ ਵਾਸਤੇ ਉਨ੍ਹਾਂ ਨੂੰ ਵਿਸ਼ਵਾਸ ਨਾਲ ਭਰਨ, ਢੁਕਵੇਂ ਮੌਕੇ ਅਤੇ ਹਰ ਸੰਭਵ ਸਹਾਇਤਾ ਦੇਣ ਲਈ ਵਚਨਬੱਧ ਹੈ।

ਤਕਨੀਕੀ ਸਿੱਖਿਆ, ਸਹਿਕਾਰਤਾ, ਸਥਾਨਕ ਸਰਕਾਰਾਂ, ਜਲ ਸਪਲਾਈ ਤੇ ਸੈਨੀਟੇਸ਼ਨ, ਪਸ਼ੂ ਪਾਲਣ, ਲੋਕ ਨਿਰਮਾਣ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਅਤੇ ਹੋਰ ਵਿਭਾਗਾਂ ਵਿੱਚ ਨਵੇਂ ਚੁਣੇ ਗਏ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ ਸਮਾਰੋਹ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਦਿਨ ਪੰਜਾਬ ਸਰਕਾਰ ਦੇ ਸੂਬੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਅਤੇ ਚੰਗੇ ਸ਼ਾਸਨ ਰਾਹੀਂ ਸਸ਼ਕਤ ਬਣਾਉਣ ਦੇ ਚੱਲ ਰਹੇ ਮਿਸ਼ਨ ਵਿੱਚ ਇੱਕ ਹੋਰ ਮਹੱਤਵਪੂਰਨ ਮੀਲ ਪੱਥਰ ਹੈ।

ਇਸ ਸਮਾਗਮ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਐਕਸ ਹੈਂਡਲ 'ਤੇ ਕਿਹਾ ÷ਅੱਜ 355 ਹੋਰ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ, ਜਿਸ ਨਾਲ ਹੁਣ ਤੱਕ ਦਿੱਤੀਆਂ ਗਈਆਂ ਸਰਕਾਰੀ ਨੌਕਰੀਆਂ ਦੀ ਕੁੱਲ ਗਿਣਤੀ 67,037 ਹੋ ਗਈ ਹੈ। ਇਹ ਸਾਰੀਆਂ ਨੌਕਰੀਆਂ ਪੂਰੀ ਤਰ੍ਹਾਂ ਯੋਗਤਾ ਅਤੇ ਪਾਰਦਰਸ਼ਤਾ ਦੇ ਆਧਾਰ 'ਤੇ ਦਿੱਤੀਆਂ ਗਈਆਂ ਹਨ। ਅਜਿਹੇ ਸਮੇਂ ਜਦੋਂ ਦੇਸ਼ ਭਰ ਵਿੱਚ ਨੀਟ ਵਰਗੇ ਪੇਪਰ ਲੀਕ ਹੋ ਰਹੇ ਹਨ, ਪੰਜਾਬ ਨੇ ਇਮਾਨਦਾਰੀ, ਪਾਰਦਰਸ਼ਤਾ ਤੇ ਨਿਰਪੱਖਤਾ ਨਾਲ ਭਰਤੀ ਪ੍ਰਕਿਰਿਆਵਾਂ ਨੂੰ ਯਕੀਨੀ ਬਣਾ ਕੇ ਅਤੇ ਸਿੱਖਿਆ ਦੇ ਖੇਤਰ ਵਿੱਚ ਦੇਸ਼ ਭਰ 'ਚੋਂ ਸਿਖਰਲਾ ਸਥਾਨ ਹਾਸਲ ਕਰਕੇ ਮਿਸਾਲ ਕਾਇਮ ਕੀਤੀ ਹੈ। ਮੈਂ ਨਵੇਂ ਭਰਤੀ ਹੋਏ ਉਮੀਦਵਾਰਾਂ ਨੂੰ ਸਰਕਾਰੀ ਦਫਤਰਾਂ ਵਿੱਚ ਸੀਨੀਅਰ ਨਾਗਰਿਕਾਂ ਅਤੇ ਆਮ ਲੋਕਾਂ ਦੇ ਕੰਮ ਨੂੰ ਤਰਜੀਹ ਦੇਣ ਦੀ ਅਪੀਲ ਕਰਦਾ ਹਾਂ। 'ਆਪ' ਸਰਕਾਰ ਨੌਜਵਾਨਾਂ ਦੇ ਵਿਦੇਸ਼ਾਂ ਵੱਲ ਪ੍ਰਵਾਸ ਨੂੰ ਰੋਕਣ ਅਤੇ ਉਨ੍ਹਾਂ ਨੂੰ ਪੰਜਾਬ ਵਿੱਚ ਹੀ ਤਰੱਕੀ ਦੇ ਮੌਕੇ ਪ੍ਰਦਾਨ ਕਰਕੇ ਉਨ੍ਹਾਂ ਦੇ ਸੁਪਨਿਆਂ ਨੂੰ ਖੰਭ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਨਵ-ਨਿਯੁਕਤ ਉਮੀਦਵਾਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਸਾਡੀ ਸਰਕਾਰ ਵਿੱਚ ਉਮੀਦਵਾਰਾਂ ਦੀ ਚੋਣ ਦਾ ਇੱਕੋ ਇੱਕ ਮਾਪਦੰਡ ਸਖ਼ਤ ਮਿਹਨਤ, ਸਮਰਪਣ ਅਤੇ ਯੋਗਤਾ ਹੈ।

# ਵਿਦਿਆਰਥੀ ਵੱਲੋਂ ਦਾਇਰ ਪਟੀਸ਼ਨ 'ਤੇ ਸੁਪਰੀਮ ਕੋਰਟ ਵੱਲੋਂ CBSE ਨੂੰ ਨੋਟਿਸ

**ਨਵੀਂ ਦਿੱਲੀ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਸੋਮਵਾਰ ਨੂੰ ਸਾਊਦੀ ਅਰਬ ਦੇ ਇੱਕ ਵਿਦਿਆਰਥੀ ਵੱਲੋਂ ਦਾਇਰ ਕੀਤੀ ਗਈ ਉਸ ਪਟੀਸ਼ਨ ਦੀ ਜਾਂਚ ਕਰਨ ਲਈ ਸਹਿਮਤੀ ਦਿੱਤੀ ਹੈ, ਜਿਸ ਵਿੱਚ ਸੈਂਟਰਲ ਬੋਰਡ ਆਫ਼ ਸੈਕੰਡਰੀ ਐਜੂਕੇਸ਼ਨ (ਸੀਬੀਐਸਈ) ਨੂੰ ਉਸਦੀ ਬਾਰ੍ਹਵੀਂ ਜਮਾਤ ਦੀ ਸੁਧਾਰ ਪ੍ਰੀਖਿਆ ਦਾ ਨਤੀਜਾ ਘੋਸ਼ਿਤ ਕਰਨ ਦੇ ਨਿਰਦੇਸ਼ ਦੇਣ ਦੀ ਮੰਗ ਕੀਤੀ ਗਈ ਹੈ। ਜਸਟਿਸ ਮਨਮੋਹਨ ਅਤੇ ਵਿਜੇ ਬਿਸ਼ਨੋਈ 'ਤੇ ਆਧਾਰਿਤ ਇੱਕ ਬੈਂਚ ਨੇ ਵਿਦਿਆਰਥੀ ਦੀ ਪਟੀਸ਼ਨ 'ਤੇ ਸੀਬੀਐੱਸਈ ਅਤੇ ਇਸਦੇ ਖੇਤਰੀ ਅਧਿਕਾਰੀ ਨੂੰ ਨੋਟਿਸ ਜਾਰੀ ਕੀਤਾ ਹੈ।

ਬੈਂਚ ਨੇ ਜ਼ੁਬਾਨੀ ਤੌਰ 'ਤੇ ਟਿੱਪਣੀ ਕਰਦਿਆਂ ਅਤੇ ਸੀਬੀਐੱਸਈ ਦੇ ਵਕੀਲ ਨੂੰ ਇਸ ਮਾਮਲੇ ਵਿੱਚ ਨਿਰਦੇਸ਼ ਲੈਣ ਲਈ ਨਿਰਦੇਸ਼ ਦਿੰਦਿਆਂ ਕਿਹਾ, ਇਹ ਇੱਕ ਬੱਚੇ ਦੇ ਕਰੀਅਰ ਬਾਰੇ ਹੈ, ਉਹ ਆਪਣੇ ਸਾਰੇ ਦਾਖਲੇ ਗੁਆ ਦੇਵੇਗਾ... ਜੋ ਵੀ ਹੋਵੇ, ਦਿਨ-ਰਾਤ ਇੱਕ ਕਰ ਦਿਓ ਸਿਖਰਲੀ ਅਦਾਲਤ ਪ੍ਰਾਂਸੂ ਜਿਗਰਕੁਮਾਰ ਪਟੇਲ ਵੱਲੋਂ ਦਾਇਰ ਉਸ ਪਟੀਸ਼ਨ ਦੀ ਸੁਣਵਾਈ ਕਰ ਰਹੀ ਸੀ, ਜਿਸ ਵਿੱਚ ਸੀਬੀਐੱਸਈ ਵੱਲੋਂ ਉਨ੍ਹਾਂ ਵਿਦਿਆਰਥੀਆਂ ਲਈ ਬਣਾਈ ਗਈ ਮੁਲਾਂਕਣ ਯੋਜਨਾ ਦੇ ਬਾਵਜੂਦ ਨਤੀਜਾ ਘੋਸ਼ਿਤ ਨਾ ਕਰਨ ਦੀ ਅਸਫਲਤਾ ਨੂੰ ਚੁਣੌਤੀ ਦਿੱਤੀ ਗਈ ਸੀ, ਜਿਨ੍ਹਾਂ ਦੀਆਂ ਕਈ ਖਾੜੀ ਦੇਸ਼ਾਂ ਵਿੱਚ ਪ੍ਰੀਖਿਆਵਾਂ ਰੱਦ ਹੋ ਗਈਆਂ ਸਨ। ਪਟੀਸ਼ਨ ਵਿੱਚ ਦਲੀਲ ਦਿੱਤੀ ਗਈ ਹੈ ਕਿ ਨਤੀਜਾ ਨਾ ਘੋਸ਼ਿਤ ਕਰਨ ਨਾਲ ਉਸਦੀ ਉੱਚ ਸਿੱਖਿਆ ਦੀਆਂ ਸੰਭਾਵਨਾਵਾਂ ਖਤਰੇ ਵਿੱਚ ਪੈ ਗਈਆਂ ਹਨ ਅਤੇ ਉਸ ਨੂੰ ਦਾਖਲੇ ਦੇ ਮੌਕਿਆਂ ਤੋਂ ਵਾਂਝਾ ਕਰ ਦਿੱਤਾ ਗਿਆ ਹੈ।

ਪਟੀਸ਼ਨ ਵਿੱਚ ਦੱਸਿਆ ਗਿਆ ਹੈ ਕਿ ਪਟੇਲ ਨੇ ਸਾਊਦੀ ਅਰਬ ਦੇ ਅਲ ਜੁਬੈਲ ਤੋਂ ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਗਣਿਤ, ਅੰਗਰੇਜ਼ੀ ਅਤੇ ਕੰਪਿਊਟਰ ਸਾਇੰਸ ਵਿੱਚ ਸੀਬੀਐਸਈ ਬਾਰ੍ਹਵੀਂ ਜਮਾਤ ਦੀ ਸੁਧਾਰ ਪ੍ਰੀਖਿਆ, 2026 ਵਿੱਚ ਇੱਕ ਪ੍ਰਾਈਵੇਟ ਉਮੀਦਵਾਰ ਵਜੋਂ ਭਾਗ ਲਿਆ ਸੀ।

# ਦੱਖਣੀ ਫਿਲੀਪੀਨਜ਼ ਵਿੱਚ 7.8 ਸ਼ਿੱਦਤ ਦਾ ਭੂਚਾਲ, 32 ਮੌਤਾਂ ਦਾ ਖਦਸ਼ਾ

**ਮਨੀਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦੱਖਣੀ ਫਿਲੀਪੀਨਜ਼ ਦੇ ਮਿੰਡਾਨਾਓ ਟਾਪੂ ਨੇੜੇ ਸੋਮਵਾਰ ਨੂੰ ਆਏ 7.8 ਸ਼ਿੱਦਤ ਦੇ ਸ਼ਕਤੀਸ਼ਾਲੀ ਭੂਚਾਲ ਕਾਰਨ ਘੱਟੋ-ਘੱਟ 32 ਲੋਕਾਂ ਦੀ ਮੌਤ ਹੋਣ ਦਾ ਖਦਸ਼ਾ ਹੈ ਅਤੇ ਦਰਜਨਾਂ ਲੋਕ ਜ਼ਖਮੀ ਹੋਏ ਹਨ।

ਭੂਚਾਲ ਸਵੇਰੇ ਸਾਰੰਗਾਨੀ ਸੂਬੇ ਤੋਂ ਲਗਪਗ 20 ਕਿਲੋਮੀਟਰ ਦੂਰ ਸਮੁੰਦਰ ਵਿੱਚ ਆਇਆ, ਜਿਸ ਦੇ ਝਟਕੇ ਪੂਰੇ ਮਿੰਡਾਨਾਓ ਅਤੇ ਇੰਡੋਨੇਸ਼ੀਆ ਦੇ ਸੁਲਾਵੇਸੀ ਟਾਪੂ ਤੱਕ ਮਹਿਸੂਸ ਕੀਤੇ ਗਏ।

ਭੂਚਾਲ ਤੋਂ ਬਾਅਦ ਕਈ ਦੇਸ਼ਾਂ ਵਿੱਚ ਸੁਨਾਮੀ ਦੀ ਚਿਤਾਵਨੀ ਜਾਰੀ ਕੀਤੀ ਗਈ ਸੀ, ਜਿਸ ਨੂੰ ਛੇ ਘੰਟਿਆਂ ਤੋਂ ਵੱਧ ਸਮੇਂ ਬਾਅਦ ਵਾਪਸ ਲੈ ਲਿਆ ਗਿਆ। ਫਿਲੀਪੀਨਜ਼ ਦੇ ਰਾਸ਼ਟਰਪਤੀ ਫਰਡੀਨੈਂਡ ਮਾਰਕੋਸ ਜੂਨੀਅਰ ਨੇ ਮਿੰਡਾਨਾਓ ਵਿੱਚ ਤੁਰੰਤ ਰਾਹਤ ਅਤੇ ਬਚਾਅ ਕਾਰਜਾਂ ਦੇ ਨਿਰਦੇਸ਼ ਦਿੱਤੇ ਹਨ ਅਤੇ ਕਿਹਾ ਹੈ ਕਿ ਸਰਕਾਰ ਇਸ ਔਖੀ ਘੜੀ ਵਿੱਚ ਲੋਕਾਂ ਦੇ ਨਾਲ ਖੜ੍ਹੀ ਹੈ।

ਭੂਚਾਲ ਕਾਰਨ ਸਭ ਤੋਂ ਵੱਧ ਪ੍ਰਭਾਵਿਤ ਜਨਰਲ ਸੰਤੋਸ਼ ਸ਼ਹਿਰ ਹੋਇਆ ਹੈ, ਜਿੱਥੇ ਕਈ ਇਮਾਰਤਾਂ ਅਤੇ ਦੁਕਾਨਾਂ ਨੂੰ ਨੁਕਸਾਨ ਪਹੁੰਚਿਆ ਹੈ। ਇੱਕ ਤੇਜ਼ ਭੋਜਨ ਰੈਸਟੋਰੈਂਟ ਦੀ ਇਮਾਰਤ ਡਿੱਗ ਗਈ ਅਤੇ ਹਸਪਤਾਲਾਂ ਨੂੰ ਵੀ ਖਾਲੀ ਕਰਵਾਉਣਾ ਪਿਆ। ਫਿਲੀਪੀਨਜ਼ ਦੀ ਭੂਚਾਲ ਵਿਗਿਆਨ ਏਜੰਸੀ ਨੇ ਦੱਸਿਆ ਕਿ ਮੁੱਖ ਭੂਚਾਲ ਤੋਂ ਬਾਅਦ 200 ਤੋਂ ਵੱਧ ਆਫਟਰਸ਼ੌਕ (ਝਟਕੇ) ਮਹਿਸੂਸ ਕੀਤੇ ਗਏ, ਜਿਨ੍ਹਾਂ ਵਿੱਚੋਂ ਸਭ ਤੋਂ ਵੱਡਾ 6.7 ਤੀਬਰਤਾ ਦਾ ਸੀ। ਇੰਡੋਨੇਸ਼ੀਆ ਦੇ ਉੱਤਰੀ ਸੁਲਾਵੇਸੀ ਖੇਤਰ ਵਿੱਚ ਵੀ 0.75 ਮੀਟਰ ਤੱਕ ਉੱਚੀਆਂ ਸੁਨਾਮੀ ਲਹਿਰਾਂ ਦਰਜ ਕੀਤੀਆਂ ਗਈਆਂ, ਜਿਸ ਕਾਰਨ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਜਾਣਾ ਪਿਆ।

# ਪਹਿਲੀ ਵਾਰ ਪੰਜਾਬ ਆਉਣਗੇ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ

**ਨਵੀਂ ਦਿੱਲੀ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਜਨਤਾ ਪਾਰਟੀ ਇਸੇ ਮਹੀਨੇ ਤੋਂ ਪੰਜਾਬ ਵਿੱਚ ਆਪਣੀਆਂ ਚੋਣ ਸਰਗਰਮੀਆਂ ਸ਼ੁਰੂ ਕਰਨ ਜਾ ਰਹੀ ਹੈ, ਜਿਸ ਲਈ ਕਈ ਵੱਡੇ ਆਗੂਆਂ ਦੇ ਦੌਰਿਆਂ ਦੀ ਤਿਆਰੀ ਕਰ ਲਈ ਗਈ ਹੈ।

ਸੂਤਰਾਂ ਮੁਤਾਬਕ, ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਜੂਨ ਦੇ ਅਖੀਰ ਵਿੱਚ ਪਹਿਲੀ ਵਾਰ ਪੰਜਾਬ ਦਾ ਦੌਰਾ ਕਰਨਗੇ। ਉਹ ਅੰਮ੍ਰਿਤਸਰ ਤੋਂ ਆਪਣੇ ਦੌਰੇ ਦੀ ਸ਼ੁਰੂਆਤ ਕਰਨਗੇ, ਜਿੱਥੇ ਉਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਦੁਰਗਿਆਣਾ ਮੰਦਿਰ ਵਿਖੇ ਨਤਮਸਤਕ ਹੋਣਗੇ।

ਨਿਤਿਨ ਨਬੀਨ ਦੇ ਆਉਣ ਤੋਂ ਪਹਿਲਾਂ, ਕੇਂਦਰ ਸਰਕਾਰ ਦੇ ਦੋ ਸੀਨੀਅਰ ਮੰਤਰੀ ਪੰਜਾਬ ਆਉਣਗੇ।



ਸਭ ਤੋਂ ਪਹਿਲਾਂ ਕੇਂਦਰੀ ਸ਼ਹਿਰੀ ਵਿਕਾਸ ਅਤੇ ਹਾਊਸਿੰਗ ਮੰਤਰੀ ਐਮ.ਐਲ. ਖੱਟਰ 13 ਜੂਨ ਨੂੰ ਅੰਮ੍ਰਿਤਸਰ ਪਹੁੰਚ ਰਹੇ ਹਨ। ਉਨ੍ਹਾਂ ਤੋਂ ਬਾਅਦ ਅਗਲੇ ਕੁਝ ਦਿਨਾਂ ਵਿੱਚ ਕੇਂਦਰੀ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਵੀ ਪੰਜਾਬ ਦਾ ਦੌਰਾ ਕਰਨਗੇ।

ਇਨ੍ਹਾਂ ਦੌਰਿਆਂ ਤੋਂ ਬਾਅਦ ਭਾਜਪਾ ਆਪਣੇ ਹੋਰ ਵੀ ਕਈ ਸੀਨੀਅਰ ਮੰਤਰੀਆਂ ਨੂੰ ਪੰਜਾਬ ਚੋਣ ਪ੍ਰਚਾਰ ਦੀ ਜ਼ਿੰਮੇਵਾਰੀ ਸੌਂਪੇਗੀ।

ਇਹ ਯੋਜਨਾ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਵੱਲੋਂ ਕੇਂਦਰੀ ਮੰਤਰੀਆਂ ਨਾਲ ਕੀਤੀਆਂ ਮੁਲਾਕਾਤਾਂ ਤੋਂ ਬਾਅਦ ਤਿਆਰ ਕੀਤੀ ਗਈ ਹੈ। ਢਿੱਲੋਂ ਨੇ ਕੇਂਦਰ ਸਰਕਾਰ ਨੂੰ ਪੰਜਾਬ ਦੇ ਮੁੱਖ ਮੁੱਦਿਆਂ 'ਤੇ ਖ਼ਾਸ ਧਿਆਨ ਦੇਣ ਦੀ ਅਪੀਲ ਕੀਤੀ ਸੀ, ਜਿਨ੍ਹਾਂ ਵਿੱਚ ਨਸ਼ਿਆਂ ਦੀ ਸਮੱਸਿਆ, ਕਾਨੂੰਨ ਵਿਵਸਥਾ, ਲਗਾਤਾਰ ਡਿੱਗ ਰਿਹਾ ਪਾਣੀ ਦਾ ਪੱਧਰ, ਸਰਹੱਦੀ ਇਲਾਕਿਆਂ ਦੀ ਸੁਰੱਖਿਆ, ਰੁਜ਼ਗਾਰ ਦੇ ਮੌਕਿਆਂ ਦੀ ਘਾਟ ਅਤੇ ਕਮਜ਼ੋਰ ਸਿਹਤ ਸਹੂਲਤਾਂ ਸ਼ਾਮਲ ਹਨ।

# ਸੁਖਬੀਰ ਬਾਦਲ ਅਤੇ ਹਰਸਿਮਰਤ ਬਾਦਲ ਨੇ ਛੰਨੋ ਨੂੰ ਕੌਂਸਲਰ ਬਣਨ 'ਤੇ ਕੀਤਾ ਸਨਮਾਨਿਤ



**ਸੁਨਾਮ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਵਿੱਚ ਜੋਗੀ ਨਾਥ ਭਾਈਚਾਰੇ ਲਈ ਇੱਕ ਇਤਿਹਾਸਕ ਅਤੇ ਮਾਣਮੱਤਾ ਪਲ ਉਸ ਸਮੇਂ ਸਾਹਮਣੇ ਆਇਆ, ਜਦੋਂ ਨੇੜਲੇ ਕਸਬਾ ਲੌਂਗੋਵਾਲ ਦੇ ਵਾਰਡ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ 'ਤੇ ਚੋਣ ਜਿੱਤ ਕੇ ਛੰਨੋ ਪੰਜਾਬ ਦੀ ਪਹਿਲੀ ਜੋਗੀ ਨਾਥ ਕੌਂਸਲਰ ਬਣੀ ਹੈ।

ਜਾਣਕਾਰੀ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਹਲਕਾ ਇੰਚਾਰਜ ਸੁਨਾਮ ਵਿਨਰਜੀਤ ਸਿੰਘ ਖਡਿਆਲ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਇਸ ਭਾਈਚਾਰੇ ਨੂੰ ਵੱਡਾ ਮਾਣ-ਸਤਿਕਾਰ ਦਿੰਦੇ ਹੋਏ ਪਹਿਲੀ ਵਾਰ ਛੰਨੋ ਨੂੰ ਪਾਰਟੀ ਦੇ ਚੋਣ ਨਿਸ਼ਾਨ ਤੱਕੜੀ 'ਤੇ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਸੀ, ਜਿੱਥੇ ਉਨ੍ਹਾਂ ਨੇ ਸ਼ਾਨਦਾਰ ਜਿੱਤ ਦਰਜ ਕੀਤੀ। ਇਸ ਇਤਿਹਾਸਕ ਜਿੱਤ ਤੋਂ ਬਾਅਦ ਚੰਡੀਗੜ੍ਹ ਸਥਿਤ ਪਾਰਟੀ ਮੁੱਖ ਦਫ਼ਤਰ ਵਿਖੇ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਨਵ-ਨਿਯੁਕਤ ਕੌਂਸਲਰ ਛੰਨੋ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਅਤੇ ਨਾਲ ਹੀ ਸਾਬਕਾ ਕੇਂਦਰੀ ਮੰਤਰੀ ਅਤੇ ਮੌਜੂਦਾ ਸੰਸਦ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਨੇ ਵੀ ਛੰਨੋ ਨੂੰ ਇਸ ਸਫ਼ਲਤਾ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦਾ ਸਨਮਾਨ ਕੀਤਾ। ਇਸ ਸਮੇਂ ਬੀਬਾ ਬਾਦਲ ਨੇ ਵਾਰਡ ਦੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨ ਲਈ ਆਪਣੇ ਐਮ.ਪੀ. ਫੰਡ ਵਿੱਚੋਂ ਇੱਕ ਲੱਖ ਰੁਪਏ ਦੀ ਵਿੱਤੀ ਗ੍ਰਾਂਟ ਦੇਣ ਦਾ ਐਲਾਨ ਵੀ ਕੀਤਾ। ਪਾਰਟੀ ਲੀਡਰਸ਼ਿਪ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਹਰ ਵਰਗ ਅਤੇ ਪਿਛੜੇ ਭਾਈਚਾਰਿਆਂ ਨੂੰ ਰਾਜਨੀਤੀ ਵਿੱਚ ਬਰਾਬਰ ਦੇ ਅਧਿਕਾਰ ਅਤੇ ਪ੍ਰਤੀਨਿਧਤਾ ਦੇਣ ਲਈ ਵਚਨਬੱਧ ਹੈ।

# ਸੰਗਰੂਰ ਪੁਲਿਸ ਵੱਲੋਂ ਇਕ ਭਗੌੜਾ ਅਪਰਾਧੀ ਕਾਬੂ; 4 ਨਜਾਇਜ ਪਿਸਤੌਲ, 3 ਮੈਗਜੀਨ, 8 ਜਿੰਦਾ ਰੌਂਦ, 1 ਕਾਰ ਬਰਾਮਦ

**ਸੰਗਰੂਰ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਐਸ.ਐਸ.ਪੀ ਸੰਗਰੂਰ ਡਾ. ਰਵਜੋਤ ਗਰੇਵਾਲ (ਆਈ.ਪੀ.ਐਸ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਸਿਟੀ ਸੁਨਾਮ ਦੇ ਖੇਤਰ ਵਿੱਚੋਂ ਇਕਅਪਰਾਧੀ ਨੂੰ ਕਾਬੂ ਕਰਕੇ ਉਸ ਪਾਸੋਂ 4 ਨਜਾਇਜ ਪਿਸਤੌਲ 32 ਬੋਰ, 3 ਮੈਗਜੀਨ ਅਤੇ 8 ਜਿੰਦਾ ਰੌਂਦ 32 ਬੋਰ ਸਮੇਤ ਕਾਰ ਡਿਜਾਇਰ ਕਾਰ ਨੰਬਰ ਐਚ.ਆਰ-14ਐਮ-4194 ਬ੍ਰਾਮਦ ਕਰਵਾਏ ਗਏ।



ਡਾ. ਰਵਜੋਤ ਗਰੇਵਾਲ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਦੋਸ਼ੀ ਮਨਪ੍ਰੀਤ ਸਿੰਘ ਉਰਫ ਮਨੀ ਵਾਸੀ ਜਗਤਪੁਰਾ ਬਸਤੀ ਸੁਨਾਮ, ਮੁਕੱਦਮਾ ਨੰਬਰ 261 ਮਿਤੀ 08.12.2025 ਅ/ਧ 109, 115(2), 333, 324(4), 351(3), 3(5) BNS ਥਾਣਾ ਸਿਟੀ ਸੁਨਾਮ ਵਿੱਚ ਕਰੀਬ 06 ਮਹੀਨੇ ਤੋਂ ਭਗੌੜਾ ਚੱਲਿਆ ਆ ਰਿਹਾ ਸੀ ਅਤੇ ਇਸ ਖਿਲਾਫ ਵੱਖ-ਵੱਖ ਸੰਗੀਨ ਜੁਰਮਾਂ ਤਹਿਤ ਕਰੀਬ 10 ਮੁਕੱਦਮੇ ਦਰਜ ਰਜਿਸਟਰ ਹਨ।

# ਦਿੱਲੀ ਇਮਾਰਤ ਹਾਦਸਾ : ਅਦਾਲਤ ਨੇ ਜੱਜ ਵਿਰੁੱਧ ਸੋਸ਼ਲ ਮੀਡੀਆ ਪੋਸਟਾਂ ਨੂੰ ਹਟਾਉਣ ਦੇ ਦਿੱਤੇ ਹੁਕਮ

**ਨਵੀਂ ਦਿੱਲੀ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਹਾਈ ਕੋਰਟ ਨੇ ਸੋਮਵਾਰ ਨੂੰ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ ਪਿਛਲੇ ਮਹੀਨੇ ਸੈਦ-ਉਲ-ਅਜਾਇਬ ਵਿੱਚ ਹੋਈ ਬਹੁ-ਮੰਜ਼ਿਲਾ ਇਮਾਰਤ ਢਹਿਣ ਦੇ ਸਬੰਧ ਵਿੱਚ ਇੱਕ ਮੌਜੂਦਾ ਜੱਜ ਨੂੰ ਨਿਸ਼ਾਨਾ ਬਣਾਉਂਦੇ ਹੋਏ ਕਥਿਤ ਤੌਰ 'ਤੇ ਅਪਮਾਨਜਨਕ ਸਮੱਗਰੀ ਨੂੰ ਹਟਾਉਣ ਦੇ ਨਿਰਦੇਸ਼ ਦਿੱਤੇ। ਜਸਟਿਸ ਨੀਨਾ ਬਾਂਸਲ ਕ੍ਰਿਸ਼ਨਾ ਤੇ ਮਧੂ ਜੈਨ ਦੀ ਇੱਕ ਛੁੱਟੀਆਂ ਵਾਲੀ ਬੈਂਚ ਨੇ ਦਿੱਲੀ ਹਾਈ ਕੋਰਟ ਬਾਰ ਐਸੋਸੀਏਸ਼ਨ (ਡੀ.ਐਚ.ਸੀ.ਬੀ.ਏ.) ਦੁਆਰਾ ਦਾਇਰ ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਕਿਹਾ, ਸਭ ਕੁਝ ਤੁਰੰਤ ਹਟਾਓ। ਐਸੋਸੀਏਸ਼ਨ ਨੇ ਡਾ. ਕਪਿਲ ਕੱਕੜ ਵਿਰੁੱਧ ਅਪਰਾਧਿਕ ਮਾਣਹਾਨੀ ਦੀ ਕਾਰਵਾਈ ਦੀ ਬੇਨਤੀ ਕੀਤੀ ਸੀ, ਜਿਸਨੇ ਅਪਮਾਨਜਨਕ ਵੀਡੀਓ ਅਪਲੋਡ ਕੀਤਾ ਸੀ।

ਕੱਕੜ ਨੇ ਇਸ ਘਟਨਾ ਲਈ ਇੱਕ ਮੌਜੂਦਾ ਹਾਈ ਕੋਰਟ ਦੇ ਜੱਜ ਨੂੰ ਜ਼ਿੰਮੇਵਾਰ ਠਹਿਰਾਇਆ ਸੀ, ਜਿਸ ਵਿੱਚ ਛੇ ਲੋਕਾਂ ਦੀ ਜਾਨ ਚਲੀ ਗਈ ਸੀ। ਐਸੋਸੀਏਸ਼ਨ ਦੇ ਪ੍ਰਧਾਨ ਅਤੇ ਸੀਨੀਅਰ ਵਕੀਲ ਐਨ. ਹਰੀਹਰਨ ਨੇ ਕਿਹਾ ਕਿ ਕੱਕੜ ਨੇ ਜੱਜ ਵਿਰੁੱਧ ਅਪਮਾਨਜਨਕ ਦੋਸ਼ ਲਗਾਉਂਦੇ ਹੋਏ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਵੀਡੀਓ ਅਪਲੋਡ ਕੀਤੇ ਸਨ। ਵੀਡੀਓ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਜੱਜ ਨੇ ਪਹਿਲਾਂ ਇਮਾਰਤ ਵਿੱਚ ਗੈਰ-ਕਾਨੂੰਨੀ ਉਸਾਰੀ ਨਾਲ ਸਬੰਧਤ ਇੱਕ ਕੇਸ ਦੀ ਸੁਣਵਾਈ ਕੀਤੀ ਸੀ।

ਬੈਂਚ ਨੇ ਕਿਹਾ ਕਿ ਇਹ ਕੋਈ ਮਾਮੂਲੀ ਗੱਲ ਨਹੀਂ ਹੈ। ਅਦਾਲਤ ਨੇ ਸਵਾਲ ਕੀਤਾ ਕਿ ਸੋਸ਼ਲ ਮੀਡੀਆ ਪਲੇਟਫਾਰਮ ਨੇ ਖੁਦ ਵੀਡੀਓ ਕਿਉਂ ਨਹੀਂ ਹਟਾਏ। ਇਸ ਨੇ ਸੋਸ਼ਲ ਮੀਡੀਆ ਪਲੇਟਫਾਰਮ ਨੂੰ ਪੁੱਛਿਆ, ਕੁਝ ਜਵਾਬਦੇਹੀ ਹੋਣੀ ਚਾਹੀਦੀ ਹੈ। ਜਦੋਂ ਤੁਹਾਨੂੰ ਕੋਈ ਇੰਨੀ ਬੇਤੁਕੀ ਚੀਜ਼ ਮਿਲਦੀ ਹੈ, ਤਾਂ ਤੁਸੀਂ ਉਨ੍ਹਾਂ ਨੂੰ ਕਿਉਂ ਨਹੀਂ ਹਟਾਉਂਦੇ? ਜਦੋਂ ਇਹ ਤੁਹਾਡੇ ਧਿਆਨ ਵਿੱਚ ਆਉਂਦੀ ਹੈ, ਤਾਂ ਤੁਸੀਂ ਉਨ੍ਹਾਂ ਨੂੰ ਖੁਦ ਕਿਉਂ ਨਹੀਂ ਹਟਾ ਸਕਦੇ ?।

ਅਦਾਲਤ ਨੇ ਕਿਹਾ, ਇਹ ਕੋਈ ਵੱਖਰਾ ਮਾਮਲਾ ਨਹੀਂ ਹੈ। ਇਹ ਹਰ ਰੋਜ਼ ਹੁੰਦਾ ਹੈ। ਮੈਟਾ, ਗੂਗਲ ਅਤੇ ਲਿੰਕਡਇਨ ਦੀ ਨੁਮਾਇੰਦਗੀ ਕਰਨ ਵਾਲੇ ਵਕੀਲਾਂ ਨੇ ਅਦਾਲਤ ਨੂੰ ਭਰੋਸਾ ਦਿੱਤਾ ਕਿ ਨਿਰਦੇਸ਼ਾਂ ਅਨੁਸਾਰ ਵੀਡੀਓ ਹਟਾ ਦਿੱਤੇ ਜਾਣਗੇ। ਐਸੋਸੀਏਸ਼ਨ ਨੇ ਦਾਅਵਾ ਕੀਤਾ ਕਿ ਇਤਰਾਜ਼ਯੋਗ ਸਮੱਗਰੀ ਕਾਰਨ ਹੋਇਆ ਨੁਕਸਾਨ ਪਹਿਲਾਂ ਹੀ ਹੋ ਚੁੱਕਾ ਹੈ, ਪਰ ਅਦਾਲਤ ਨੇ ਟਿੱਪਣੀ ਕੀਤੀ, ਇਹ ਪ੍ਰਮਾਣਿਕ ??ਜਾਣਕਾਰੀ ਨਹੀਂ ਹੈ। ਲੋਕਾਂ ਦੀਆਂ ਯਾਦਾਂ ਛੋਟੀਆਂ ਹਨ। ਇਹ ਸਿਰਫ਼ ਸਨਸਨੀ ਪੈਦਾ ਕਰਨ ਲਈ ਹੈ।

ਐਸੋਸੀਏਸ਼ਨ ਨੇ ਇਹ ਵੀ ਬੇਨਤੀ ਕੀਤੀ ਕਿ ਵੀਡੀਓ ਹਟਾਉਣ ਤੋਂ ਇਲਾਵਾ, ਕਥਿਤ ਦੋਸ਼ੀ ਦੇ ਸੋਸ਼ਲ ਮੀਡੀਆ ਖਾਤਿਆਂ ਨੂੰ ਬਲਾਕ ਕੀਤਾ ਜਾਵੇ। ਅਦਾਲਤ ਨੇ ਕਿਹਾ ਕਿ ਇਸ ਮਾਮਲੇ ਵਿੱਚ ਇੱਕ ਹੁਕਮ ਪਾਸ ਕੀਤਾ ਜਾਵੇਗਾ।

# ਵਿਰੋਧੀ ਧਿਰ ਦੇ ਆਗੂਆਂ ਵੱਲੋਂ ਏਕਤਾ ਦੀ ਮੰਗ, ਰਣਨੀਤੀ ਨੂੰ ਮੁੜ ਉਲੀਕਣ ਲਈ ਵਿਚਾਰ-ਵਟਾਂਦਰਾ

**ਨਵੀਂ ਦਿੱਲੀ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਇੱਥੇ 'ਇੰਡੀਆ' (9©491) ਗੱਠਜੋੜ ਦੇ ਕਈ ਚੋਟੀ ਦੇ ਆਗੂਆਂ ਨੇ ਕੁਝ ਭਾਈਵਾਲਾਂ ਵਿੱਚ ਉਭਰੇ ਮਤਭੇਦਾਂ ਦੇ ਮੱਦੇਨਜ਼ਰ ਸੰਵਿਧਾਨ ਕਲੱਬ ਵਿਖੇ ਮੁਲਾਕਾਤ ਕੀਤੀ। ਇਸ ਅਹਿਮ ਮੀਟਿੰਗ ਦੌਰਾਨ ਕਈ ਵਿਰੋਧੀ ਪਾਰਟੀਆਂ ਦੇ ਆਗੂਆਂ ਨੇ ਗੱਠਜੋੜ ਵਿੱਚ ਏਕਤਾ 'ਤੇ ਜ਼ੋਰ ਦਿੱਤਾ ਅਤੇ ਜਮਹੂਰੀ ਕਦਰਾਂ-ਕੀਮਤਾਂ ਦੀ ਰਾਖੀ ਕਰਨ ਅਤੇ ਲੋਕਾਂ ਦੀ ਰੋਜ਼ੀ-ਰੋਟੀ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ।

ਕਾਂਗਰਸ ਤੋਂ ਸੋਨੀਆ ਗਾਂਧੀ, ਰਾਹੁਲ ਗਾਂਧੀ ਅਤੇ ਮਲਿਕਾਰਜੁਨ ਖੜਗੇ, ਤ੍ਰਿਣਮੂਲ ਕਾਂਗਰਸ ਤੋਂ ਮਮਤਾ ਬੈਨਰਜੀ, ਸਮਾਜਵਾਦੀ ਪਾਰਟੀ ਤੋਂ ਅਖਿਲੇਸ਼ ਯਾਦਵ, ਆਰਜੇਡੀ ਤੋਂ ਤੇਜਸਵੀ ਯਾਦਵ, ਨੈਸ਼ਨਲ ਕਾਨਫਰੰਸ ਤੋਂ ਉਮਰ ਅਬਦੁੱਲਾ ਅਤੇ ਪੀਡੀਪੀ ਤੋਂ ਮਹਿਬੂਬਾ ਮੁਫਤੀ ਸਮੇਤ ਵਿਰੋਧੀ ਆਗੂਆਂ ਨੇ ਖੱਬੇ ਪੱਖੀ ਆਗੂਆਂ ਦੇ ਨਾਲ ਮੀਟਿੰਗ ਵਿੱਚ ਹਿੱਸਾ ਲਿਆ।

# ਆਪ ਨੇ ਮੋਨਿਕਾ ਸ਼ਰਮਾ ਨੂੰ ਮਹਿਲਾ ਵਿੰਗ ਦੀ ਸੂਬਾ ਜੁਆਇੰਟ ਸੈਕਟਰੀ ਦੀ ਜ਼ਿੰਮੇਵਾਰੀ ਸੌਂਪੀ

**ਪਟਿਆਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੀ ਮਹਿਲਾ ਵਿੰਗ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਮੋਨਿਕਾ ਸ਼ਰਮਾ ਨੂੰ ਸੂਬਾ ਜੁਆਇੰਟ ਸੈਕਟਰੀ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਇਸ ਸਬੰਧੀ ਮੋਨਿਕਾ ਸ਼ਰਮਾ ਨੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਦੇ ਨੈਸ਼ਨਲ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ, ਸੀਨੀਅਰ ਆਗੂ ਸ਼੍ਰੀ ਮਨੀਸ਼ ਸਿਸੋਦੀਆ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸਟੇਟ ਅਬਜ਼ਰਵਰ ਗਾਇਤਰੀ ਬਿਸ਼ਨੋਈ, ਪੰਜਾਬ ਪ੍ਰਧਾਨ ਮੈਡਮ ਅਮਨਦੀਪ ਕੌਰ ਅਰੋੜਾ, ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਪਾਰਟੀ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਦਿਲੋਂ ਧੰਨਵਾਦ ਕਰਦੀ ਹੈ ਜਿਨ੍ਹਾਂ ਨੇ ਉਨ੍ਹਾਂ 'ਤੇ ਭਰੋਸਾ ਜਤਾਉਂਦਿਆਂ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਹੈ।



ਮੋਨਿਕਾ ਸ਼ਰਮਾ ਨੇ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਸਿਧਾਂਤਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ, ਇਮਾਨਦਾਰੀ ਅਤੇ ਮਿਹਨਤ ਨਾਲ ਕੰਮ ਕਰਨਗੇ ਅਤੇ ਮਹਿਲਾ ਵਿੰਗ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਰ ਸੰਭਵ ਯਤਨ ਕਰਨਗੇ।

ਮੋਨਿਕਾ ਸ਼ਰਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਵਿਕਾਸ ਅਤੇ ਲੋਕ ਭਲਾਈ ਦੇ ਕਾਰਜਾਂ ਲਈ ਵਚਨਬੱਧ ਹੈ ਅਤੇ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਨਿਸ਼ਠਾ ਨਾਲ ਨਿਭਾਉਣਗੇ।

ਉਨ੍ਹਾਂ ਨੇ ਪਾਰਟੀ ਵਰਕਰਾਂ ਨੂੰ ਸੰਗਠਨ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ ਵੀ ਦਿੱਤਾ।

# ਮੀਰੀ-ਪੀਰੀ ਦੇ ਸਿਧਾਂਤ ਨੇ ਸਿੱਖ ਕੌਮ ਨੂੰ ਦਿੱਤੀ ਨਵੀਂ ਦਿਸ਼ਾ : ਹਰਮੀਤ ਸਿੰਘ ਕਾਲਕਾ

**ਨਵੀਂ ਦਿੱਲੀ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਵਿੱਤਰ ਗੁਰਤਾਗੱਦੀ ਦਿਵਸ ਮੌਕੇ ਦੇਸ਼ਾਂ-ਵਿਦੇਸ਼ਾਂ ਵਿੱਚ ਵਸਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਹਨ।

ਆਪਣੇ ਸੰਦੇਸ਼ ਵਿੱਚ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਸਿੱਖ ਇਤਿਹਾਸ ਦਾ ਇੱਕ ਅਹਿਮ ਇਤਿਹਾਸਕ ਦਿਹਾੜਾ ਹੈ। ਗੁਰੂ ਸਾਹਿਬ ਜੀ ਨੇ ਮੀਰੀ ਅਤੇ ਪੀਰੀ ਦੇ ਸਿਧਾਂਤ ਨੂੰ ਅਮਲ ਵਿੱਚ ਲਿਆ ਕੇ ਸਿੱਖ ਕੌਮ ਨੂੰ ਰੂਹਾਨੀਅਤ ਅਤੇ ਸ਼ਕਤੀ ਦੇ ਅਦੁੱਤੀ ਸੰਤੁਲਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਮਨੁੱਖਤਾ ਦੀ ਰੱਖਿਆ, ਧਾਰਮਿਕ ਆਜ਼ਾਦੀ ਅਤੇ ਜ਼ੁਲਮ ਦੇ ਵਿਰੁੱਧ ਡਟ ਕੇ ਖੜ੍ਹਨ ਦੀ ਪ੍ਰੇਰਣਾ ਦਿੱਤੀ।



ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸਿੱਖ ਕੌਮ ਨੂੰ ਕੇਵਲ ਨਾਮ ਸਿਮਰਨ ਅਤੇ ਸੇਵਾ ਨਾਲ ਹੀ ਨਹੀਂ ਜੋੜਿਆ, ਸਗੋਂ ਬੇਨਿਸਾਫੀ ਅਤੇ ਜ਼ੁਲਮ ਦੇ ਵਿਰੁੱਧ ਸੰਘਰਸ਼ ਕਰਨ ਦੀ ਹਿੰਮਤ ਵੀ ਬਖ਼ਸ਼ੀ। ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਅਤੇ ਦੋ ਤਲਵਾਰਾਂ ਧਾਰਨ ਕਰਕੇ ਗੁਰੂ ਸਾਹਿਬ ਜੀ ਨੇ ਇਹ ਸੰਦੇਸ਼ ਦਿੱਤਾ ਕਿ ਧਰਮ ਅਤੇ ਸਮਾਜ ਦੀ ਰੱਖਿਆ ਲਈ ਆਤਮਿਕ ਬਲ ਦੇ ਨਾਲ-ਨਾਲ ਸੰਸਾਰਕ ਜ਼ਿੰਮੇਵਾਰੀਆਂ ਨਿਭਾਉਣੀਆਂ ਵੀ ਜ਼ਰੂਰੀ ਹਨ।

ਸਰਦਾਰ ਕਾਲਕਾ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਸੱਚ, ਨਿਆਂ, ਸੇਵਾ, ਦਇਆ ਅਤੇ ਮਨੁੱਖਤਾ ਦੇ ਭਲੇ ਲਈ ਕੰਮ ਕਰਨ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਗੁਰੂ ਸਾਹਿਬ ਜੀ ਵੱਲੋਂ ਦਰਸਾਏ ਮੀਰੀ-ਪੀਰੀ ਦੇ ਸਿਧਾਂਤ ਦੀ ਮਹੱਤਤਾ ਹੋਰ ਵੀ ਵੱਧ ਗਈ ਹੈ, ਜੋ ਸਾਨੂੰ ਸਮਾਜਿਕ ਜ਼ਿੰਮੇਵਾਰੀ ਅਤੇ ਆਤਮਿਕ ਉੱਚਤਾ ਦਾ ਰਾਹ ਦਿਖਾਉਂਦਾ ਹੈ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅਰਦਾਸ ਕੀਤੀ ਕਿ ਗੁਰੂ ਸਾਹਿਬ ਜੀ ਦੀਆਂ ਅਸੀਸਾਂ ਸਦਕਾ ਸਮੁੱਚੀ ਮਨੁੱਖਤਾ ਵਿੱਚ ਅਮਨ, ਭਾਈਚਾਰਾ ਅਤੇ ਖੁਸ਼ਹਾਲੀ ਦਾ ਵਾਸ ਹੋਵੇ।

# 'ਵਾਰਿਸ ਪੰਜਾਬ ਦੇ' ਜਥੇਬੰਦੀ 'ਚ ਸ਼ਾਮਲ ਹੋਣਗੇ ਮਨਪ੍ਰੀਤ ਈਯਾਲੀ

**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੀ ਸਿਆਸਤ ਵਿੱਚ ਇੱਕ ਵੱਡਾ ਫੇਰਬਦਲ ਹੋਣ ਜਾ ਰਿਹਾ ਹੈ। ਹਲਕਾ ਦਾਖਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਬਾਗੀ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਮੰਗਲਵਾਰ ਨੂੰ ਚੰਡੀਗੜ੍ਹ ਵਿਖੇ ਰਸਮੀ ਤੌਰ 'ਤੇ ਅੰਮ੍ਰਿਤਪਾਲ ਸਿੰਘ ਦੀ ਜਥੇਬੰਦੀ 'ਵਾਰਿਸ ਪੰਜਾਬ ਦੇ' ਵਿੱਚ ਸ਼ਾਮਲ ਹੋਣਗੇ। ਇਸ ਸਮਾਗਮ ਦੀ ਪ੍ਰਧਾਨਗੀ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਕਰਨਗੇ। ਪੱਤਰਕਾਰਾਂ ਗੱਲਬਾਤ ਕਰਦਿਆਂ ਇਆਲੀ ਨੇ ਖ਼ੁਦ ਇਸ ਖ਼ਬਰ ਦੀ ਪੁਸ਼ਟੀ ਕੀਤੀ ਹੈ। ਉਹ ਪਿਛਲੇ ਕਈ ਮਹੀਨਿਆਂ ਤੋਂ ਇਸ ਜਥੇਬੰਦੀ ਨਾਲ ਜੁੜੇ ਹੋਏ ਸਨ ਅਤੇ ਹਾਲ ਹੀ ਵਿੱਚ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਚੋਣਾਂ ਵਿੱਚ ਉਨ੍ਹਾਂ ਦੇ ਸਮਰਥਕਾਂ ਨੇ ਅੰਮ੍ਰਿਤਪਾਲ ਸਿੰਘ ਦੀਆਂ ਤਸਵੀਰਾਂ ਲਗਾ ਕੇ ਚੋਣ ਪ੍ਰਚਾਰ ਵੀ ਕੀਤਾ ਸੀ। ਇਆਲੀ ਨੇ ਦਾਅਵਾ ਕੀਤਾ ਕਿ ਆਉਣ ਵਾਲੇ 5-6 ਮਹੀਨਿਆਂ ਵਿੱਚ ਕਈ ਵੱਡੇ ਸਿਆਸੀ ਆਗੂ ਅਤੇ ਨਾਮਵਰ ਹਸਤੀਆਂ ਇਸ ਜਥੇਬੰਦੀ ਵਿੱਚ ਸ਼ਾਮਲ ਹੋਣਗੀਆਂ ਅਤੇ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਇਸ ਦਾ ਮਜ਼ਬੂਤ ਆਧਾਰ ਦੇਖਣ ਨੂੰ ਮਿਲੇਗਾ। ਆਮ ਆਦਮੀ ਪਾਰਟੀ ਦੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਦੇ ਵੀ ਜਥੇਬੰਦੀ ਵਿੱਚ ਸ਼ਾਮਲ ਹੋਣ ਦੀਆਂ ਚਰਚਾਵਾਂ 'ਤੇ ਇਆਲੀ ਨੇ ਕਿਹਾ, ਅਜੇ ਇੰਤਜ਼ਾਰ ਕਰੋ, ਉਹ ਇਸ ਬਾਰੇ ਸੋਚ ਰਹੇ ਹਨ ਅਤੇ ਉਨ੍ਹਾਂ ਦੇ ਸ਼ਾਮਲ ਹੋਣ ਦੀਆਂ ਕਾਫ਼ੀ ਉਮੀਦਾਂ ਹਨ। ਦੱਸ ਦਈਏ ਕਿ ਇਆਲੀ ਇਸ ਤੋਂ ਪਹਿਲਾਂ ਅਕਾਲੀ ਦਲ ਦੇ (ਪੁਨਰ ਸੁਰਜੀਤ) ਧੜੇ ਨਾਲ ਜੁੜੇ ਸਨ, ਪਰ ਬਾਅਦ ਵਿੱਚ ਉਨ੍ਹਾਂ ਨੇ ਦੂਰੀ ਬਣਾ ਲਈ ਸੀ। ਇਸ ਕਦਮ ਨੂੰ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਸਿਆਸੀ ਵਿਸਤਾਰ ਲਈ ਇੱਕ ਵੱਡੀ ਕਾਮਯਾਬੀ ਵਜੋਂ ਦੇਖਿਆ ਜਾ ਰਿਹਾ ਹੈ।



# ਬੱਸਾਂ ਰਾਹੀਂ ਗੈਰ-ਕਾਨੂੰਨੀ ਮਾਲ ਢੋਆ-ਢੁਆਈ ਦਾ ਧੰਦਾ ਜ਼ੋਰਾਂ 'ਤੇ, ਜੀਐੱਸਟੀ ਨੂੰ ਕਰੋੜਾਂ ਦਾ ਨੁਕਸਾਨ !

**ਲੁਧਿਆਣਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਂਨਗਰ ਦੇ ਵੱਖ-ਵੱਖ ਇਲਾਕਿਆਂ ਵਿੱਚ ਬੱਸਾਂ ਰਾਹੀਂ ਗੈਰ-ਕਾਨੂੰਨੀ ਢੰਗ ਨਾਲ ਵਪਾਰਕ ਮਾਲ ਦੀ ਢੋਆ-ਢੁਆਈ ਦਾ ਧੰਧਾ ਬੇਰੋਕ-ਟੋਕ ਚੱਲ ਰਿਹਾ ਹੈ। ਦੋਸ਼ ਹੈ ਕਿ ਕੁਝ ਬੱਸ ਚਾਲਕ ਅਤੇ ਆਪਰੇਟਰ ਟਰਾਂਸਪੋਰਟ ਵਿਭਾਗ ਦੇ ਨਿਯਮਾਂ ਨੂੰ ਅਣਦੇਖਾ ਕਰਦੇ ਹੋਏ ਵੱਖ-ਵੱਖ ਸ਼ਹਿਰਾਂ ਲਈ ਜਾਣ ਵਾਲੀਆਂ ਬੱਸਾਂ ਵਿੱਚ ਮਾਲ ਲੋਡ ਕਰਕੇ ਭੇਜ ਰਹੇ ਹਨ, ਜਿਸ ਕਾਰਨ ਜੀਐੱਸਟੀ ਵਿਭਾਗ ਨੂੰ ਕਰੋੜਾਂ ਰੁਪਏ ਦੇ ਰਾਜਸਵ ਦਾ ਨੁਕਸਾਨ ਹੋ ਰਿਹਾ ਹੈ।



ਛੋਟੇ ਟਰਾਂਸਪੋਰਟਰਾਂ ਦਾ ਕਹਿਣਾ ਹੈ ਕਿ ਬੱਸਾਂ ਰਾਹੀਂ ਹੋ ਰਹੀ ਇਹ ਗੈਰ-ਨਿਯਮਿਤ ਢੋਆ-ਢੁਆਈ ਨਾ ਸਿਰਫ਼ ਸਰਕਾਰੀ ਖ਼ਜ਼ਾਨੇ ਨੂੰ ਨੁਕਸਾਨ ਪਹੁੰਚਾ ਰਹੀ ਹੈ, ਸਗੋਂ ਉਨ੍ਹਾਂ ਦੇ ਕਾਰੋਬਾਰ ਨੂੰ ਵੀ ਭਾਰੀ ਝਟਕਾ ਦੇ ਰਹੀ ਹੈ। ਉਨ੍ਹਾਂ ਮੁਤਾਬਕ, ਬੱਸ ਚਾਲਕ ਥੋੜ੍ਹੇ ਜਿਹੇ ਮੁਨਾਫੇ ਲਈ ਨਿਯਮਾਂ ਦੀ ਉਲੰਘਣਾ ਕਰ ਰਹੇ ਹਨ, ਜਦਕਿ ਕਾਨੂੰਨੀ ਤੌਰ 'ਤੇ ਕੰਮ ਕਰਨ ਵਾਲੇ ਟਰਾਂਸਪੋਰਟਰ ਮੰਦੀ ਦੀ ਮਾਰ ਝੱਲਣ ਲਈ ਮਜਬੂਰ ਹਨ।

ਜਾਣਕਾਰੀ ਅਨੁਸਾਰ ਸ਼ਹਿਰ ਦੇ ਉਦਯੋਗਿਕ ਖੇਤਰ ਵਿੱਚ ਸਥਿਤ ਪ੍ਰਤਾਪ ਚੌਂਕ, ਬੱਸ ਸਟੈਂਡ ਇਲਾਕੇ ਅਤੇ ਪ੍ਰੀਤ ਪੈਲੇਸ ਤੋਂ ਰਾੜਾ ਸਾਹਿਬ ਮਾਰਕੀਟ ਤੱਕ ਦੇ ਖੇਤਰ ਵਿੱਚ ਅਜਿਹੀਆਂ ਗਤੀਵਿਧੀਆਂ ਖੁੱਲ੍ਹੇਆਮ ਚੱਲ ਰਹੀਆਂ ਹਨ। ਇੱਥੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਨੂੰ ਜਾਣ ਵਾਲੀਆਂ ਬੱਸਾਂ ਵਿੱਚ ਵਪਾਰਕ ਮਾਲ ਲੋਡ ਕਰਕੇ ਭੇਜਿਆ ਜਾਂਦਾ ਹੈ।

ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਇਸ ਗੈਰ-ਕਾਨੂੰਨੀ ਧੰਦੇ ਨੂੰ ਕੁਝ ਅਧਿਕਾਰੀਆਂ ਦੀ ਕਥਿਤ ਮਿਲੀਭੁਗਤ ਦਾ ਵੀ ਸਹਾਰਾ ਮਿਲ ਰਿਹਾ ਹੈ, ਜਿਸ ਕਾਰਨ ਨਾ ਤਾਂ ਜੀਐੱਸਟੀ ਵਿਭਾਗ ਵੱਲੋਂ ਕੋਈ ਠੋਸ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਨਾ ਹੀ ਟਰਾਂਸਪੋਰਟ ਵਿਭਾਗ ਇਸ ਮਾਮਲੇ ਵੱਲ ਗੰਭੀਰਤਾ ਨਾਲ ਧਿਆਨ ਦੇ ਰਿਹਾ ਹੈ। ਇਸ ਸਥਿਤੀ ਕਾਰਨ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉੱਡ ਰਹੀਆਂ ਹਨ ਅਤੇ ਇਮਾਨਦਾਰੀ ਨਾਲ ਕਾਰੋਬਾਰ ਕਰਨ ਵਾਲੇ ਟਰਾਂਸਪੋਰਟਰਾਂ ਨੂੰ ਨੁਕਸਾਨ ਝੱਲਣਾ ਪੈ ਰਿਹਾ ਹੈ।

ਛੋਟੇ ਟਰਾਂਸਪੋਰਟਰਾਂ ਨੇ ਜੀਐੱਸਟੀ ਵਿਭਾਗ ਅਤੇ ਟਰਾਂਸਪੋਰਟ ਵਿਭਾਗ ਤੋਂ ਮੰਗ ਕੀਤੀ ਹੈ ਕਿ ਬੱਸਾਂ ਰਾਹੀਂ ਹੋ ਰਹੀ ਗੈਰ-ਕਾਨੂੰਨੀ ਮਾਲ ਢੋਆ-ਢੁਆਈ ਦੀ ਤੁਰੰਤ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਇਸ ਸੰਬੰਧੀ ਜਦੋਂ ਦੁੱਗਰੀ ਸਥਿਤ ਜੀਐੱਸਟੀ ਮੋਬਾਈਲ ਵਿੰਗ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਭਰੋਸਾ ਦਿੱਤਾ ਕਿ ਮਾਮਲੇ ਦੀ ਜਾਂਚ ਕਰਕੇ ਜਲਦ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਵਿਰੋਧੀ ਧਿਰ ਦੇ ਆਗੂਆਂ ਵੱਲੋਂ ਏਕਤਾ ਦੀ ਮੰਗ, ਰਣਨੀਤੀ ਨੂੰ ਮੁੜ ਉਲੀਕਣ ਲਈ ਵਿਚਾਰ-ਵਟਾਂਦਰਾ

**ਨਵੀਂ ਦਿੱਲੀ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਇੱਥੇ 'ਇੰਡੀਆ' (9©491) ਗੱਠਜੋੜ ਦੇ ਕਈ ਚੋਟੀ ਦੇ ਆਗੂਆਂ ਨੇ ਕੁਝ ਭਾਈਵਾਲਾਂ ਵਿੱਚ ਉਭਰੇ ਮਤਭੇਦਾਂ ਦੇ ਮੱਦੇਨਜ਼ਰ ਸੰਵਿਧਾਨ ਕਲੱਬ ਵਿਖੇ ਮੁਲਾਕਾਤ ਕੀਤੀ। ਇਸ ਅਹਿਮ ਮੀਟਿੰਗ ਦੌਰਾਨ ਕਈ ਵਿਰੋਧੀ ਪਾਰਟੀਆਂ ਦੇ ਆਗੂਆਂ ਨੇ ਗੱਠਜੋੜ ਵਿੱਚ ਏਕਤਾ 'ਤੇ ਜ਼ੋਰ ਦਿੱਤਾ ਅਤੇ ਜਮਹੂਰੀ ਕਦਰਾਂ-ਕੀਮਤਾਂ ਦੀ ਰਾਖੀ ਕਰਨ ਅਤੇ ਲੋਕਾਂ ਦੀ ਰੋਜ਼ੀ-ਰੋਟੀ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ।

ਕਾਂਗਰਸ ਤੋਂ ਸੋਨੀਆ ਗਾਂਧੀ, ਰਾਹੁਲ ਗਾਂਧੀ ਅਤੇ ਮਲਿਕਾਰਜੁਨ ਖੜਗੇ, ਤ੍ਰਿਣਮੂਲ ਕਾਂਗਰਸ ਤੋਂ ਮਮਤਾ ਬੈਨਰਜੀ, ਸਮਾਜਵਾਦੀ ਪਾਰਟੀ ਤੋਂ ਅਖਿਲੇਸ਼ ਯਾਦਵ, ਆਰਜੇਡੀ ਤੋਂ ਤੇਜਸਵੀ ਯਾਦਵ, ਨੈਸ਼ਨਲ ਕਾਨਫਰੰਸ ਤੋਂ ਉਮਰ ਅਬਦੁੱਲਾ ਅਤੇ ਪੀਡੀਪੀ ਤੋਂ ਮਹਿਬੂਬਾ ਮੁਫਤੀ ਸਮੇਤ ਵਿਰੋਧੀ ਆਗੂਆਂ ਨੇ ਖੱਬੇ ਪੱਖੀ ਆਗੂਆਂ ਦੇ ਨਾਲ ਮੀਟਿੰਗ ਵਿੱਚ ਹਿੱਸਾ ਲਿਆ। ਐੱਨਸੀਪੀ(ਐੱਸਪੀ) ਦੇ ਆਗੂ ਸੁਪ੍ਰੀਆ ਸੁਲੇ, ਸੀਪੀਆਈ(ਐਮ) ਦੇ ਜੌਨ ਬ੍ਰਿਟਾਸ, ਸੀਪੀਆਈ ਦੇ ਡੀ ਰਾਜਾ ਅਤੇ ਕੁਝ ਛੋਟੀਆਂ ਪਾਰਟੀਆਂ ਦੇ ਆਗੂ ਵੀ ਵਿਚਾਰ-ਵਟਾਂਦਰੇ ਦਾ ਹਿੱਸਾ ਸਨ, ਜਦਕਿ ਸ਼ਿਵ ਸੈਨਾ (ਯੂਬੀਟੀ) ਦੇ ਉੱਧਵ ਠਾਕਰੇ ਵਰਚੁਅਲ ਤੌਰ 'ਤੇ ਸ਼ਾਮਲ ਹੋਏ।

ਡੀਐਮਕੇ ਅਤੇ ਆਮ ਆਦਮੀ ਪਾਰਟੀ (ਆਪ) ਵਿਚਾਰ-ਵਟਾਂਦਰੇ ਦਾ ਹਿੱਸਾ ਨਹੀਂ ਹਨ ਕਿਉਂਕਿ ਉਨ੍ਹਾਂ ਨੇ ਗੱਠਜੋੜ ਤੋਂ ਬਾਹਰ ਹੋਣ ਦਾ ਫੈਸਲਾ ਕੀਤਾ ਹੈ; ਟੀਵੀਕੇ ਵੀ ਮੀਟਿੰਗ ਵਿੱਚ ਸ਼ਾਮਲ ਨਹੀਂ ਹੋਈ। ਸੂਤਰਾਂ ਨੇ ਦੱਸਿਆ ਕਿ ਜਿਨ੍ਹਾਂ ਪਾਰਟੀਆਂ ਕੋਲ ਸੰਸਦ ਮੈਂਬਰ ਹਨ ਅਤੇ ਜੋ ਮੂਲ 'ਇੰਡੀਆ' ਗੱਠਜੋੜ ਦਾ ਹਿੱਸਾ ਸਨ, ਉਨ੍ਹਾਂ ਨੂੰ ਸੱਦਾ ਦਿੱਤਾ ਗਿਆ ਸੀ। ਆਗੂਆਂ ਨੇ ਭਾਜਪਾ ਦਾ ਮੁਕਾਬਲਾ ਕਰਨ ਲਈ ਏਕਤਾ ਕਾਇਮ ਕਰਨ ਅਤੇ ਆਪਣੀ ਰਣਨੀਤੀ ਨੂੰ ਮੁੜ ਉਲੀਕਣ ਲਈ ਵਿਚਾਰ-ਵਟਾਂਦਰਾ ਸ਼ੁਰੂ ਕੀਤਾ, ਜਦਕਿ ਹਾਲ ਹੀ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਟੀਐਮਸੀ ਅਤੇ ਡੀਐਮਕੇ ਵਰਗੀਆਂ ਖੇਤਰੀ ਪਾਰਟੀਆਂ ਦੀ ਹਾਰ ਤੋਂ ਬਾਅਦ ਅੰਦਰੂਨੀ ਮਤਭੇਦਾਂ ਨੂੰ ਦੂਰ ਕਰਨ ਦਾ ਯਤਨ ਕੀਤਾ। ਇਹ ਮੀਟਿੰਗ ਅਜਿਹੇ ਸਮੇਂ ਹੋ ਰਹੀ ਹੈ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਆਪਣੇ ਲਗਾਤਾਰ ਤੀਜੇ ਕਾਰਜਕਾਲ ਵਿੱਚ 12 ਸਾਲ ਪੂਰੇ ਕਰ ਚੁੱਕੀ ਹੈ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਆਗੂਆਂ ਨੂੰ ਮੋਦੀ ਸਰਕਾਰ ਦੇ ਕੁਸ਼ਾਸਨ ਕਾਰਨ ਦੇਸ਼ ਨੂੰ ਦਰਪੇਸ਼ ਰਾਜਨੀਤਿਕ, ਆਰਥਿਕ, ਸਮਾਜਿਕ ਅਤੇ ਵਿਦੇਸ਼ ਨੀਤੀ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਏਕਤਾ ਮਜ਼ਬੂਤ ਕਰਨ ਦੀ ਅਪੀਲ ਕੀਤੀ।

ਵਿਰੋਧੀ ਆਗੂਆਂ ਵਿੱਚ ਏਕਤਾ ਦੀ ਵਕਾਲਤ ਕਰਦਿਆਂ ਉਨ੍ਹਾਂ ਕਿਹਾ, 17 ਅਪਰੈਲ 2026 ਨੂੰ, ਅਸੀਂ ਲੋਕ ਸਭਾ ਵਿੱਚ ਬਹੁਤ ਨਿਰਣਾਇਕ ਢੰਗ ਨਾਲ ਆਪਣੀ ਏਕਤਾ ਅਤੇ ਇਕਜੁੱਟਤਾ ਦਾ ਪ੍ਰਦਰਸ਼ਨ ਕੀਤਾ, ਜਦੋਂ ਅਸੀਂ ਸਾਰੇ ਮੋਦੀ ਸਰਕਾਰ ਦੇ ਹੱਦਬੰਦੀ ਸਬੰਧੀ ਮਾੜੇ ਬਿੱਲਾਂ ਨੂੰ ਹਰਾਉਣ ਲਈ ਦ੍ਰਿੜਤਾ ਨਾਲ ਇਕੱਠੇ ਹੋਏ।

# ਨਵੀਆਂ ਵਿਕਸਿਤ ਹੋ ਰਹੀਆਂ 2 ਅਣ ਅਧਿਕਾਰਿਤ ਕਲੋਨੀਆਂ ’ਤੇ ਚੱਲਿਆ ਪੀਲਾ ਪੰਜਾ

ਕੌਮੀ ਪਤ੍ਰਿਕਾ

ਅੰਮ੍ਰਿਤਸਰ 9 ਜੂਨ। ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ, ਆਈ.ਏ.ਐਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਇਨਾਯਤ, ਪੀ.ਸੀ.ਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਸਹਾਇਕ ਨਗਰ ਯੋਜਨਕਾਰ ਸਮੇਤ ਰੈਗੂਲੇਟਰੀ ਵਿੰਗ ਵੱਲੋਂ ਪਿੰਡ ਚਾਟੀਵਿੰਡ ਵਿਖੇ ਲਿੰਕ ਰੋਡ ਉੱਪਰ ਕਿੰਗ ਐਵੀਨਿਊ ਅਤੇ ਇੱਕ ਹੋਰ ਅਣ-ਅਧਿਕਾਰਤ ਕਲੋਨੀ ਵਿਰੁੱਧ ਕਾਰਵਾਈ ਕਰਦੇ ਹੋਏ ਦੋਨੋਂ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਰੈਗੁਲੇਟਰੀ ਵਿੰਗ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਚਾਟੀਵਿੰਡ ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਇਨ੍ਹਾਂ ਵਿਰੁੱਧ 02 ਜੂਨ 2026 ਰਾਹੀਂ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਨੇ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਅਤੇ ਨੋਟਿਸ ਜਾਰੀ ਹੋਣ ਦੇ ਬਾਵਜੂਦ ਉਕਤ ਅਣ-ਅਧਿਕਾਰਤ ਕਲੋਨੀਆਂ ਸਬੰਧੀ ਸਪੱਸ਼ਟੀਕਰਨ ਦੇਣ ਦੀ ਬਜਾਏ ਮੌਕੇ ’ਤੇ ਵਿਕਾਸ ਦੇ ਕੰਮਾਂ ਨੂੰ ਜਾਰੀ ਰੱਖਿਆ ਗਿਆ, ਜਿਸ ਦੇ ਤਹਿਤ ਉੱਚ ਅਧਿਕਾਰੀਆਂ ਦੇ ਹੁਕਮਾਂ ਤਹਿਤ ਉਕਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਰੈਗੁਲੇਟਰੀ ਵਿੰਗ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿੰਡ ਚਾਟੀਵਿੰਡ ਵਿਖੇ ਬਣ ਰਹੀ ਅਣ-ਅਧਿਕਾਰਤ ਕਲੋਨੀ ਨੂੰ ਵਿਭਾਗ ਵੱਲੋਂ ਨੋਟਿਸ ਜਾਰੀ ਕਰਦੇ ਹੋਏ ਕਈ ਵਾਰ ਉਸਾਰੀ ਦਾ ਕੰਮ ਰੋਕਿਆ ਗਿਆ ਸੀ ਜਿਸਦੇ ਬਾਵਜੂਦ ਕਲੋਨੀਕਾਰ ਵੱਲੋਂ ਮੌਕੇ ’ਤੇ ਉਸਾਰੀ ਦਾ ਕੰਮ ਜਾਰੀ ਰੱਖਿਆ ਜਾ ਰਿਹਾ ਸੀ, ਜਿਸ ਕਰਕੇ ਉੱਚ ਅਧਿਕਾਰੀਆਂ ਵੱਲੋਂ ਇਸ ਅਣ-ਅਧਿਕਾਰਤ ਕਲੋਨੀ ਨੂੰ ਢਾਹੁਣ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ। ਉਕਤ ਹੁਕਮਾਂ ਨੂੰ ਅਮਲ ਵਿੱਚ ਲਿਆਉਣ ਅਤੇ ਮੌਕੇ ’ਤੇ ਲਾਅ ਅਤੇ ਆਰਡਰ ਦੀ ਸਥਿਤੀ ਨੂੰ ਬਹਾਲ ਰੱਖਣ ਹਿੱਤ ਲੋੜੀਂਦੀ ਪੁਲਸ ਫੋਰਸ ਮੁਹੱਈਆ ਕਰਵਾਉਣ ਲਈ ਸੀਨੀਅਰ ਪੁਲਸ ਕਪਤਾਨ ਨੂੰ ਉਕਤ ਹੁਕਮਾਂ ਦੀ ਕਾਪੀ ਕਰਦੇ ਹੋਏ ਲਿਖਿਆ ਗਿਆ ਸੀ, ਪਰੰਤੂ ਇਸ ਸਬੰਧੀ ਡਿਪਟੀ ਕਮਿਸ਼ਨਰ ਅਤੇ ਥਾਣਾ ਚਾਟੀਵਿੰਡ ਦੇ ਅਧਿਕਾਰੀਆਂ ਨਾਲ ਵਾਰ-ਵਾਰ ਸੰਪਰਕ ਕਰਨ ਦੇ ਬਾਵਜੂਦ ਉਨ੍ਹਾਂ ਵੱਲੋਂ ਲੋੜੀਂਦੀ ਪੁਲਸ ਫੋਰਸ ਮੁਹੱਈਆ ਨਾ ਕਰਵਾਉਣ ਦੇ ਕਾਰਨ ਉਕਤ ਕਲੋਨੀ ਖਿਲਾਫ ਡੈਮੋਲੀਸ਼ਨ ਦੀ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਜਾ ਸਕੀ, ਜਿਸ ਦੇ ਚਲਦੇ ਅੱਜ ਦੁਬਾਰਾ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ। ਇਸ ਤੋਂ ਇਲਾਵਾ ਪਿੰਡ ਚਾਟੀਵਿੰਡ ਵਿਖੇ ਵਿਕਸਿਤ ਕਿੰਗ ਐਵੀਨਿਊ ਖਿਲਾਫ ਪਹਿਲਾਂ ਵੀ ਮਿਤੀ 14/02/2025 ਰਾਹੀਂ



ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਸੀ, ਪਰ ਕਲੋਨੀ ਦੇ ਮਾਲਕਾਂ ਵੱਲੋਂ ਹੁਣ ਮੌਕੇ ’ਤੇ ਦੁਬਾਰਾ ਵਿਕਾਸ ਦੇ ਕੰਮ ਸ਼ੁਰੂ ਕਰ ਲਏ ਸਨ, ਜਿਸ ਕਰਕੇ ਹੁਣ ਨਵੇਂ ਕੀਤੇ ਵਿਕਾਸ ਕਾਰਜਾਂ ਨੂੰ ਮੁੜ ਢਾਹਿਆ ਗਿਆ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ, ਜਿਸ ਕਰਕੇ ਉਕਤ ਕਲੋਨੀ ਅਧੀਨ ਆਉਂਦੀ ਜ਼ਮੀਨ ਦੇ ਮਾਲਕਾਂ ਅਤੇ ਕਲੋਨੀ ਵਿਕਸਿਤ ਕਰਨ ਵਾਲਿਆਂ ਖ਼?ਲਾਫ਼ ਲੋੜੀਂਦੀ ਕਾਰਵਾਈ ਕਰਨ ਲਈ ਪੁਲਸ ਵਿਭਾਗ ਨੂੰ ਵੀ ਰੈਵੇਨਿਊ ਰਿਕਾਰਡ ਦੇ ਆਧਾਰ ਲਿਖਿਆ ਜਾ ਰਿਹਾ ਹੈ। ਏਡੀਏ ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜੂਰ ਸ਼ੁਦਾ ਨਹੀਂ ਹਨ, ਉਨ੍ਹਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮੰਜੂਰੀ ਦੀ ਮੰਗ ਜ਼ਰੂਰ ਕਰਨ ਅਤੇ ਅੰਮ੍ਰਿਤਸਰ ਵਿਕਾਸ ਅਥਾਰਿਟੀ ਦੀ ਵੈਬਸਾਈਟ ਉਪਰ ਉਪਲਬਧ ਅਣ-ਅਧਿਕਾਰਿਤ ਕਲੋਨੀਆਂ ਸਬੰਧੀ ਵੇਰਵਿਆਂ ਨੂੰ ਜ਼ਰੂਰ ਵਾਚ ਲਿਆ ਜਾਵੇ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਜ਼ਿਲ੍ਹੇ ਅੰਦਰ ਕਿਸੇ ਵੀ ਜਗ?ਹਾ ਉੱਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

## ਸੇਵਾ ਕੇਂਦਰ ਮੁਲਾਜ਼ਮਾਂ ਨੇ ਕਰ’ਤਾ ਵੱਡਾ ਐਲਾਨ, ਪੰਜਾਬ ਵਾਸੀਆਂ ਦੀ ਵਧੇਗੀ ਮੁਸ਼ਕਲ

ਫਰੀਦਕੋਟ 9 ਜੂਨ। ‘ਸੇਵਾ ਕੇਂਦਰ ਯੂਨੀਅਨ ਪੰਜਾਬ’ ਦੇ ਸੱਦੇ ’ਤੇ ‘ਸੇਵਾ ਕੇਂਦਰ ਵੈੱਲਫੇਅਰ ਐਸੋਸੀਏਸ਼ਨ’ ਜ਼ਿਲਾ ਫਰੀਦਕੋਟ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਅਣਮਿੱਥੇ ਸਮੇਂ ਲਈ ਕਲਮ-ਛੋੜ ਹੜਤਾਲ ਸ਼ੁਰੂ ਕਰ ਦਿੱਤੀ ਹੈ। ਮੁਲਾਜ਼ਮਾਂ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸਥਿਤ ਮੁੱਖ ਸੇਵਾ ਕੇਂਦਰ ਮੂਹਰੇ ਇਕੱਠੇ ਹੋ ਕੇ ਪੰਜਾਬ ਸਰਕਾਰ ਅਤੇ ਸਬੰਧਤ ਨਿੱਜੀ ਕੰਪਨੀ ਖਿਲਾਫ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ।




ਮੁਲਾਜ਼ਮਾਂ ਦੀ ਇਸ ਹੜਤਾਲ ਕਾਰਨ ਸੇਵਾ ਕੇਂਦਰਾਂ ਰਾਹੀਂ ਮਿਲਣ ਵਾਲੀਆਂ 35 ਵਿਭਾਗਾਂ ਦੀਆਂ ਕੁੱਲ 477 ਸੇਵਾਵਾਂ ਪੂਰੀ ਤਰ੍ਹਾਂ ਠੱਪ ਹੋ ਗਈਆਂ ਹਨ। ਨਤੀਜੇ ਵਜੋਂ ਜਨਮ-ਮੌਤ ਸਰਟੀਫਿਕੇਟ, ਅਸਲਾ ਲਾਇਸੈਂਸ, ਆਰ. ਟੀ. ਓ. ਦਫ਼ਤਰ, ਤਹਿਸੀਲ, ਡੀ. ਸੀ. ਦਫ਼ਤਰ ਅਤੇ ਸਿਹਤ ਵਿਭਾਗ ਸਮੇਤ ਵੱਖ-ਵੱਖ ਕੰਮਾਂ ਲਈ ਆਏ ਆਮ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਧਰਨੇ ਨੂੰ ਸੰਬੋਧਨ ਕਰਦਿਆਂ ਐਸੋਸੀਏਸ਼ਨ ਦੇ ਆਗੂਆਂ ਨੇ ਦੱਸਿਆ ਕਿ ਉਹ ਪਿਛਲੇ 11 ਸਾਲਾਂ ਤੋਂ ਸੇਵਾ ਕੇਂਦਰਾਂ ਵਿਚ ਕੰਮ ਕਰ ਰਹੇ ਹਨ ਪਰ ਉਨ੍ਹਾਂ ਦੀਆਂ ਮੁੱਖ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਵੱਧਦੀ ਮਹਿੰਗਾਈ ਦੇ ਦੌਰ ਵਿਚ ਮੁਲਾਜ਼ਮਾਂ ਨੂੰ ਸਿਰਫ਼ 10,000 ਰੁਪਏ ਮਹੀਨਾਵਾਰ ਤਨਖਾਹ ਦਿੱਤੀ ਜਾ ਰਹੀ ਹੈ, ਜਿਸ ਨਾਲ ਪਰਿਵਾਰ ਦਾ ਗੁਜ਼ਾਰਾ ਕਰਨਾ ਮੁਸ਼ਕਲ ਹੈ। ਨਿੱਜੀ ਕੰਪਨੀਆਂ/ਠੇਕੇਦਾਰ ਮੁਲਾਜ਼ਮਾਂ ਨੂੰ ਸਮੇਂ ਸਿਰ ਤਨਖਾਹ ਨਹੀਂ ਦਿੰਦੇ। ਇਸ ਲਈ ਠੇਕੇਦਾਰੀ ਸਿਸਟਮ ਬੰਦ ਕਰ ਕੇ ਪੰਜਾਬ ਸਰਕਾਰ ਸਾਰੇ ਸੇਵਾ ਕੇਂਦਰ ਮੁਲਾਜ਼ਮਾਂ ਨੂੰ ਸਿੱਧਾ ਆਪਣੇ ਅਧੀਨ ਲਵੇ। ਮੁਲਾਜ਼ਮਾਂ ਨੇ ਕਿਹਾ ਕਿ ਇਸ ਸਬੰਧੀ ਸਥਾਨਕ ਵਿਧਾਇਕ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਮੰਗ-ਪੱਤਰ ਵੀ ਭੇਜਿਆ ਗਿਆ ਸੀ ਪਰ ਕੋਈ ਸੁਣਵਾਈ ਨਹੀਂ ਹੋਈ। ਉਨ੍ਹਾਂ ਸਪੱਸ਼ਟ ਕੀਤਾ ਕਿ ਜਦੋਂ ਤੱਕ ਸਰਕਾਰ ਮੰਗਾਂ ਪੂਰੀਆਂ ਨਹੀਂ ਕਰਦੀ, ਉਦੋਂ ਤੱਕ ਹੜਤਾਲ ਨਿਰੰਤਰ ਜਾਰੀ ਰਹੇਗੀ ਅਤੇ ਇਸ ਦੌਰਾਨ ਕੋਈ ਵੀ ਕਰਮਚਾਰੀ ਡਿਊਟੀ ’ਤੇ ਨਹੀਂ ਪਰਤੇਗਾ।

## ਆਨਲਾਈਨ ਗੇਮਿੰਗ ਦਾ ਖ਼ੌਫ਼ਨਾਕ ਚਿਹਰਾ: ਪਬਜੀ ਵਾਲੇ ਦੋਸਤ ਨੇ ਕੁੜੀ ਨੂੰ ਜਾਲ ’ਚ ਫਸਾਇਆ ਤੇ ਫਿਰ...

ਲੁਧਿਆਣਾ 9 ਜੂਨ। ਆਨਲਾਈਨ ਗੇਮਿੰਗ ਐਪ ’ਤੇ ਦੋਸਤੀ ਦਾ ਝਾਂਸਾ ਦੇ ਕੇ ਇੱਕ ਕੁੜੀ ਨੂੰ ਆਪਣੇ ਜਾਲ ’ਚ ਫਸਾਉਣ, ਉਸ ਦੀਆਂ ਅਸ਼ਲੀਲ ਤਸਵੀਰਾਂ ਖਿੱਚ ਕੇ ਬਲੈਕਮੇਲ ਕਰਨ ਅਤੇ ਫਿਰ ਵਿਚਕਾਰ ਸੜਕ ’ਤੇ ਗੱਡੀ ’ਚ ਬੰਧਕ ਬਣਾ ਕੇ ਲੁੱਟ-ਖੋਹ ਕਰਨ ਦਾ ਇੱਕ ਬੇਹੱਦ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਪੀੜਤ ਕੁੜੀ ਦੀ ਸ਼ਿਕਾਇਤ ’ਤੇ ਥਾਣਾ ਹੈਬੋਵਾਲ ਦੀ ਪੁਲਸ ਨੇ ਜਲੰਧਰ ਦੇ ਇੱਕ ਸ਼ਾਤਰ ਨੌਜਵਾਨ ਤਰਨ ਕੁਮਾਰ ਖ਼?ਲਾਫ਼ ਸੰਗੀਨ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ ਅਤੇ ਪੁਲਸ ਵੱਲੋਂ ਮੁਲਜ਼ਮ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਗਈ ਹੈ। ਪੀੜਤ ਕੁੜੀ ਨੇ ਪੁਲਸ ਨੂੰ ਦਿੱਤੇ ਬਿਆਨਾਂ ’ਚ ਦੱਸਿਆ ਕਿ ਕੁੱਝ ਸਮਾਂ ਪਹਿਲਾਂ ਆਨਲਾਈਨ ਗੇਮ ਪਬਜੀ ਖੇਡਣ ਦੌਰਾਨ ਉਸ ਦੀ ਜਾਣ-ਪਛਾਣ ਤਰਨ ਕੁਮਾਰ ਨਾਲ ਹੋਈ ਸੀ, ਜੋ ਜਲੰਧਰ ਦੇ ਪਿੰਡ ਗਿੱਲ ਖਾਂਬੜਾ ਦਾ ਰਹਿਣ ਵਾਲਾ ਹੈ। ਹੌਲੀ-ਹੌਲੀ ਦੋਵਾਂ ਦੀ ਜਾਣ-ਪਛਾਣ ਡੂੰਘੀ ਦੋਸਤੀ ’ਚ ਬਦਲ ਗਈ ਅਤੇ ਮੁਲਜ਼ਮ ਅਕਸਰ ਉਸ ਨੂੰ ਮਿਲਣ ਲੁਧਿਆਣਾ ਆਉਣ ਲੱਗ ਪਿਆ। ਪੀੜਤਾ ਦਾ ਦੋਸ਼ ਹੈ ਕਿ ਮੁਲਜ਼ਮ ਉਸ ਨੂੰ ਬਹਿਲਾ-ਫੁਸਲਾ ਕੇ ਆਪਣੀ ਗੱਡੀ ’ਚ ਬਿਠਾ ਲੈਂਦਾ ਸੀ ਅਤੇ ਇਸੇ ਦੌਰਾਨ ਉਸ ਨੇ ਧੋਖੇ ਨਾਲ ਕੁੜੀ ਦੀਆਂ ਕੁੱਝ ਇਤਰਾਜ਼ਯੋਗ ਤਸਵੀਰਾਂ ਆਪਣੇ ਮੋਬਾਇਲ ਵਿੱਚ ਕੈਦ ਕਰ ਲਈਆਂ। ਇਸ ਤੋਂ ਇਲਾਵਾ ਉਸ ਨੇ ਪੀੜਤਾ ਦੀ ਫੇਸਬੁੱਕ ਆਈ. ਡੀ. ਤੋਂ ਵੀ ਕੁੱਝ ਤਸਵੀਰਾਂ ਚੋਰੀ-ਛਿਪੇ ਡਾਊਨਲੋਡ ਕਰ ਲਈਆਂ। ਮੁਲਜ਼ਮ ਨੇ ਪੀੜਤਾ ਨੂੰ ਡਰਾਉਣਾ-ਧਮਕਾਉਣਾ ਸ਼ੁਰੂ ਕਰ ਦਿੱਤਾ ਕਿ ਉਹ ਇਨ੍ਹਾਂ ਤਸਵੀਰਾਂ ਨੂੰ ਐਡਿਟ ਕਰਕੇ ਇੰਟਰਨੈੱਟ ’ਤੇ ਅਸ਼ਲੀਲ ਰੂਪ ’ਚ ਵਾਇਰਲ ਕਰ ਦੇਵੇਗਾ। ਬਦਨਾਮੀ ਦੇ ਡਰੋਂ ਪੀੜਤਾ ਸਭ ਕੁੱਝ ਚੁੱਪਚਾਪ ਸਹਿੰਦੀ ਰਹੀ। ਮੁਲਜ਼ਮ ਨੇ ਬਲੈਕਮੇਲਿੰਗ ਦੇ ਇਰਾਦੇ ਨਾਲ ਕੁੜੀ ਨੂੰ ਹੈਬੋਵਾਲ ਦੇ ਚੂਹੜਪੁਰ ਰੋਡ ’ਤੇ ਮਿਲਣ ਲਈ ਮਜਬੂਰ ਕੀਤਾ। ਜਦੋਂ ਪੀੜਤਾ ਉੱਥੇ ਪਹੁੰਚੀ ਤਾਂ ਮੁਲਜ਼ਮ ਨੇ ਉਸ ਨੂੰ ਜ਼ਬਰਦਸਤੀ ਗੱਡੀ ਦੇ ਅੰਦਰ ਖਿੱਚ ਲਿਆ ਅਤੇ ਉਸ ਨਾਲ ਛੇੜਛਾੜ ਕੀਤੀ। ਜਦੋਂ ਕੁੜੀ ਨੇ ਇਸ ਦਾ ਸਖ਼ਤ ਵਿਰੋਧ ਕੀਤਾ ਤਾਂ ਮੁਲਜ਼ਮ ਨੇ ਉਸ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ ਅਤੇ ਉਸ ਦੇ ਹੱਥ ’ਚ ਪਾਇਆ ਸੋਨੇ ਦਾ ਕੀਮਤੀ ਬ੍ਰੇਸਲੇਟ ਅਤੇ ਮੋਬਾਇਲ ਫ਼ੋਨ ਖੋਹ ਕੇ ਮੌਕੇ ਤੋਂ ਫ਼ਰਾਰ ਹੋ ਗਿਆ। ਇਸ ਮਾਮਲੇ ’ਚ ਥਾਣਾ ਹੈਬੋਵਾਲ ਦੀ ਇੰਸਪੈਕਟਰ ਕੁਲਵੰਤ ਕੌਰ ਨੇ ਤੁਰੰਤ ਕਾਰਵਾਈ ਕਰਦੇ ਹੋਏ ਮੁਲਜ਼ਮ ਤਰਨ ਕੁਮਾਰ ਖ਼?ਲਾਫ਼ ਗੰਭੀਰ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ। ਪੁਲਸ ਮੁਤਾਬਕ ਮੁਲਜ਼ਮ ਨੂੰ ਦਬੋਚਣ ਲਈ ਜਲੰਧਰ ਅਤੇ ਆਸ-ਪਾਸ ਦੇ ਇਲਾਕਿਆਂ ’ਚ ਵਿਸ਼ੇਸ਼ ਟੀਮਾਂ ਰਵਾਨਾ ਕਰ ਦਿੱਤੀਆਂ ਗਈਆਂ ਹਨ ਅਤੇ ਜਲਦੀ ਹੀ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## ਸ਼ੇਅਰ ਬਾਜ਼ਾਰ ’ਚ ਹਾਹਾਕਾਰ: ਲਗਾਤਾਰ ਚੌਥੇ ਦਿਨ ਡਿੱਗਿਆ ਬਾਜ਼ਾਰ, ਸੈਂਸੈਕਸ 508 ਅੰਕ ਟੁੱਟਿਆ

ਬਿਜ਼ਨੈੱਸ ਡੈਸਕ 9 ਜੂਨ। ਭਾਰਤੀ ਸ਼ੇਅਰ ਬਾਜ਼ਾਰ ਵਿੱਚ ਗਿਰਾਵਟ ਦਾ ਦੌਰ ਜਾਰੀ ਹੈ। 1 ਜੂਨ 2026 ਨੂੰ ਲਗਾਤਾਰ ਚੌਥੇ ਕਾਰੋਬਾਰੀ ਸੈਸ਼ਨ ਵਿੱਚ ਬਾਜ਼ਾਰ ਲਾਲ ਨਿਸ਼ਾਨ ’ਤੇ ਬੰਦ ਹੋਇਆ। ਹਾਲਾਂਕਿ ਅੱਜ ਸਵੇਰੇ ਬਾਜ਼ਾਰ ਤੇਜ਼ੀ ਨਾਲ ਖੁੱਲ੍ਹਿਆ ਸੀ, ਪਰ ਦੁਪਹਿਰ ਤੋਂ ਬਾਅਦ ਆਈ ਭਾਰੀ ਬਿਕਵਾਲੀ ਨੇ ਸਾਰੀ ਤੇਜ਼ੀ ਨੂੰ ਖਤਮ ਕਰ ਦਿੱਤਾ। ਬੀ.ਐੱਸ.ਈ. ਸੈਂਸੈਕਸ 508.40 ਅੰਕ (0.68%) ਦੀ ਗਿਰਾਵਟ ਨਾਲ 74,267.34 ’ਤੇ ਬੰਦ ਹੋਇਆ। ਇਸੇ ਤਰ੍ਹਾਂ ਐੱਨ.ਐੱਸ.ਈ. ਦਾ ਨਿਫਟੀ50 ਵੀ 165.15 ਅੰਕ (0.7%) ਟੁੱਟ ਕੇ 23,382.60 ਦੇ ਪੱਧਰ ’ਤੇ ਆ ਗਿਆ। ਕਾਰੋਬਾਰ ਦੇ ਸ਼ੁਰੂਆਤੀ ਘੰਟਿਆਂ ਵਿੱਚ ਸੈਂਸੈਕਸ 400 ਅੰਕਾਂ ਤੋਂ ਵੱਧ ਚੜ੍ਹ ਕੇ 75,203.02 ’ਤੇ ਪਹੁੰਚ ਗਿਆ ਸੀ, ਪਰ ਬਾਅਦ ਵਿੱਚ ਨਿਵੇਸ਼ਕਾਂ ਦੀ ਬਿਕਵਾਲੀ ਨੇ ਬਾਜ਼ਾਰ ਨੂੰ ਹੇਠਾਂ ਲਿਆ ਦਿੱਤਾ। ਵਿਦੇਸ਼ੀ ਸੰਸਥਾਗਤ ਨਿਵੇਸ਼ਕਾਂ (699) ਵੱਲੋਂ ਲਗਾਤਾਰ ਕੀਤੀ ਜਾ ਰਹੀ ਬਿਕਵਾਲੀ ਨੇ ਬਾਜ਼ਾਰ ’ਤੇ ਦਬਾਅ ਬਣਾਇਆ ਹੋਇਆ ਹੈ। ਪੱਛਮੀ ਏਸ਼ੀਆ ਵਿੱਚ ਵਧਦੀ ਚਿੰਤਾ ਅਤੇ ਈਰਾਨ ਯੁੱਧ (ਜੋ ਤਿੰਨ ਮਹੀਨਿਆਂ ਤੋਂ ਵੱਧ ਸਮੇਂ ਤੋਂ ਜਾਰੀ ਹੈ) ਕਾਰਨ ਬਾਜ਼ਾਰ ਦਾ ਮਾਹੌਲ ਕਮਜ਼ੋਰ ਬਣਿਆ ਹੋਇਆ ਹੈ। ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਉਛਾਲ ਆਇਆ ਹੈ। ਬ੍ਰੈਂਟ ਕਰੂਡ 2 ਫੀਸਦੀ ਤੋਂ ਵੱਧ ਦੀ ਤੇਜ਼ੀ ਨਾਲ 93.18 ਡਾਲਰ ਪ੍ਰਤੀ ਬੈਰਲ ’ਤੇ ਪਹੁੰਚ ਗਿਆ ਹੈ। ਡਾਲਰ ਦੇ ਮੁਕਾਬਲੇ ਭਾਰਤੀ ਰੁਪਿਆ ਅੱਜ ਸਥਿਰ ਰਿਹਾ ਅਤੇ 94.97 ਦੇ ਪੱਧਰ ’ਤੇ ਖੁੱਲ੍ਹਿਆ, ਜਦੋਂ ਕਿ ਪਿਛਲੇ ਸੈਸ਼ਨ ਵਿੱਚ ਇਹ 95 ’ਤੇ ਬੰਦ ਹੋਇਆ ਸੀ। ਨਿਵੇਸ਼ਕਾਂ ਲਈ ਆਉਣ ਵਾਲੇ ਦਿਨ ਚੁਣੌਤੀਪੂਰਨ ਹੋ ਸਕਦੇ ਹਨ ਕਿਉਂਕਿ ਗਲੋਬਲ ਸਥਿਤੀਆਂ ਅਤੇ ਵਿਦੇਸ਼ੀ ਨਿਵੇਸ਼ਕਾਂ ਦਾ ਰੁਖ ਅਜੇ ਵੀ ਅਸਥਿਰ ਬਣਿਆ ਹੋਇਆ ਹੈ।

## ਪੰਜਾਬ ’ਚ ਮਹਾਰਾਜਾ ਰਣਜੀਤ ਸਿੰਘ ਵਰਗਾ ਰਾਜ ਲਿਆਵੇਗੀ ਭਾਜਪਾ: ਤਰੁਣ ਚੁੱਘ

ਕੌਮੀ ਪਤ੍ਰਿਕਾ

ਚੰਡੀਗੜ੍ਹ 9 ਜੂਨ। ਅੱਜ ਪੰਜਾਬ ਭਾਜਪਾ ਦੇ ਨਵ-ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਵੱਲੋਂ ਅਹੁਦਾ ਸੰਭਾਲਿਆ ਗਿਆ। ਇਸ ਮੌਕੇ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਸਭ ਤੋਂ ਪਹਿਲਾਂ ਸਾਬਕਾ ਪ੍ਰਧਾਨ ਸੁਨੀਲ ਜਾਖੜ ਅਤੇ ਕਾਰਜਕਾਰੀ ਪ੍ਰਧਾਨ ਰਹੇ ਅਸ਼ਵਨੀ ਸ਼ਰਮਾ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸੁਨੀਲ ਜਾਖੜ ਦਾ ਸਮਾਂ ਪੰਜਾਬ ਵਿਚ ਭਾਜਪਾ ਲਈ ਇਕ ਨਵੀਂ ਪੁਲਾਂਘ ਵਾਲਾ ਰਿਹਾ, ਜਿਨ੍ਹਾਂ ਨੇ ਬੜੀ ਬਾਖੂਬੀ ਪਾਰਟੀ ਦੀ ਗੱਲ ਲੋਕਾਂ ਦੇ ਦਿਲਾਂ ਤਕ ਪਹੁੰਚਾਈ ਤੇ ਮੀਡੀਆ ਅਤੇ ਸੋਸ਼ਲ ਮੀਡੀਆ ਵਿਚ ਪਾਰਟੀ ਦੀ ਮੌਜੂਦਗੀ ਪ੍ਰਮੁਖਤਾ ਨਾਲ ਦਰਜ ਕਰਵਾਈ। ਇਸ ਦੇ ਨਾਲ ਹੀ ਉਨ੍ਹਾਂ ਨੇ ਨਵ-ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪਾਰਟੀ ਨੇ ਉਨ੍ਹਾਂ ਨੂੰ ਆਪਣਾ ਜਰਨੈਲ ਚੁਣ ਲਿਆ ਹੈ ਤੇ ਉਨ੍ਹਾਂ ਦੀ ਅਗਵਾਈ ਵਿਚ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਪੁੱਠੀ ਗਿਣਤੀ ਸ਼ੁਰੂ ਹੋ ਗਈ ਹੈ। ਉਨ੍ਹਾਂ ਕਿਹਾ ਕਿ



ਆਮ ਆਦਮੀ ਪਾਰਟੀ ਨੇ ਸਿਹਤ ਤੇ ਸਿੱਖਿਆ ਕ੍ਰਾਂਤੀ ਦੇ ਨਾਂ ’ਤੇ ਪੰਜਾਬੀਆਂ ਨਾਲ ਧੋਖਾ ਕੀਤਾ ਅਤੇ ਪੰਜਾਬ ਨੂੰ ਲੁੱਟ ਲਿਆ। ਅੱਜ ਭਾਜਪਾ ਚੰਡੀਗੜ੍ਹ ਤੋਂ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਵਿਚ ਇਸ ਸਰਕਾਰ ਦੇ ਜਾਣ ਦਾ ਬਿਗੁਲ ਵਜਾ ਰਹੀ ਹੈ। ਤਰੁਣ ਚੁੱਘ ਨੇ ਪੰਜਾਬ ਵਿਚ ਹੋਏ ਗ੍ਰਨੇਡ ਹਮਲਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਜੇ ਅੱਜ ਪੰਜਾਬ ਵਿਚ ਪੁਲਸ ਹੀ ਸੁਰੱਖਿਅਤ ਨਹੀਂ ਤਾਂ ਆਮ ਨਾਗਰਿਕ ਕਿੱਥੇ ਸੁਰੱਖਿਅਤ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅੱਜ ਡਰ ਦੇ ਮਾਹੌਲ ਵਿਚ ਹੈ, ਭਾਰਤੀ ਜਨਤਾ ਪਾਰਟੀ ਇਸ ਡਰ ਦੇ ਮਾਹੌਲ ਨੂੰ ਖ਼ਤਮ ਕਰੇਗੀ। ਚੁੱਘ ਨੇ ਕਿਹਾ ਕਿ ਪੰਜਾਬ ਵਿਚ ’ਯੁੱਧ ਨਸ਼ਿਆਂ ਵਿਰੁੱਧ’ 2 ਵਾਰ ਫ਼ੇਲ੍ਹ ਹੋਇਆ ਹੈ। ਉਨ੍ਹਾਂ ਕਿਹਾ ਕਿ ਕੇਵਲ ਢਿੱਲੋਂ ਦੀ ਲੀਡਰਸ਼ਿਪ ਵਿਚ ਪੂਰੀ ਪਾਰਟੀ ਇਕ ਆਵਾਜ਼ ਵਿਚ ਕਹਿ ਰਹੀ ਹੈ ਕਿ ਅਸੀਂ ਪੰਜਾਬ ਨੂੰ ਨਸ਼ਾ ਮੁਕਤ ਕਰਾਂਗੇ। ਨਸ਼ਾ ਵੇਚਣ ਵਾਲੇ ਤੇ ਨਸ਼ਾ ਲਿਆਉਣ ਵਾਲੇ ਦੋਵੇਂ ਬਖਸ਼ੇ ਨਹੀਂ ਜਾਣਗੇ। ਅੱਜ ਆਮ ਲੋਕਾਂ ਦੀ ਆਵਾਜ਼ ਹੈ ਕਿ ਭਾਰਤੀ ਜਨਤਾ ਪਾਰਟੀ ਹੀ ਪੰਜਾਬ ਨੂੰ ਅੱਗੇ ਲੈ ਕੇ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਵਿਚ ਮਹਾਰਾਜਾ ਰਣਜੀਤ ਸਿੰਘ ਵਰਗਾ ਰਾਜ ਸਥਾਪਤ ਕਰੇਗੀ।

# ਫਗਵਾੜਾ ਦੇ ਪਿੰਡ ਨਰੂੜ ਵਿਖੇ ਸ਼ਾਰਟ ਸਰਕਟ ਕਾਰਨ ਲੱਗੀ ਭਿਆਨਕ ਅੱਗ

ਕੌਮੀ ਪਤ੍ਰਿਕਾ

ਫਗਵਾੜਾ 9 ਜੂਨ। ਫਗਵਾੜਾ ਦੇ ਪਿੰਡ ਨਰੂੜ ਵਿਖੇ ਇੱਕ ਹਵੇਲੀ ਦੇ ਕਮਰੇ ਵਿੱਚ ਅਚਾਨਕ ਭਿਆਨਕ ਅੱਗ ਲੱਗਣ ਕਾਰਨ ਇਲਾਕੇ ਵਿੱਚ ਹਫੜਾ-ਦਫੜੀ ਮਚ ਗਈ। ਇਹ ਹਾਦਸਾ ਬਿਜਲੀ ਦੇ ਸ਼ਾਰਟ ਸਰਕਟ ਕਾਰਨ ਵਾਪਰਿਆ, ਜਿਸ ਵਿੱਚ ਕਮਰੇ ਦੇ ਅੰਦਰ ਰੱਖੀ ਕਰੀਬ 5 ਟਰਾਲੀਆਂ ਤੂੜੀ (ਪਸ਼ੂਆਂ ਦਾ ਚਾਰਾ) ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਈ। ਖੁਸ਼ਕਿਸਮਤੀ ਇਹ ਰਹੀ ਕਿ ਇਸ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ, ਪਰ ਪੀੜਤ ਪਰਿਵਾਰ ਨੂੰ ਹਜ਼ਾਰਾਂ ਰੁਪਏ ਦਾ ਆਰਥਿਕ ਨੁਕਸਾਨ ਝੱਲਣਾ ਪਿਆ ਹੈ। ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਸਥਾਨਕ ਪਿੰਡ ਵਾਸੀਆਂ ਅਤੇ ਪੀੜਤ ਪਰਿਵਾਰ ਨੇ ਆਪਣੇ ਪੱਧਰ ’ਤੇ ਅੱਗ ਬੁਝਾਉਣ ਦੀਆਂ ਕੋਸ਼ਿਸ਼ਾਂ ਸ਼ੁਰੂ ਕੀਤੀਆਂ, ਪਰ ਸੁੱਕੇ ਚਾਰੇ ਵਿੱਚ ਲੱਗੀ ਅੱਗ ਨੇ ਦੇਖਦਿਆਂ ਹੀ ਦੇਖਦਿਆਂ ਵਿਕਰਾਲ ਰੂਪ ਧਾਰਨ ਕਰ ਲਿਆ, ਜਿਸ ਤੋਂ ਬਾਅਦ ਘਟਨਾ ਦੀ ਸੂਚਨਾ ਤੁਰੰਤ ਫਾਇਰ ਬ੍ਰਿਗੇਡ ਵਿਭਾਗ ਨੂੰ ਦਿੱਤੀ ਗਈ। ਜਾਣਕਾਰੀ ਅਨੁਸਾਰ ਇਹ ਘਟਨਾ ਤੜਕਸਾਰ ਕਰੀਬ ਸਾਢੇ ਤਿੰਨ ਤੋਂ ਚਾਰ ਵਜੇ ਦੇ ਵਿਚਕਾਰ ਦੀ ਹੈ। ਪੀੜਤ ਪਰਿਵਾਰ ਦੇ ਮੈਂਬਰ ਜਸਬੀਰ ਸਿੰਘ ਸਾਬੂ ਨੇ ਦੱਸਿਆ ਕਿ ਉਨ੍ਹਾਂ ਦੇ ਚਾਚਾ ਜੋਰਾਵਰ ਸਿੰਘ (ਜੋਰਾ ਸੋਢੀ) ਦੀ ਹਵੇਲੀ ਵਿੱਚ ਬਣੇ ਇੱਕ ਕਮਰੇ ਦੇ ਅੰਦਰ ਪਸ਼ੂਆਂ ਦੇ ਚਾਰੇ ਵਜੋਂ ਵਰਤੀ ਜਾਣ ਵਾਲੀ ਤੂੜੀ ਦਾ ਭਾਰੀ ਸਟਾਕ ਰੱਖਿਆ ਹੋਇਆ ਸੀ। ਸਵੇਰ ਦੇ ਸਮੇਂ ਅਚਾਨਕ ਕਮਰੇ ਦੇ ਅੰਦਰੋਂ ਭਾਰੀ ਧੂੰਆਂ ਨਿਕਲਦਾ ਦਿਖਾਈ ਦਿੱਤਾ। ਜਦੋਂ ਉਨ੍ਹਾਂ ਨੇ ਨੇੜੇ ਜਾ ਕੇ ਦੇਖਿਆ ਤਾਂ ਅੰਦਰ ਭਿਆਨਕ ਅੱਗ ਭੜਕ ਚੁੱਕੀ ਸੀ। ਜਸਬੀਰ ਸਿੰਘ ਮੁਤਾਬਕ ਕਮਰੇ ਦੇ ਅੰਦਰੋਂ ਲੰਘ ਰਹੀਆਂ ਬਿਜਲੀ ਦੀਆਂ ਤਾਰਾਂ ਵਿੱਚ ਸ਼ਾਰਟ ਸਰਕਟ ਹੋਣ ਕਾਰਨ ਇਹ ਹਾਦਸਾ ਵਾਪਰਿਆ। ਅੱਗ ਇੰਨੀ ਤੇਜ਼ੀ ਨਾਲ ਫੈਲੀ ਕਿ ਕਮਰੇ ਦੀ ਲੱਕੜ ਦੀਆਂ



ਕੜੀਆਂ ਅਤੇ ਬਾਲਿਆਂ ਵਾਲੀ ਛੱਤ ਵੀ ਸੜ ਕੇ ਹੇਠਾਂ ਡਿੱਗ ਗਈ। ਪੀੜਤ ਪਰਿਵਾਰ ਨੇ ਦੱਸਿਆ ਕਿ ਇਸ ਅਗਨਕਾਂਡ ਕਾਰਨ ਉਨ੍ਹਾਂ ਦਾ ਕਰੀਬ 14 ਤੋਂ 15 ਹਜ਼ਾਰ ਰੁਪਏ ਦਾ ਨੁਕਸਾਨ ਹੋਇਆ ਹੈ ਕਿਉਂਕਿ ਪੂਰੀ ਤੂੜੀ ਸੜ ਕੇ ਸੁਆਹ ਦੇ ਢੇਰ ਵਿੱਚ ਤਬਦੀਲ ਹੋ ਗਈ ਹੈ। ਹਾਦਸੇ ਦੀ ਸੂਚਨਾ ਮਿਲਣ ਤੋਂ ਬਾਅਦ ਫਗਵਾੜਾ ਫਾਇਰ ਸਟੇਸ਼ਨ ਤੋਂ ਦਮਕਲ ਵਿਭਾਗ ਦੀ ਟੀਮ ਤੁਰੰਤ ਮੌਕੇ ਲਈ ਰਵਾਨਾ ਹੋਈ। ਫਾਇਰ ਬ੍ਰਿਗੇਡ ਦੇ ਕਰਮਚਾਰੀ ਨੇ ਦੱਸਿਆ ਕਿ ਉਨ੍ਹਾਂ ਨੂੰ ਸਵੇਰੇ ਲਗਭਗ 4:00 ਵਜੇ ਪਿੰਡ ਨਰੂੜ ਵਿਖੇ ਅੱਗ ਲੱਗਣ ਦੀ ਸੂਚਨਾ ਮਿਲੀ ਸੀ, ਜਿਸ ਤੋਂ ਬਾਅਦ ਉਹ ਤੁਰੰਤ ਫਾਇਰ ਬ੍ਰਿਗੇਡ ਗੱਡੀ ਲੈ ਕੇ ਘਟਨਾ ਸਥਾਨ ’ਤੇ ਪਹੁੰਚੇ। ਦਮਕਲ ਕਰਮਚਾਰੀਆਂ ਨੂੰ ਮੌਕੇ ”ਤੇ ਪਹੁੰਚਣ ਤੋਂ ਬਾਅਦ ਇੱਕ ਵੱਡੀ ਚੁਣੌਤੀ ਦਾ ਸਾਹਮਣਾ ਕਰਨਾ ਪਿਆ ਕਿਉਂਕਿ ਹਵੇਲੀ ਵੱਲ ਜਾਣ ਵਾਲਾ ਰਸਤਾ ਕਾਫ਼ੀ ਤੰਗ ਸੀ ਅਤੇ ਫਾਇਰ ਬ੍ਰਿਗੇਡ ਦੀ ਵੱਡੀ ਗੱਡੀ ਸਿੱਧੀ ਅੰਦਰ ਨਹੀਂ ਜਾ ਸਕਦੀ ਸੀ। ਸਥਿਤੀ ਨੂੰ ਭਾਪਦਿਆਂ ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੇ ਸੂਝ-ਬੂਝ ਦਿਖਾਈ ਅਤੇ ਗੱਡੀ ਤੋਂ ਕਾਫ਼ੀ ਲੰਬਾ ਪਾਈਪ ਵਿਛਾ ਕੇ ਪਾਣੀ ਦੀਆਂ ਬੌਛਾਰਾਂ ਸ਼ੁਰੂ ਕੀਤੀਆਂ। ਦਮਕਲ ਕਰਮਚਾਰੀਆਂ ਨੇ ਕੜੀ ਮਸ਼ੱਕਤ ਤੋਂ ਬਾਅਦ ਅੱਗ ’ਤੇ ਪੂਰੀ ਤਰ੍ਹਾਂ ਕਾਬੂ ਪਾਇਆ ਅਤੇ ਉਸ ਨੂੰ ਆਸ-ਪਾਸ ਦੇ ਹੋਰ ਘਰਾਂ ਜਾਂ ਹਵੇਲੀ ਦੇ ਬਾਕੀ ਹਿੱਸਿਆਂ ਵਿੱਚ ਫੈਲਣ ਤੋਂ ਰੋਕਿਆ। ਸਥਾਨਕ ਪਿੰਡ ਵਾਸੀਆਂ ਨੇ ਫਾਇਰ ਬ੍ਰਿਗੇਡ ਦੀ ਟੀਮ ਦੀ ਮੁਸਤੈਦੀ ਦੀ ਸ਼ਲਾਘਾ ਕੀਤੀ ਹੈ, ਜਿਨ੍ਹਾਂ ਨੇ ਸਮਾਂ ਰਹਿੰਦੇ ਮੌਕੇ ’ਤੇ ਪਹੁੰਚ ਕੇ ਸਥਿਤੀ ਨੂੰ ਸੰਭਾਲ ਲਿਆ, ਨਹੀਂ ਤਾਂ ਸੁੱਕੀ ਤੂੜੀ ਕਾਰਨ ਅੱਗ ਹੋਰ ਵੀ ਭਿਆਨਕ ਰੂਪ ਲੈ ਸਕਦੀ ਸੀ, ਜਿਸ ਨਾਲ ਆਸ-ਪਾਸ ਦੀਆਂ ਜਾਇਦਾਦਾਂ ਨੂੰ ਵੀ ਭਾਰੀ ਨੁਕਸਾਨ ਪਹੁੰਚ ਸਕਦਾ ਸੀ।

## ਪੰਜਾਬ ਅੱਜ ਭਾਜਪਾ ਵੱਲ ਟਿਕਟਿਕੀ ਲਗਾ ਕੇ ਦੇਖ ਰਿਹਾ ਹੈ : ਅਸ਼ਵਨੀ ਸ਼ਰਮਾ

ਚੰਡੀਗੜ੍ਹ 9 ਜੂਨ। ਪੰਜਾਬ ਭਾਜਪਾ ਦੇ ਨਵੇਂ ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਵਲੋਂ ਅੱਜ ਆਪਣਾ ਅਹੁਦਾ ਸੰਭਾਲ ਲਿਆ ਗਿਆ। ਇਸ ਮੌਕੇ ਪਾਰਟੀ ਦੀ ਪੰਜਾਬ ਲੀਡਰਸ਼ਿਪ ਸਣੇ ਹੋਰ ਵੀ ਸੀਨੀਅਰ ਆਗੂ ਮੌਜੂਦ ਰਹੇ ਹਨ। ਇਸ ਮੌਕੇ ਸੰਬੋਧਨ ਕਰਦਿਆਂ ਸੀਨੀਅਰ ਭਾਜਪਾ ਆਗੂ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਮੈਨੂੰ ਸਭ ਤੋਂ ਲੰਬੇ ਸਮੇਂ ਤੱਕ ਬਤੌਰ ਪੰਜਾਬ ਭਾਜਪਾ ਪ੍ਰਧਾਨ ਪਾਰਟੀ ਦੀ ਸੇਵਾ ਕਰਨਾ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਆਮ ਜਨਤਾ ਦੇ ਸਹਿਯੋਗ ਤੋਂ ਬਿਨਾ ਕੋਈ ਵੀ ਮਕਸਦ ਹਾਸਲ ਨਹੀਂ ਕੀਤਾ ਜਾ ਸਕਦਾ ਅਤੇ ਇਹ ਸਿਆਸਤ ਦਾ ਮਾਪਦੰਡ ਹੈ। ਉਨ੍ਹਾਂ ਕਿਹਾ ਕਿ ਪੰਜਾਬ ’ਚ ਇਸ ਸਮੇਂ ਬੜਾ ਚੁਣੌਤੀ ਪੂਰਨ ਸਮਾਂ ਚੱਲ ਰਿਹਾ ਹੈ ਅਤੇ ਪੰਜਾਬ ਭਾਜਪਾ ਨੂੰ ਆਸ ਦੀ ਨਜ਼ਰ ਨਾਲ ਦੇਖ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅੱਜ ਭਾਜਪਾ ਵੱਲ ਟਿਕਟਿਕੀ ਲਗਾ ਕੇ ਦੇਖ ਰਿਹਾ ਹੈ। ਅਸੀਂ ਪੰਜਾਬ ਨੂੰ ਨਸ਼ੇ, ਭ੍ਰਿਸ਼ਟਾਚਾਰ ਅਤੇ ਬੇਰੁਜ਼ਗਾਰੀ ਤੋਂ ਮੁਕਤ ਕਰਨਾ ਹੈ। ਆਪਣੇ ਵਾਅਦੇ ਨਾ ਪੂਰੇ ਕਰਨ ਵਾਲੀ ਸਰਕਾਰ ਦਾ ਪੰਜਾਬ



ਹੁਣ ਬਦਲ ਚਾਹੁੰਦਾ ਹੈ।ਅਸ਼ਵਨੀ ਸ਼ਰਮਾ ਨੇ ਕਿਹਾ ਕਿ ਸਾਡੀ ਪਾਰਟੀ ਅੰਦਰ ਵੱਡੇ-ਛੋਟੇ ਦਾ ਨਹੀਂ, ਸਗੋਂ ਸਾਡੀ ਪਾਰਟੀ ਹੱਥ ’ਚ ਹੱਥ ਪਾ ਕੇ ਅੱਗੇ ਵੱਧਦੀ ਹੈ। ਉਨ੍ਹਾਂ ਨੇ ਕਿਹਾ ਕਿ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਜੋ ਵੀ ਮੇਰੀ ਡਿਊਟੀ ਲਾਈ ਜਾਵੇਗੀ, ਉਸ ਨੂੰ ਮੈਂ ਤਨਦੇਹੀ ਨਾਲ ਨਿਭਾਵਾਂਗਾ।

# ਲੁਧਿਆਣਾ ਐਕਸਾਇਜ਼ ਵਿਭਾਗ ਫ਼ਿਰ ਸਵਾਲਾਂ ਦੇ ਘੇਰੇ ’ਚ ! ਮੈਰਿਜ ਪੈਲੇਸ ਸ਼ਰਾਬ ਸਿੰਡੀਕੇਟ ’ਚ ਕਰੋੜਾਂ ਦੇ ਘਪਲੇ ਦਾ ਸ਼ੱਕ

ਕੌਮੀ ਪਤ੍ਰਿਕਾ

ਲੁਧਿਆਣਾ 9 ਜੂਨ। ਮਹਾਨਗਰ ਲੁਧਿਆਣਾ ਵਿਚ ਸ਼ਰਾਬ ਕਾਰੋਬਾਰ ਨੂੰ ਲੈ ਕੇ ਇਕ ਵਾਰ ਫਿਰ ਐਕਸਾਇਜ਼ ਵਿਭਾਗ ਸਵਾਲਾਂ ਦੇ ਘੇਰੇ ਵਿਚ ਆ ਗਿਆ। ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਸ਼ਹਿਰ ਦੇ ਲਾਇਸੈਂਸਧਾਰੀ ਸ਼ਰਾਬ ਠੇਕੇਦਾਰਾਂ ਦੇ ਵਿਚ ਸਾਲਾਂ ਤੋਂ ਇਕ ਕਥਿਤ ਮੈਰਿਜ ਪੈਲੇਸ ਸਿੰਡੀਕੇਟ ਸੰਚਾਲਨ ਚਲਾਇਆ ਜਾ ਰਿਹਾ ਹੈ ਜਿਸ ਦੇ ਤਹਿਤ ਵਿਆਹ ਸ਼ਾਦੀਆਂ, ਪਾਰਟੀਆਂ ਅਤੇ ਹੋਰ ਪ੍ਰੋਗਰਾਮਾਂ ਵਿਚ ਸਪਲਾਈ ਕੀਤੀ ਜਾਣ ਵਾਲੀ ਸ਼ਰਾਬ ਦੇ ਰੇਟ ਆਪਸੀ ਸਹਿਮਤੀ ਨਾਲ ਤੈਅ ਕੀਤੇ ਜਾਂਦੇ ਸਨ। ਦੋਸ਼ ਹੈ ਕਿ ਇਨ੍ਹਾਂ ਪ੍ਰੋਗਰਾਮਾਂ ਦੇ ਲਈ ਵੇਚੀ ਜਾਣ ਵਾਲੀ ਸ਼ਰਾਬ ਦੀਆਂ ਕੀਮਤਾਂ ਆਮ ਠੇਕਿਆਂ ’ਤੇ ਮੁਹੱਈਆ ਸ਼ਰਾਬ ਦੇ ਮੁਕਾਬਲੇ ਅਸਾਧਾਰਣ ਰੂਪ ਨਾਲ ਜ਼ਿਆਦਾ ਰੱਖੀ ਜਾਂਦੀ ਸੀ ਜਿਸ ਨਾਲ ਖਪਤਕਾਰਾਂ ’ਤੇ ਵਾਧੂ ਆਰਥਿਕ ਬੋਝ ਪੈਂਦਾ ਸੀ ਅਤੇ ਕੁਝ ਚੁਣੇ ਹੋਏ ਲੋਕਾਂ ਨੂੰ ਭਾਰੀ ਆਰਥਿਕ ਲਾਭ ਪੁੱਜਦਾ ਸੀ। ਸੂਤਰਾਂ ਦਾ ਦਾਅਵਾ ਹੈ ਕਿ ਇਹ ਸਿੰਡੀਕੇਟ ਕੇਵਲ ਠੇਕੇਦਾਰਾਂ ਦੀ ਆਪਸੀ ਸਹਿਮਤੀ ਤੱਕ ਸੀਮਤ ਨਹੀਂ ਸੀ , ਸਗੋਂ ਇਸ ਨੂੰ ਕੁਝ ਐਕਸਾਇਜ਼ ਅਧਿਕਾਰੀਆਂ ਦੀ ਕਥਿਤ ਸਹਿਮਤੀ ਅਤੇ ਸਰਪ੍ਰਸਤੀ ਵੀ ਪ੍ਰਾਪਤ ਸੀ। ਹੁਣ ਇਸ ਪੂਰੇ ਮਾਮਲੇ ਵਿਚ ਭ੍ਰਿਸ਼ਟਾਚਾਰ ਦਾ ਇਕ ਨਵਾਂ ਪਹਿਲੂ ਸਾਹਮਣੇ ਆਉਣ ਦੀ ਚਰਚਾ ਹੈ ਜਿਸ ਨੇ ਵਿਭਾਗ ਦੀ ਕਾਰਜਪ੍ਰਣਾਲੀ ’ਤੇ ਗੰਭੀਰ ਸਵਾਲੀਆ ਨਿਸ਼ਾਨ ਖੜ੍ਹੇ ਕਰ ਦਿੱਤੇ ਹਨ। ਜਾਣਕਾਰੀ ਦੇ ਮੁਤਾਬਕ ਸਿੰਡੀਕੇਟ ਵਿਚ ਸ਼ਾਮਲ ਇਕ ਲਾਇਸੈਂਸਧਾਰੀ ਸ਼ਰਾਬ ਠੇਕੇਦਾਰ ਨੂੰ ਹੋਰਨਾਂ ਠੇਕੇਦਾਰਾਂ ਦੇ ਮੁਕਾਬਲੇ ਲਗਭਗ 1.5 ਫੀਸਦੀ ਜ਼ਿਆਦਾ ਹਿੱਸੇਦਾਰੀ ਦਿਵਾਈ ਗਈ ਸੀ। ਦੋਸ਼ ਹੈ ਕਿ ਇਹ ਵਾਧੂ ਹਿੱਸਾ ਇਕ ਪ੍ਰਭਾਵਸ਼ਾਲੀ ਐਕਸਾਇਜ਼ ਅਧਿਕਾਰੀ ਵੈਸਟ ਦੇ ਦਖ਼ਲ ਤੋਂ ਬਾਅਦ ਤੈਅ ਕੀਤਾ ਗਿਆ ਸੀ। ਇਸ ਦੌਰਾਨ ਹੋਰਨਾਂ ਠੇਕੇਦਾਰਾਂ ਦੇ ਹਿੱਸੇ ਵਿਚ ਕਮੀ ਆਈ ਅਤੇ ਉਨ੍ਹਾਂ ਨੂੰ ਆਰਥਿਕ ਨੁਕਸਾਨ ਸਹਿਣਾ ਪਿਆ। ਸੂਤਰਾਂ ਦੇ ਮੁਤਾਬਕ ਸਬੰਧਤ ਅਧਿਕਾਰੀ ਲਗਾਤਾਰ ਹੋਰਨਾਂ ਠੇਕੇਦਾਰਾਂ ’ਤੇ ਦਬਾਅ ਬਣਾਉਂਦਾ ਰਿਹਾ ਤਾਂਕਿ ਉਕਤ ਵਿਵਸਥਾ ’ਤੇ ਕੋਈ ਸਵਾਲ ਨਾ ਉੱਠ ਜਾਣ। ਚਰਚਾ ਇਹ ਵੀ ਹੈ ਕਿ ਵਾਧੂ 1.5 ਫੀਸਦੀ ਹਿੱਸੇਦਾਰੀ ਦੇ ਪਿੱਛੇ ਕੇਵਲ ਕਾਰੋਬਾਰੀ ਹਿੱਤ ਨਹੀਂ, ਸਗੋਂ ਕਥਿਤ ਕਮਿਸ਼ਨਖੋਰੀ ਦੀ ਖੇਡ ਵੀ ਲੁਕੀ ਹੋਈ ਸੀ। ਦੋਸ਼ ਲਗਾਏ ਜਾ ਰਹੇ ਹਨ ਕਿ ਇਸ ਵਾਧੂ ਹਿੱਸੇਦਾਰੀ ਵਿਚ ਸਬੰਧਤ ਅਧਿਕਾਰੀ ਦਾ ਵੀ ਹਿੱਸਾ ਤੈਅ ਸੀ, ਜਿਸ ਕਾਰਨ ਪੂਰੇ ਮਾਮਲੇ ਨੂੰ ਵਿਭਾਗੀ ਸਰਪ੍ਰਸਤੀ ਮਿਲਦੀ ਰਹੀ। ਸ਼ਰਾਬ ਕਾਰੋਬਾਰ ਨਾਲ ਜੁੜੇ ਜਾਣਕਾਰਾਂ ਦਾ ਕਹਿਣਾ ਹੈ ਕਿ ਮੈਰਿਜ ਪੈਲੇਸਾਂ ਵਿਚ ਸ਼ਰਾਬ ਵੇਚਣ ਦਾ ਕਾਰੋਬਾਰ ਕਰੋੜਾਂ ਰੁਪਏ ਦਾ ਹੈ। ਅਜਿਹੇ ਵਿਚ ਸਿਰਫ 1.5 ਫੀਸਦੀ ਵਾਧੂ ਹਿੱਸੇਦਾਰੀ ਵੀ ਕਰੋੜਾਂ ਰੁਪਏ ਦੀ ਰਾਸ਼ੀ ਬਣ ਸਕਦੀ ਹੈ। ਇਸੇ ਕਾਰਨ ਹੁਣ ਮੰਗ ਉੱਠ ਰਹੀ ਹੈ ਕਿ ਇਹ ਪਤਾ ਲਗਾਇਆ ਜਾਵੇ ਕਿ ਇਹ ਵਾਧੂ ਲਾਭ ਅਸਲ ਵਿਚ ਕਿਸ ਨੂੰ ਮਿਲਿਆ ਅਤੇ ਇਸ ਦੇ ਪਿੱਛੇ ਕਿਨ੍ਹਾਂ ਲੋਕਾਂ ਦੀ ਭੂਮਿਕਾ ਰਹੀ। ਸ਼ਹਿਰ ਵਿਚ ਨਾਜਾਇਜ਼ ਸ਼ਰਾਬ ਵੇਚਣ ਸਬੰਧੀ ਵੀ ਲਗਾਤਾਰ ਚਰਚਾਵਾਂ ਚੱਲ ਰਹੀਆਂ ਹਨ। ਦੋਸ਼ ਹੈ ਕਿ ਅੱਜ ਵੀ ਕਈ ਥਾਵਾਂ ’ਤੇ ਕਥਿਤ ਰੂਪ ਨਾਲ ਨਾਜਾਇਜ਼ ਸਬ ਵੈਂਡਸ ਚਲਾਏ ਜਾ ਰਹੇ ਹਨ ਅਤੇ ਇਨ੍ਹਾਂ ਨੂੰ ਵਿਭਾਗੀ ਸਰਪ੍ਰਸਤੀ ਪ੍ਰਾਪਤ ਹੈ। ਜੇਕਰ ਇਹ ਦੋਸ਼ ਸਹੀ ਪਾਏ ਜਾਂਦੇ ਹਨ ਤਾਂ ਇਹ ਕੇਵਲ ਰੈਵੇਨਿਊ ਨੁਕਸਾਨ ਦਾ ਮਾਮਲਾ ਨਹੀਂ, ਸਗੋਂ ਆਬਕਾਰੀ ਕਾਨੂੰਨਾਂ ਦੀ ਖੁੱਲੀ ਉਲੰਘਣਾ ਵੀ ਮੰਨਿਆ ਜਾਵੇਗਾ। ਸਥਾਨਕ ਵਪਾਰਕ ਅਤੇ ਸਮਾਜਿਕ ਜਥੇਬੰਦੀਆਂ ਦਾ ਕਹਿਣਾ ਹੈ ਕਿ ਜੇਕਰ ਲਾਇਸੈਂਸ ਸ਼ਰਤਾਂ ਦੇ ਉਲਟ ਨਾਜਾਇਜ਼ ਵਿਕਰੀ ਕੇਂਦਰ ਚਲਾਏ ਜਾ ਰਹੇ ਹਨ ਤਾਂ ਉਨ੍ਹਾਂ ਦੇ ਵਿਰੁੱਧ ਤਤਕਾਲ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਅਤੇ ਇਹ ਵੀ ਜਾਂਚ ਹੋਣੀ ਚਾਹੀਦੀ ਹੈ ਕਿ ਸਬੰਧਤ ਖੇਤਰਾਂ ਦੇ ਜ਼ਿੰਮੇਵਾਰ ਅਧਿਕਾਰੀਆਂ ਨੇ ਹੁਣ ਤੱਕ ਕੀ ਕਾਰਵਾਈ ਕੀਤੀ। ਸੂਤਰਾਂ ਦੇ ਮੁਤਾਬਕ ਸ਼ਹਿਰ ਵਿਚ ਇਹ ਚਰਚਾ ਵੀ ਜ਼ੋਰਾਂ ’ਤੇ ਹੈ ਕਿ ਕੁਝ ਭ੍ਰਿਸ਼ਟ ਅਧਿਕਾਰੀਆਂ ਵੱਲੋਂ ਕਥਿਤ ਰੂਪ ਨਾਲ ਰਿਸ਼ਵਤ ਦੇ ਮਾਧਿਅਮ ਨਾਲ ਵੱਡੀ ਰਕਮ ਇਕੱਠੀ ਕੀਤੀ ਜਾ ਰਹੀ ਹੈ। ਦੋਸ਼ ਲਾਉਣ ਵਾਲਿਆਂ ਦਾ ਕਹਿਣਾ ਹੈ ਕਿ ਸ਼ਰਾਬ ਕਾਰੋਬਾਰ ਨਾਲ ਜੁੜੇ ਵੱਖ ਵੱਖ ਕੰਮਾਂ, ਨਿਰੀਖਣ ਅਤੇ ਪ੍ਰਸ਼ਾਸਨਿਕ ਪ੍ਰਕਿਰਿਆਵਾਂ ਵਿਚ ਕਥਿਤ ਨਾਜਾਇਜ਼ ਵਸੂਲੀ ਦਾ ਇੱਕੋ ਜਿਹਾ ਤੰਤਰ ਵਿਕਸਿਤ ਹੋ ਚੁੱਕਾ ਹੈ। ਹਾਲਾਂਕਿ ਇਨ੍ਹਾਂ ਦੋਸ਼ਾਂ ਦੀ ਅਜੇ ਤੱਕ ਕਿਸੇ ਸਵਤੰਤਰ ਏਜੰਸੀ ਵੱਲੋਂ ਪੁਸ਼ਟੀ ਨਹੀਂ ਹੋਈ ਹੈ ਪਰ ਲਗਾਤਾਰ ਸਾਹਮਣੇ ਆ ਰਹੀਆਂ ਸ਼ਿਕਾਇਤਾਂ ਨੇ ਵਿਭਾਗ ਦੀ ਕਾਰਜਪ੍ਰਣਾਲੀ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਜਾਣਕਾਰੀ ਦੇ ਮੁਤਾਬਕ ਸਬੰਧਤ ਐਕਸਾਇਜ਼ ਅਧਿਕਾਰੀ ਦੇ ਖਿਲਾਫ ਵਿਸਥਾਰ ਨਾਲ ਸ਼ਿਕਾਇਤ ਤਿਆਰ



ਕੀਤੀ ਜਾ ਰਹੀ ਹੈ ਜਿਸ ਨੂੰ ਵਿਭਾਗ ਦੇ ਸੀਨੀਅਰ ਅਧਿਕਾਰੀਆਂ, ਆਬਕਾਰੀ ਕਮਿਸ਼ਨਰ ਅਤੇ ਹੋਰ ਸਮਰੱਥ ਪ੍ਰਾਧੀਕਾਰੀਆਂ ਨੂੰ ਭੇਜਿਆ ਜਾਵੇਗਾ। ਇਸ ਦੇ ਨਾਲ ਹੀ ਪੂਰੇ ਮਾਮਲੇ ਦੀ ਵਿਜੀਲੈਂਸ ਜਾਂਚ ਕਰਵਾਉਣ ਦੀ ਮੰਗ ਵੀ ਚੁੱਕੀ ਜਾ ਰਹੀ ਹੈ ਤਾਂਕਿ ਮੁਲਜ਼ਮਾਂ ਦੀ ਨਿਰਪੱਖ ਜਾਂਚ ਹੋ ਸਕੇ। ਸ਼ਿਕਾਇਤਕਰਤਾਵਾਂ ਦਾ ਕਹਿਣਾ ਹੈ ਕਿ ਸਬੰਧਤ ਅਧਿਕਾਰੀ ਦੀ ਲੁਧਿਆਣਾ ਵਿਚ ਤਾਇਨਾਤੀ ਦੌਰਾਨ ਇਕੱਠੀਆਂ ਕੀਤੀਆਂ ਗਈਆਂ ਚੱਲ-ਅਚੱਲ ਜਾਇਦਾਦਾਂ, ਨਿਵੇਸ਼ਾਂ ਅਤੇ ਆਰਥਿਕ ਲੈਣ ਦੇਣ ਦੀ ਵੀ ਵਿਸਥਾਰ ਨਾਲ ਜਾਂਚ ਹੋਣੀ ਚਾਹੀਦੀ ਹੈ। ਦੋਸ਼ ਹੈ ਕਿ ਅਧਿਕਾਰੀ ਨੇ ਆਪਣੇ ਕਾਰਜਕਾਲ ਦੌਰਾਨ ਰਿਅਲ ਅਸਟੇਟ ਖੇਤਰ ਵਿਚ ਵੱਡੇ ਪੱਧਰ ‘ਤੇ ਨਿਵੇਸ਼ ਕੀਤਾ ਹੈ ਜਿਸ ਦੀ ਵਿੱਤੀ ਜਾਂਚ ਜ਼ਰੂਰੀ ਹੈ। ਸ਼ਰਾਬ ਕਾਰੋਬਾਰ ਨਾਲ ਜੁੜੇ ਕਥਿਤ ਸਿੰਡੀਕੇਟ, ਵਾਧੂ ਹਿੱਸੇਦਾਰੀ ਦੇ ਵਿਵਾਦ, ਨਾਜਾਇਜ਼ ਸਬ-ਵੈਂਡਸ ਦੇ ਸੰਚਾਲਨ ਅਤੇ ਅਧਿਕਾਰੀਆਂ ’ਤੇ ਲੱਗੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਨੇ ਪੂਰੇ ਮਾਮਲੇ ਨੂੰ ਗੰਭੀਰ ਬਣਾ ਦਿੱਤਾ ਹੈ। ਹੁਣ ਸਾਰਿਆਂ ਦੀਆਂ ਨਜ਼ਰਾਂ ਇਸ ਗੱਲ ’ਤੇ ਟਿਕੀਆਂ ਹੋਈਆਂ ਹਨ ਕਿ ਕੀ ਵਿਭਾਗ ਅਤੇ ਸਰਕਾਰ ਇਨ੍ਹਾਂ ਦੋਸ਼ਾਂ ਦੀ ਨਿਰਪੱਖ ਅਤੇ ਉੱਚ ਪੱਧਰੀ ਜਾਂਚ ਕਰਵਾ ਕੇ ਸੱਚ ਜਨਤਾ ਦੇ ਸਾਹਮਣੇ ਲਿਆਉਣਗੇ ਜਾਂ ਨਹੀਂ। ਜੇਕਰ ਦੋਸ਼ ਸਹੀ ਸਾਬਤ ਹੁੰਦੇ ਹਨ ਤਾਂ ਇਹ ਮਾਮਲਾ ਕੇਵਲ ਵਿਭਾਗੀ ਭ੍ਰਿਸ਼ਟਾਚਾਰ ਤੱਕ ਸੀਮਤ ਨਹੀਂ ਰਹੇਗਾ, ਸਗੋਂ ਇਸ ਨਾਲ ਸਰਕਾਰੀ ਰੈਵੇਨਿਊ, ਪ੍ਰਸ਼ਾਸਨਿਕ ਪਾਰਦਰਸ਼ਤਾ ਅਤੇ ਆਬਕਾਰੀ ਵਿਵਸਥਾ ਦੀ ਭਰੋਸੇਯੋਗਤਾ ’ਤੇ ਵੀ ਵੱਡਾ ਪ੍ਰਭਾਵ ਪੈ ਸਕਦਾ ਹੈ। ਹਾਲ ਦੀ ਘੜੀ ਇਨ੍ਹਾਂ ਦੋਸ਼ਾਂ ‘ਤੇ ਐਕਸਾਇਜ਼ ਵਿਭਾਗ ਜਾਂ ਸਬੰਧਤ ਅਧਿਕਾਰੀਆਂ ਵੱਲੋਂ ਕੋਈ ਅਧਿਕਾਰਤ ਪ੍ਰਤੀਕਿਰਿਆ ਸਾਹਮਣੇ ਨਹੀਂ ਆਈ ਹੈ। ਜੇਕਰ ਵਿਭਾਗ ਵੱਲੋਂ ਕੋਈ ਪੱਖ ਜਾਂ ਸਪੱਸ਼ਟੀਕਰਨ ਆਉਂਦਾ ਹੈ ਤਾਂ ਉਸ ਨੂੰ ਵੀ ਪ੍ਰਮੁੱਖਤਾ ਨਾਲ ਪ੍ਰਕਾਸ਼ਿਤ ਕੀਤਾ ਜਾਵੇਗਾ।